ਭਾਈ ਪ੍ਰਿਤਪਾਲ ਸਿੰਘ ਲਾਂਡਾ ਯੂ.ਕੇ.
ਬਾਬਾ ਸਾਧੂ ਸਿੰਘ ਕੈਨੇਡਾ, ਮੁੱਖ ਸੇਵਾਦਾਰ (ਦਮਦਮੀ ਟਕਸਾਲ) ਸ੍ਰੀ ਦਮਦਮਾ ਸਾਹਿਬ
ਭਾਈ ਦਲਵਾਰਾ ਸਿੰਘ ਬਰਿਆੜ, ਕੈਨੇਡਾ
ਸਿੰਘ ਸਾਹਿਬ ਗਿਆਨੀ ਜਸਵੀਰ ਸਿੰਘ ਜੀ ਖਾਲਸਾ
ਸਾਬਕਾ ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ
ਭਾਈ ਬਲਬੀਰ ਸਿੰਘ ਸੋਹਲ ਯੂ.ਕੇ.
ਸ. ਅਜੀਤ ਸਿੰਘ ਬਰਾੜ ਕੈਨੇਡਾ
ਜਤਿੰਦਰ ਸਿੰਘ ਬਾਜਵਾ ਡਰਬੀ
ਪਰਮਜੀਤ ਸਿੰਘ ਥਿਆਰਾ ਨੌਟੀਗਮ
ਕਰਨੈਲ ਸਿੰਘ ਅਠਵਾਲ ਨੌਟੀਗਮ
ਹਕੀਕਤ ਸਿੰਘ ਨੌਟੀਗਮ
ਬੇਨਤੀ ਕਰਤਾ : ਬਾਬਾ ਜੀ ਦਾ ਸਮੂਹ ਪਰਿਵਾਰ, ਦਮਦਮੀ ਟਕਸਾਲ, ਨਗਰ ਪੰਚਾਇਤਾਂ ਅਤੇ ਇਲਾਕਾ ਨਿਵਾਸੀ।
ਸੰਪਰਕ : 98140-29018, 97815-52538, 98140-13915
ਗੁਰੂ ਕਾ ਲੰਗਰ ਅਤੁੱਟ ਵਰਤੇਗਾ।


ਸੰਤ ਭਿੰਡਰਾਂਵਾਲਿਆਂ ਦਾ
ਜਨਮ ਦਿਨ ਸਮਾਗਮ
2 ਜੂਨ ਨੂੰ ਪਿੰਡ ਰੋਡੇ ਪਹੁੰਚੋ
ਸਮਾਗਮ ਸਵੇਰੇ 10 ਵਜੇ ਤੋਂ ਸ਼ਾਮ 3 ਵਜੇ ਤੱਕ ਹੋਵੇਗਾ
ਸਭ ਸੰਗਤਾਂ ਨੂੰ ਸਮੇਂ ਸਿਰ ਪਹੁੰਚਣ ਦੀ ਸਨਿਮਰ ਬੇਨਤੀ ਹੈ ਜੀ
ਵਿਦੇਸ਼ ਨਿਵਾਸੀ ਸਿੱਖਾਂ ਵੱਲੋਂ ਅਪੀਲ
ਭਾਈ ਅਵਤਾਰ ਸਿੰਘ ਕੁੰਨਰ ਸਾਬਕਾ ਪ੍ਰਧਾਨ ISYF ਕੈਨੇਡਾ
ਭਾਈ ਪਰਮਿੰਦਰ ਸਿੰਘ ਬੱਲ ਪ੍ਰਧਾਨ ਸਿੱਖ ਫੈਡਰੇਸ਼ਨ ਯੂ.ਕੇ.
ਸਿੱਖ ਵਿਦਵਾਨ ਭਾਈ ਬਲਿਹਾਰ ਸਿੰਘ ਰੰਧਾਵਾ
ਭਾਈ ਜਤਿੰਦਰ ਸਿੰਘ ਬਾਸੀ ਪ੍ਰਧਾਨ ਗੁਰਦੁਆਰਾ ਸਮੈਥਿਕ ਯੂ.ਕੇ.
ਭਾਈ ਕੁਲਦੀਪ ਸਿੰਘ ਦਿਓਲ ਸਮੈਥਿਕ ਯੂ.ਕੇ.
ਭਾਈ ਪਰਮਜੀਤ ਸਿੰਘ ਯੂ.ਕੇ. ਬਿਆਸ ਪਿੰਡ ਵਾਲੇ
ਭਾਈ ਮੋਹਨ ਸਿੰਘ ਯੂ.ਕੇ.
ਸਿੰਘ ਸਾਹਿਬ ਗਿਆਨੀ ਜਸਵੀਰ ਸਿੰਘ ਜੀ ਖਾਲਸਾ
ਸਾਬਕਾ ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ
ਸਰਪ੍ਰਸਤ ਇੰਟਰਨੈਸ਼ਨਲ ਪੰਥਕ ਦਲ
ਭਾਈ ਰੇਸ਼ਮ ਸਿੰਘ ਯੂ.ਕੇ.
ਭਾਈ ਲੈਂਬਰ ਸਿੰਘ ਯੂ.ਕੇ. ਫਤਹਿਪੁਰ ਵਾਲੇ
ਗਿਆਨੀ ਭਾਈ ਸੰਦੀਪ ਸਿੰਘ ਯੂ.ਐਸ.ਏ.
ਭਾਈ ਗੁਰਜਾਪ ਸਿੰਘ ਰੋਡੇ ਕੈਨੇਡਾ
ਭਾਈ ਇੰਦਰਜੀਤ ਸਿੰਘ ਭਿੰਡਰ ਕਲਾਂ, ਯੂ.ਏ.ਈ.
ਭਾਈ ਜਸਵਿੰਦਰ ਸਿੰਘ ਕਿੱਲੀ ਚਾਹਲ
ਭਾਈ ਕੇਹਰ ਸਿੰਘ ਇੰਗਲੈਂਡ
ਬੇਨਤੀ ਕਰਤਾ : ਬਾਬਾ ਜੀ ਦਾ ਸਮੂਹ ਪਰਿਵਾਰ, ਦਮਦਮੀ ਟਕਸਾਲ, ਨਗਰ ਪੰਚਾਇਤਾਂ ਅਤੇ ਇਲਾਕਾ ਨਿਵਾਸੀ।
ਸੰਪਰਕ : 98140-29018, 97815-52538, 98140-13915
ਗੁਰੂ ਕਾ ਲੰਗਰ ਅਤੁੱਟ ਵਰਤੇਗਾ।


ਸੰਤ ਭਿੰਡਰਾਂਵਾਲਿਆਂ ਦਾ
ਜਨਮ ਦਿਨ ਸਮਾਗਮ
2 ਜੂਨ ਨੂੰ ਪਿੰਡ ਰੋਡੇ ਪਹੁੰਚੋ
ਸਮਾਗਮ ਸਵੇਰੇ 10 ਵਜੇ ਤੋਂ ਸ਼ਾਮ 3 ਵਜੇ ਤੱਕ ਹੋਵੇਗਾ
ਸਭ ਸੰਗਤਾਂ ਨੂੰ ਸਮੇਂ ਸਿਰ ਪਹੁੰਚਣ ਦੀ ਸਨਿਮਰ ਬੇਨਤੀ ਹੈ ਜੀ
ਦਮਦਮੀ ਟਕਸਾਲ ਜਥਾ ਯੂ.ਕੇ. ਅਤੇ ਸਿੱਖ 2 ਇੰਸਪਾਇਰ ਸੇਵਾਦਾਰਾਂ ਵੱਲੋਂ ਅਪੀਲ
ਭਾਈ ਭਰਵਿੰਦਰ ਸਿੰਘ ਬੌਵੀ, ਯੂ.ਕੇ.
ਗਿਆਨੀ ਸੋਹਣ ਸਿੰਘ ਜੀ ਯੂ.ਕੇ.
ਗਿਆਨੀ ਸੁਖਰਾਜ ਸਿੰਘ ਜੀ ਯੂ.ਕੇ.
ਭਾਈ ਸੁਖਬੀਰ ਸਿੰਘ ਜੀ ਯੂ.ਕੇ.
ਗਿਆਨੀ ਗੁਰਜਿੰਦਰ ਸਿੰਘ ਯੂ.ਕੇ.
ਭਾਈ ਹਰੀ ਸਿੰਘ ਜੀ ਯੂ.ਕੇ.
ਭਾਈ ਹਰਜਿੰਦਰ ਸਿੰਘ ਖੇਲਾ, ਯੂ.ਕੇ.
ਸਿੰਘ ਸਾਹਿਬ ਗਿਆਨੀ ਜਸਵੀਰ ਸਿੰਘ ਜੀ ਖਾਲਸਾ
ਸਾਬਕਾ ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ
ਭਾਈ ਅਮਨਬੀਰ ਸਿੰਘ ਗਰਚਾ ਯੂ.ਕੇ.
ਭਾਈ ਗੁਰਪਾਲ ਸਿੰਘ ਯੂ.ਕੇ.
ਭਾਈ ਗੁਲਵਿੰਦਰ ਸਿੰਘ ਰਿੰਕੀ ਯੂ.ਕੇ.
ਭਾਈ ਹੈਰੀ ਸਿੰਘ ਯੂ.ਕੇ.
ਭਾਈ ਕਸ਼ਮੀਰ ਸਿੰਘ ਯੂ.ਕੇ.
ਰਾਗੀ ਜਥਾ ਭਾਈ ਸੁਖਜਿੰਦਰ ਸਿੰਘ ਜੀ ਯੂ.ਕੇ.
ਬੇਨਤੀ ਕਰਤਾ : ਬਾਬਾ ਜੀ ਦਾ ਸਮੂਹ ਪਰਿਵਾਰ, ਦਮਦਮੀ ਟਕਸਾਲ, ਨਗਰ ਪੰਚਾਇਤਾਂ ਅਤੇ ਇਲਾਕਾ ਨਿਵਾਸੀ।
ਸੰਪਰਕ : 98140-29018, 97815-52538, 98140-13915
ਗੁਰੂ ਕਾ ਲੰਗਰ ਅਤੁੱਟ ਵਰਤੇਗਾ।


ਸੰਤ ਭਿੰਡਰਾਂਵਾਲਿਆਂ ਦਾ
ਜਨਮ ਦਿਨ ਸਮਾਗਮ
2 ਜੂਨ ਨੂੰ ਪਿੰਡ ਰੋਡੇ ਪਹੁੰਚੋ
ਸਮਾਂ 10 ਵਜੇ ਤੋਂ ਸ਼ਾਮ 3 ਵਜੇ ਤੱਕ
ਸਭ ਸੰਗਤਾਂ ਨੂੰ ਸਮੇਂ ਸਿਰ ਪਹੁੰਚਣ ਦੀ ਸਨਿਮਰ ਬੇਨਤੀ ਹੈ ਜੀ
ਪੰਥਕ ਸਖਸ਼ੀਅਤਾਂ ਅਤੇ ਦਮਦਮੀ ਟਕਸਾਲ ਦੇ ਵਿਦਿਆਰਥੀਆਂ ਵੱਲੋਂ ਅਪੀਲ
ਭਾਈ ਮੁਖਤਿਆਰ ਸਿੰਘ ਬੈਂਸ ਯੂ.ਕੇ.
ਭਾਈ ਰਘਬੀਰ ਸਿੰਘ ਮਾਲੜੀ ਯੂ.ਕੇ.
ਗਿਆਨੀ ਗੁਰਵਿੰਦਰ ਸਿੰਘ ਦਮਦਮੀ ਟਕਸਾਲ
ਗਿਆਨੀ ਕਰਨਬੀਰ ਸਿੰਘ ਦਮਦਮੀ ਟਕਸਾਲ
ਗਿਆਨੀ ਜੈਮਲ ਸਿੰਘ ਦਮਦਮੀ ਟਕਸਾਲ
ਗਿਆਨੀ ਹਰਜੋਤ ਸਿੰਘ ਦਮਦਮੀ ਟਕਸਾਲ
ਭਾਈ ਗੁਰਪ੍ਰੀਤ ਸਿੰਘ ਦਮਦਮੀ ਟਕਸਾਲ
ਸਿੰਘ ਸਾਹਿਬ ਗਿਆਨੀ ਜਸਵੀਰ ਸਿੰਘ ਜੀ ਖਾਲਸਾ
ਸਾਬਕਾ ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ
ਭਾਈ ਪਲਵਿੰਦਰ ਸਿੰਘ ਯੂ.ਕੇ.
ਭਾਈ ਜਰਨੈਲ ਸਿੰਘ ਯੂ.ਕੇ.
ਭਾਈ ਹਰਲਿਵ ਸਿੰਘ ਦਮਦਮੀ ਟਕਸਾਲ ਅਮਰੀਕਾ
ਭਾਈ ਕੁਲਬੀਰ ਸਿੰਘ ਯੂ.ਕੇ.
ਭਾਈ ਲਖਬੀਰ ਸਿੰਘ ਕੈਨੇਡਾ
ਗਿਆਨੀ ਹੀਰਾ ਸਿੰਘ ਦਮਦਮੀ ਟਕਸਾਲ
ਗਿਆਨੀ ਕੰਵਰ ਸਿੰਘ ਦਮਦਮੀ ਟਕਸਾਲ
ਬੇਨਤੀ ਕਰਤਾ : ਬਾਬਾ ਜੀ ਦਾ ਸਮੂਹ ਪਰਿਵਾਰ, ਦਮਦਮੀ ਟਕਸਾਲ, ਨਗਰ ਪੰਚਾਇਤਾਂ ਅਤੇ ਇਲਾਕਾ ਨਿਵਾਸੀ।
ਸੰਪਰਕ : 98140-29018, 97815-52538, 98140-13915
ਗੁਰੂ ਕਾ ਲੰਗਰ ਅਤੁੱਟ ਵਰਤੇਗਾ


੪੧ਵਾਂ
ਸ਼ਹੀਦੀ ਸਮਾਗਮ
6 ਜੂਨ ਨੂੰ
LIVE ON
ਮਹਿਤੇ ਪੁੱਜੋ
ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂਵਾਲੇ
ਵੱਲੋਂ: ਫੀਲਡ ਪੱਤਰਕਾਰ ਐਸੋਸੀਏਸ਼ਨ, ਬਾਬਾ ਬਕਾਲਾ ਸਾਹਿਬ, ਸਰਕਲ ਮਹਿਤਾ।


41 ਵਾਂ
ਸ਼ਹੀਦੀ ਸਮਾਗਮ
6 ਜੂਨ ਨੂੰ ਮਹਿਤੇ ਪੁੱਜੋ
ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂਵਾਲੇ
ਮੁਖੀ ਦਮਦਮੀ ਟਕਸਾਲ ਜਥਾ ਭਿੰਡਰਾਂ ਮਹਿਤਾ
ਪ੍ਰਧਾਨ ਗੁਰਮਤਿ ਸਿਧਾਂਤ ਪ੍ਰਚਾਰਿਕ ਸੰਤ ਸਮਾਜ
ਵੱਲੋਂ: ਬਾਬਾ ਸੁਖਵੰਤ ਸਿੰਘ ਚੰਨਣਕੇ ਅਤੇ ਸ੍ਰ. ਮੇਜਰ ਸਿੰਘ ਸਹੋਤਾ (ਸਾ.ਸਰਪੰਚ)

# ਸੰਤ ਭਿੰਡਰਾਂਵਾਲਿਆਂ ਦਾ ਜਨਮ ਦਿਨ ਸਮਾਗਮ

## 2 ਜੂਨ ਨੂੰ ਪਿੰਡ ਰੋਡੇ ਪਹੁੰਚੋ



**ਸਮਾਂ 10 ਵਜੇ ਤੋਂ ਸ਼ਾਮ 3 ਵਜੇ ਤੱਕ**

**ਸਭ ਸੰਗਤਾਂ ਨੂੰ ਸਮੇਂ ਸਿਰ ਪਹੁੰਚਣ ਦੀ ਸਨਿਮਰ ਬੇਨਤੀ ਹੈ ਜੀ**

ਜਦੋਂ ਵੀ ਪੰਥ ਦੇ ਸਿਰਮੌਰ ਸ਼ਹੀਦ, ਸੁਯੋਗ ਅਗਵਾਈ, ਗੁਰਬਾਣੀ ਦੇ ਅਦਬ ਸਤਿਕਾਰ, ਕੌਮੀ ਹੱਕਾਂ, ਸਿੱਖਾਂ ਦੀ ਆਜ਼ਾਦੀ ਜਾਂ ਖ਼ਾਲਸਾ ਰਾਜ ਦੀ ਗੱਲ ਚੱਲਦੀ ਹੈ ਤਾਂ ਵਿਸ਼ੇਸ਼ ਤੌਰ 'ਤੇ ਹਰ ਸਿੱਖ ਸੰਤ ਬਾਬਾ ਜਰਨੈਲ ਸਿੰਘ ਜੀ ਖ਼ਾਲਸਾ ਭਿੰਡਰਾਂਵਾਲਿਆਂ ਦਾ ਨਾਮ ਲੈ ਕੇ ਸੰਗਤਾਂ ਨੂੰ ਪ੍ਰੇਰਿਤ ਕਰਦਾ ਹੈ, ਉਨ੍ਹਾਂ ਮਹਾਨ ਮਹਾਂਪੁਰਖਾਂ ਦੇ ਜਨਮ ਅਸਥਾਨ ਗੁਰਦੁਆਰਾ ਸੰਤ ਖ਼ਾਲਸਾ ਰੋਡੇ ਵਿਖੇ ਹਰ ਸਾਲ ਦੀ ਤਰ੍ਹਾਂ ਬਹੁਤ ਉਤਸ਼ਾਹ ਸਹਿਤ 2 ਜੂਨ 2025 ਨੂੰ ਸੰਤ ਭਿੰਡਰਾਂਵਾਲਿਆਂ ਦੇ ਜਨਮ ਦਿਨ ਦੇ ਸਬੰਧ ਵਿੱਚ ਬਹੁਤ ਵੱਡੇ ਪੱਧਰ ਤੇ ਗੁਰਮਤਿ ਸਮਾਗਮ ਹਰ ਸਾਲ ਦੀ ਤਰ੍ਹਾਂ ਕਰਵਾਏ ਜਾ ਰਹੇ ਹਨ, ਸੋ ਵੱਡੇ ਪ੍ਰਬੰਧ ਕਰਨ ਲਈ ਆਪ ਸੰਗਤਾਂ ਦੇ ਸਹਿਯੋਗ ਦੀ ਬਹੁਤ ਲੋੜ ਹੈ, ਆਪ ਜੀ ਥੋੜ੍ਹੇ ਵਿਚੋਂ ਥੋੜ੍ਹਾ ਅਤੇ ਬਹੁਤੇ ਵਿਚੋਂ ਬਹੁਤਾ ਸਹਿਯੋਗ ਤਿਲ ਫੁੱਲ ਮਾਇਆ ਸਹਿਤ ਕਰਨ ਦੀ ਕ੍ਰਿਪਾਲਤਾ ਕਰਨੀ ਜੀ, ਵਾਹਿਗੁਰੂ ਜੀ ਸਭ ਨੂੰ ਚੜ੍ਹਦੀਕਲਾ ਵਿੱਚ ਰੱਖਣ, ਸਿੱਧੀ ਸੇਵਾ ਭੇਜਣ ਲਈ ਗੁਰਦੁਆਰਾ ਸੰਤ ਖ਼ਾਲਸਾ (ਜਨਮ ਅਸਥਾਨ, ਸੰਤ ਭਿੰਡਰਾਂਵਾਲੇ) ਪਿੰਡ ਰੋਡੇ ਦਾ ਬੈਂਕ ਖ਼ਾਤਾ ਨੰਬਰ ਹੈ :

**PUNJAB NATIONAL BANK BAGHA PURANA**
**DISTRICT MOGA PUNJAB, INDIA-142038**
**A/C - 1747102100000016 GURDWARA SANT KHALSA**
**JANAM ASTHAN SANT GIANI JARNAIL SINGH JI**
**IFSC:PUNB0063710, SWIFTPUNBINBBLIA**

**ਸਿਰਫ਼ ਸੰਤਾਂ ਦਾ ਨਾਮ ਹੀ ਨਾ ਵਰਤੀਏ, ਸਗੋਂ ਉਨ੍ਹਾਂ ਦੇ ਜਨਮ ਦਿਨ ਦੇ ਮਹਾਨ ਸਮਾਗਮ ਵਿੱਚ ਸ਼ਾਮਿਲ ਹੋਈਏ, ਮਾਇਆ ਦਾ ਸਹਿਯੋਗ ਦਿੰਦੇ ਹੋਏ ਤਨ, ਮਨ ਕਰਕੇ ਸਮਰਪਿਤ ਹੁੰਦਿਆਂ ਉਨ੍ਹਾਂ ਦਾ ਉਪਦੇਸ਼ ਵੀ ਕਮਾਈਏ**

ਆਵਾਜ਼ਿ ਕੌਮ
AWAZE QAUM
International Newspaper & WEB TV




# ਜਥੇਦਾਰ ਬਲਜੀਤ ਸਿੰਘ ਦਾਦੂਵਾਲ, ਸ. ਭੁਪਿੰਦਰ ਸਿੰਘ ਅਸੰਧ ਅਤੇ ਸ. ਸੁਖਵਿੰਦਰ ਸਿੰਘ ਮੰਡੇਬਰ ਦਰਮਿਆਨ ਵਿਚਾਰ-ਵਟਾਂਦਰਾ





ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਚੇਅਰਮੈਨ ਧਰਮ ਪ੍ਰਚਾਰ, ਸਾਬਕਾ ਪ੍ਰਧਾਨ ਸਰਦਾਰ ਭੁਪਿੰਦਰ ਸਿੰਘ ਅਸੰਧ ਅਤੇ ਸਾਬਕਾ ਜਰਨਲ ਸਕੱਤਰ ਸਰਦਾਰ ਸੁਖਵਿੰਦਰ ਸਿੰਘ ਮੰਡੇਬਰ ਹਰਿਆਣਾ ਕਮੇਟੀ ਦਫਤਰ ਵਿੱਚ ਵਿਚਾਰ ਵਟਾਂਦਰਾ ਕਰਦੇ ਹੋਏ।

ਆਵਾਜ਼ਿ ਕੌਮ
AWAZE QAUM
International Newspaper & WEB TV

ਪਿੰਡ ਜੀਵਨ ਸਿੰਘ ਵਾਲਾ ਦੇ ਲਸਾੜਾ ਡਰੇਨ 'ਚ ਫਿਰ ਹੋਇਆ ਵੱਡਾ ਹਾਦਸਾ

# ਸੀਮਿੰਟ ਦਾ ਭਰਿਆ ਟਰਾਲਾ ਡਿੱਗਿਆ, ਕੰਡਕਟਰ ਦੀ ਮੌਤ







**ਤਲਵੰਡੀ ਸਾਬੋ, 30 ਮਈ (ਗੁਰਜੰਟ ਸਿੰਘ ਨਥੇਹਾ)**- ਬਠਿੰਡਾ-ਤਲਵੰਡੀ ਸਾਬੋ ਰੋਡ 'ਤੇ ਪੈਂਦੇ ਪਿੰਡ ਜੀਵਨ ਸਿੰਘ ਵਾਲਾ ਨਜਦੀਕ ਗੁਜ਼ਰਦਾ ਗੰਦਾ ਨਾਲਾ ਹੁਣ ਖੂਨੀ ਨਾਲੇ ਦਾ ਰੂਪ ਧਾਰਨ ਕਰ ਚੁੱਕਿਆ ਹੈ। ਪ੍ਰਸ਼ਾਸਨ ਦੀ ਅਣਗਹਿਲੀ ਤੇ ਲਾਪਰਵਾਹੀ ਦੇ ਕਾਰਨ ਇੱਥੇ ਹੁਣ ਅੱਜ ਸ਼ੁੱਕਰਵਾਰ ਸਵੇਰ ਸੀਮੈਂਟ ਨਾਲ ਭਰਿਆ ਇੱਕ ਟਰਾਲਾ ਬੇਕਾਬੂ ਹੋ ਕੇ ਇਸਦੇ ਵਿਚ ਡਿੱਗ ਪਿਆ, ਜਿਸਦੇ ਕਾਰਨ ਇਸ ਟਰਾਲੇ ਦੇ ਕੰਡਕਟਰ ਦੀ ਜਾਨ ਚਲੀ ਗਈ ਜਦਕਿ ਡਰਾਈਵਰ ਦੇ ਬਾਰੇ ਕਿਹਾ ਜਾ ਰਿਹਾ ਕਿ ਉਹ ਟਰਾਲਾ ਨਾਲੇ ਵਿਚ ਡਿੱਗਣ ਤੋਂ ਪਹਿਲਾਂ ਹੀ ਛਾਲ ਮਾਰ ਗਿਆ। ਸਵੇਰੇ 6 ਵਜੇ ਵਾਪਰੀ ਇਸ ਘਟਨਾ ਦੇ ਪਿੱਛੇ ਮੁਢਲੇ ਕਾਰਨਾਂ ਮੁਤਾਬਕ ਕੁੱਝ ਮਹੀਨੇ ਪਹਿਲਾਂ ਹੋਏ ਬੱਸ ਹਾਦਸੇ ਤੋਂ ਬਾਅਦ ਇੱਥੇ ਪ੍ਰਸ਼ਾਸਨ ਵੱਲੋਂ ਬਣਾਏ ਉੱਚੇ ਹੰਪ ਦੱਸੇ ਜਾ ਰਹੇ ਹਨ, ਜਿਸਤੋਂ ਇਹ ਤੇਜ ਰਫ਼ਤਾਰ ਟਰਾਲਾ ਬੇਕਾਬੂ ਹੋ ਗਿਆ, ਮਾਮਲੇ ਦੀ ਜਾਂਚ ਜਾਰੀ ਹੈ। ਘਟਨਾ ਦਾ ਪਤਾ ਲੱਗਦੇ ਹੀ ਤਲਵੰਡੀ ਸਾਬੋ ਦੇ ਡੀਐਸਪੀ ਸ਼੍ਰੀ ਰਾਜੇਸ਼ ਸਨੇਹੀ ਅਤੇ ਐਸਐਚਓ ਪਰਬਤ ਸਿੰਘ ਸਹਿਤ ਐਨਡੀਆਰਐਫ਼ ਦੀਆਂ ਟੀਮਾਂ ਤੋਂ ਇਲਾਵਾ ਹੋਰ ਪ੍ਰਸ਼ਾਸਨਿਕ ਮਸ਼ੀਨਰੀ ਮੌਕੇ 'ਤੇ ਪੁੱਜੀ ਤੇ ਕੰਡਕਟਰ ਨੂੰ ਸਿਵਲ ਹਸਪਤਾਲ ਤਲਵੰਡੀ ਸਾਬੋ ਲਿਜਾਇਆ ਗਿਆ, ਜਿਸਦੀ ਪਹਿਚਾਣ ਸਾਗਰ, ਜਿਲ੍ਹਾ ਝੱਜਰ ਹਰਿਆਣਾ ਵਜੋਂ ਹੋਈ ਹੈ। ਦਸਣਾ ਬਣਦਾ ਹੈ ਕਿ ਇੱਥੇ ਇੱਕ ਨਿੱਜੀ ਕੰਪਨੀ ਦੀ ਬੱਸ ਵੀ ਕੁੱਝ ਮਹੀਨੇ ਪਹਿਲਾਂ ਡਿੱਗ ਪਈ ਸੀ, ਜਿਸ ਕਾਰਨ ਡਰਾਈਵਰ ਸਹਿਤ ਅੱਠ ਸਵਾਰੀਆਂ ਦੀ ਮੌਤ ਹੋ ਗਈ ਸੀ ਪਰ ਸਰਕਾਰ, ਪ੍ਰਸ਼ਾਸਨ ਅਜੇ ਵੀ ਕੁੰਭਕਰਨੀ ਨੀਂਦ ਸੌਂ ਰਿਹਾ ਜਾਪਦਾ ਹੈ। ਮੌਕੇ 'ਤੇ ਪਹੁੰਚੇ ਡੀਐਸਪੀ ਤਲਵੰਡੀ ਸਾਬੋ ਸ਼੍ਰੀ ਰਾਜੇਸ਼ ਸਨੇਹੀ ਨੇ ਦੱਸਿਆ ਕਿ ਇਹ ਘਟਨਾ ਸਵੇਰੇ ਲਗਭਗ 6 ਕੁ ਵਜੇ ਦੀ ਹੈ। ਉਹਨਾਂ ਦੱਸਿਆ ਕਿ ਟਰਾਲੇ ਦਾ ਡਰਾਈਵਰ ਛਾਲ ਮਾਰ ਗਿਆ ਪਰ ਕੰਡਕਟਰ ਦੀ ਮੌਤ ਹੋ ਚੁੱਕੀ ਹੈ। ਪਿਛਲੇ ਸਮੇਂ ਵੱਡੀ ਘਟਨਾ ਤੋਂ ਬਾਅਦ ਪੁਲ ਚੌੜਾ ਨਹੀਂ ਹੋਇਆ ਦੇ ਜਵਾਬ ਵਿੱਚ ਉਹਨਾਂ ਕਿਹਾ ਕਿ ਮਾਣਯੋਗ ਐੱਸਐੱਸਪੀ ਬਠਿੰਡਾ ਅਤੇ ਸਾਡੇ ਵਲੋਂ ਸਬੰਧਿਤ ਮਹਿਕਮੇ ਨੂੰ ਲਿਖਤੀ ਤੌਰ 'ਤੇ ਭੇਜ ਦਿੱਤਾ ਸੀ ਤੇ ਚੰਡੀਗੜ੍ਹ ਤੋਂ ਟੀਮ ਵਲੋਂ ਨਿਰੀਖਣ ਕੀਤਾ ਗਿਆ ਹੈ ਪ੍ਰੰਤੂ ਇਸ ਬਾਰੇ ਸਬੰਧਿਤ ਮਹਿਕਮਾ ਹੀ ਦੱਸ ਸਕਦਾ ਹੈ।

# ਸੁਖਬੀਰ ਸਿੰਘ ਬਾਦਲ ਨੇ ਪਟਾਖਾ ਫੈਕਟਰੀ ਧਮਾਕੇ ਦੇ ਜ਼ਖ਼ਮੀਆਂ ਨਾਲ ਕੀਤੀ ਮੁਲਾਕਾਤ, ਮ੍ਰਿਤਕਾਂ ਦੇ ਪਰਿਵਾਰਾਂ ਦੇ ਨਾਲ-ਨਾਲ ਫੱਟੜਾਂ ਲਈ ਮੁਆਵਜ਼ਾ ਮੰਗਿਆ

**ਬਠਿੰਡਾ, 30 ਮਈ (ਗੁਰਜੰਟ ਸਿੰਘ ਨਥੇਹਾ)**- ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸ. ਸੁਖਬੀਰ ਸਿੰਘ ਬਾਦਲ ਨੇ ਅੱਜ ਮੰਗ ਕੀਤੀ ਕਿ ਬੀਤੀ ਰਾਤ ਲੰਬੀ ਹਲਕੇ ਦੇ ਪਿੰਡ ਫਤੂਹੀਵਾਲਾ ਵਿਚ ਪਟਾਖਾ ਫੈਕਟਰੀ 'ਚ ਹੋਏ ਧਮਾਕੇ ਵਿਚ ਮਾਰੇ ਗਏ ਅਤੇ ਫੱਟੜ ਹੋਏ ਲੋਕਾਂ ਨੂੰ ਤੁਰੰਤ ਮੁਆਵਜ਼ਾ ਦਿੱਤਾ ਜਾਵੇ। ਅਕਾਲੀ ਦਲ ਦੇ ਪ੍ਰਧਾਨ, ਜਿਹਨਾਂ ਨੇ ਇਥੇ ਆਲ ਇੰਡੀਆ ਇੰਸਟੀਚਿਊਟ ਆਫ ਮੈਡੀਕਲ ਸਾਇੰਸਿਜ਼ (ਏਮਜ਼) ਵਿਚ ਫੱਟੜਾਂ ਨਾਲ ਮੁਲਾਕਾਤ ਕੀਤੀ ਅਤੇ ਉਹਨਾਂ ਦਾ ਹਾਲ-ਚਾਲ ਜਾਣਿਆ, ਨੇ ਕਿਹਾ ਕਿ ਇਹ ਬਹੁਤ ਹੀ ਮੰਦਭਾਗੀ ਗੱਲ ਹੈ ਕਿ ਜ਼ਿਲ੍ਹਾ ਪ੍ਰਸ਼ਾਸਨ ਨੇ ਫੱਟੜਾਂ ਦੇ ਪਰਿਵਾਰਾਂ ਦੀ ਕੋਈ ਮਦਦ ਨਹੀਂ ਕੀਤੀ। ਉਹਨਾਂ ਕਿਹਾ ਕਿ ਜ਼ਖ਼ਮੀਆਂ ਨੂੰ ਫੈਕਟਰੀ ਮਾਲਕ ਨੇ



ਵੀ ਉਹਨਾਂ ਦੇ ਹਾਲ 'ਤੇ ਛੱਡ ਦਿੱਤਾ ਅਤੇ ਉਹਨਾਂ ਨੂੰ ਤੁਰੰਤ ਵਿੱਤੀ ਮਦਦ ਦੀ ਜ਼ਰੂਰਤ ਹੈ। ਸ. ਬਾਦਲ ਨੇ ਹਾਦਸੇ ਵਿਚ ਜਿਉਂਦੇ ਬਚੇ ਕੁਝ ਵਰਕਰਾਂ ਨਾਲ ਗੱਲਬਾਤ ਕੀਤੀ ਤਾਂ ਉਹਨਾਂ ਨੇ ਦੱਸਿਆ ਕਿ ਪਟਾਖਾ ਫੈਕਟਰੀ ਵਿਚ ਕੋਈ ਵੀ ਸੁਰੱਖਿਆ ਯੰਤਰ ਨਹੀਂ ਲੱਗੇ ਸਨ। ਉਹਨਾਂ ਨੇ ਘਟਨਾ ਦੀ ਡੂੰਘਾਈ ਨਾਲ ਜਾਂਚ ਮੰਗੀ ਅਤੇ ਕਿਹਾ ਕਿ ਉਹਨਾਂ ਦੇ ਖਿਲਾਫ ਵੀ ਕਾਰਵਾਈ ਹੋਣੀ ਚਾਹੀਦੀ ਹੈ ਜਿਹਨਾਂ ਨੇ ਸੁਰੱਖਿਆ ਯੰਤਰ ਲਗਾਏ ਬਗੈਰ ਪਟਾਖਾ ਫੈਕਟਰੀ ਸ਼ੁਰੂ ਕਰਨ ਦੀ ਆਗਿਆ ਦਿੱਤੀ ਗਈ। ਉਹਨਾਂ ਇਹ ਵੀ ਮੰਗ ਕੀਤੀ ਕਿ ਸਾਰੇ 30 ਜ਼ਖ਼ਮੀ ਜੋ ਏਮਜ਼ ਵਿਚ ਜੇਰੇ ਇਲਾਜ ਹਨ, ਦਾ ਇਲਾਜ ਬਿਲਕੁਲ ਮੁਫਤ ਹੋਣਾ ਚਾਹੀਦਾ ਹੈ। ਸ. ਬਾਦਲ ਨੇ ਪਿੰਡ ਬਾਦਲ ਵਿਖੇ ਸਿਵਲ ਹਸਪਤਾਲ ਦਾ ਦੌਰਾ ਵੀ ਕੀਤਾ ਜਿਥੇ ਪੰਜ ਜ਼ਖ਼ਮੀ ਦਾਖਲ ਹਨ ਅਤੇ ਉਹਨਾਂ ਦੇ ਪਰਿਵਾਰਾਂ ਨਾਲ ਮੁਲਾਕਾਤ ਕੀਤੀ ਤੇ ਡਾਕਟਰਾਂ ਤੋਂ ਫੱਟੜਾਂ ਦਾ ਹਾਲ ਚਾਲ ਵੀ ਜਾਣਿਆ।

# ਗੁਰੂ ਅਰਜਨ ਦੇਵ ਜੀ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਅੰਮ੍ਰਿਤ ਵੇਲਾ ਸਮਾਗਮ ਕਰਵਾਇਆ

## ਸਤਿਗੁਰ ਨਿਮਰਤਾ, ਨਿਰਵੈਰਤਾ, ਸ਼ਾਂਤੀ ਅਤੇ ਸਹਿਜਤਾ ਸਾਡੇ ਸਾਰਿਆਂ ਦੀ ਝੋਲੀ ਵਿਚ ਪਾਉਣ- ਭਾਈ ਅਮਨਦੀਪ ਸਿੰਘ



**ਅੰਮ੍ਰਿਤਸਰ, 30 ਮਈ (ਆਵਾਜ਼ਿ ਕੌਮ ਬਿਊਰੋ)**-ਬਾਬਾ ਦੀਪ ਸਿੰਘ ਚੈਰੀਟੇਬਲ ਟਰੱਸਟ ਦੇ ਮੁੱਖੀ ਭਾਈ ਗੁਰਇਕਬਾਲ ਸਿੰਘ ਜੀ ਅਤੇ ਭਾਈ ਅਮਨਦੀਪ ਸਿੰਘ ਜੀ ਵੱਲੋਂ ਪੰਜਵੇਂ ਗੁਰੂ ਅਰਜਨ ਦੇਵ ਜੀ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਵਿਸ਼ੇਸ਼ ਅੰਮ੍ਰਿਤ ਵੇਲਾ ਸਮਾਗਮ ਗੁਰਦੁਆਰਾ ਬੀਬੀ ਕੌਲਾਂ ਜੀ ਕੋਲਸਰ ਸਾਹਿਬ, ਅੰਮ੍ਰਿਤਸਰ ਵਿਖੇ ਕਰਵਾਇਆ ਗਿਆ। ਜਿਸ ਵਿੱਚ ਭਾਈ ਅਮਨਦੀਪ ਸਿੰਘ ਜੀ ਬੀਬੀ ਕੌਲਾਂ ਵਾਲਿਆਂ ਦੇ ਕੀਰਤਨੀ ਜੱਥੇ ਨੇ ਗੁਰੂ ਜਸ ਦੁਆਰਾ ਸੰਗਤਾਂ ਨੂੰ ਨਿਹਾਲ ਕੀਤਾ। ਸਮਾਗਮ ਦੀ ਆਰੰਭਤਾ ਬਾਬਾ ਦੀਪ ਸਿੰਘ ਗੁਰਮਤ ਗਿਆਨ ਸੰਗੀਤ ਅਕੈਡਮੀ ਦੇ ਵਿਦਿਆਰਥੀਆਂ ਨੇ ਸ੍ਰੀ ਜਪੁਜੀ ਸਾਹਿਬ, ਸ਼੍ਰੀ ਚੋਪਈ ਸਾਹਿਬ, ਸ਼੍ਰੀ ਸੁਖਮਨੀ ਸਾਹਿਬ ਜੀ ਦੇ ਪਾਠ ਕਰਕੇ ਕੀਤੀ। ਉਪਰੰਤ ਭਾਈ ਅਮਨਦੀਪ ਸਿੰਘ ਬੀਬੀ ਕੌਲਾਂ ਵਾਲਿਆਂ ਨੇ ਗੁਰੂ ਅਰਜਨ ਦੇਵ ਜੀ ਦਾ ਸ਼ਹੀਦੀ ਪ੍ਰਸੰਗ ਸੁਣਾ ਕੇ ਸੰਗਤਾਂ ਨੂੰ ਨਿਹਾਲ ਕੀਤਾ। ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਭਾਈ ਅਮਨਦੀਪ ਸਿੰਘ ਨੇ ਦੱਸਿਆ ਅੰਮ੍ਰਿਤ ਵੇਲਾ ਸਮਾਗਮ 6 ਜੁਲਾਈ ਤੱਕ ਰੋਜਾਨਾ 3.30 ਵਜੇ ਤੋਂ 5.30 ਵਜੇ ਤੱਕ ਹੋ ਹੋਣਗੇ। ਉਨ੍ਹਾਂ ਨੇ ਸੰਗਤਾਂ ਨੂੰ ਬੇਨਤੀ ਕੀਤੀ ਪਰਿਵਾਰਾਂ ਸਮੇਤ ਪਹੁੰਚ ਕੇ ਗੁਰੂ ਘਰ ਦੀਆਂ ਖੁਸ਼ੀਆਂ ਪ੍ਰਾਪਤ ਕਰੋ। ਗੁਰੂ ਕੇ ਲੰਗਰ ਅਤੁੱਟ ਵਰਤੇ। ਇਸ ਮੌਕੇ ਭਾਈ ਅਮਤੇਸ਼ਵਰ ਸਿੰਘ, ਭਾਈ ਰੋਬਿਨ ਸਿੰਘ, ਭਾਈ ਅਵਤਾਰ ਸਿੰਘ, ਭਾਈ ਗੁਰਚਰਨ ਸਿੰਘ ਕਥਾਵਾਚਕ, ਸਿਮਰਨਜੀਤ ਸਿੰਘ ਹਾਜ਼ਰ ਸਨ।

# ਕੈਪਟਨ ਜਵਾਹਰ ਸਿੰਘ ਦੇਵਗਨ ਰਣਜੀਤ ਵਿਹਾਰ ਵੈੱਲਫੇਅਰ ਸੁਸਾਇਟੀ (ਰਜਿ) ਲੁਹਾਰਕਾ ਰੋਡ ਦੇ ਪ੍ਰਧਾਨ ਚੁਣੇ ਗਏ




**ਅੰਮ੍ਰਿਤਸਰ, 30 ਮਈ (ਆਵਾਜ਼ਿ ਕੌਮ ਬਿਊਰੋ)**-ਸਥਾਨਕ ਰਣਜੀਤ ਵਿਹਾਰ ਵੈੱਲਫੇਅਰ ਸੁਸਾਇਟੀ (ਰਜਿ) ਲੁਹਾਰਕਾ ਰੋਡ ਦੇ ਸਰਬ ਸੰਮਤੀ ਨਾਲ ਚੁਣੇ ਗਏ ਪ੍ਰਧਾਨ ਕੈਪਟਨ ਜਵਾਹਰ ਸਿੰਘ ਦੇਵਗਨ, ਜਨਰਲ ਸਕੱਤਰ ਸੁਖਦੇਵ ਸਿੰਘ ਪੰਨੂ ਅਤੇ ਕੈਸ਼ੀਅਰ ਗੁਰਮੀਤ ਸਿੰਘ ਕੰਬੋਜ ਨੇ ਮੀਟਿੰਗ ਦੌਰਾਨ ਹਾਜ਼ਰ ਮੁਹੱਲਾ ਨਿਵਾਸੀਆਂ ਵੱਲੋਂ ਉਨ੍ਹਾਂ 'ਤੇ ਵਿਸ਼ਵਾਸ ਪ੍ਰਗਟ ਕਰਨ ਲਈ ਉਨ੍ਹਾਂ ਦਾ ਧੰਨਵਾਦ ਕੀਤਾ ਅਤੇ ਵਿਸ਼ਵਾਸ ਦਿਵਾਇਆ ਕਿ ਲੋਕਾਂ ਦੀਆਂ ਸਾਰੀਆਂ ਆਸਾਂ ਉਮੀਦਾਂ ਤੇ ਖਰੇ ਉੱਤਰਨ ਲਈ ਇਹ ਟੀਮ ਸਿਰ ਤੋੜ ਯਤਨ ਕਰੇਗੀ। ਉਨ੍ਹਾਂ ਕਿਹਾ ਕਿ ਜਲਦੀ ਹੀ ਬਾਕੀ ਦੇ ਅਹੁਦੇਦਾਰ ਚੁਣ ਕੇ ਵਿਕਾਸ ਦੇ ਕੰਮ ਸ਼ੁਰੂ ਕਰ ਦਿੱਤੇ ਜਾਣਗੇ। ਇਸ ਮੌਕੇ ਵੱਡੀ ਗਿਣਤੀ ਵਿੱਚ ਹਾਜ਼ਰ ਮੁਹੱਲਾ ਨਿਵਾਸੀਆਂ ਵੱਲੋਂ ਜੈਕਾਰੇ ਛੱਡ ਕੇ ਇਸ ਚੋਣ ਦਾ ਸਵਾਗਤ ਕੀਤਾ ਅਤੇ ਜੇਤੂ ਉਮੀਦਵਾਰਾਂ ਨੂੰ ਸਿਹਰੇ ਪਾ ਕੇ ਉਨ੍ਹਾਂ ਦਾ ਸਨਮਾਨ ਕੀਤਾ ਗਿਆ।

ਲੁਹਾਰਕਾ ਰੋਡ ਵਿਖੇ ਰਣਜੀਤ ਵਿਹਾਰ ਵੈੱਲਫੇਅਰ ਸੁਸਾਇਟੀ ਇੱਥੋਂ ਦੇ ਨਿਵਾਸੀਆਂ ਵੱਲੋਂ ਮੁਹੱਲੇ ਦੇ ਸਰਵਪੱਖੀ ਵਿਕਾਸ ਅਤੇ ਲੋਕਾਂ ਨੂੰ ਸਾਂਝੇ ਤੌਰ ਤੇ ਦਰਪੇਸ਼ ਮੁਸ਼ਕਲਾਂ ਦੇ ਹੱਲ ਲਈ ਬਣਾਈ ਗਈ ਇੱਕ ਸਮਾਜਿਕ ਸੰਸਥਾ ਹੈ। ਇਹ ਸੁਸਾਇਟੀ ਸਿਆਣੇ ਅਤੇ ਅਗਾਂਹਵਧੂ ਲੋਕਾਂ ਦੀ ਉਸਾਰੂ ਸੋਚ ਅਨੁਸਾਰ ਸਾਲ 1997 ਵਿੱਚ ਬਣਾਈ ਗਈ ਸੀ, ਜੋ ਬਕਾਇਦਾ ਸਰਕਾਰ ਕੋਲ ਰਜਿਸਟਰਡ ਹੈ। ਮੁਹੱਲੇ ਵਿੱਚ ਰਹਿਣ ਵਾਲੇ ਪੱਕੇ ਨਿਵਾਸੀਆਂ ਕੋਲ ਹੀ ਸੁਸਾਇਟੀ ਦੀ ਮੈਂਬਰਸ਼ਿਪ ਹੈ, ਜਿਨ੍ਹਾਂ ਵੱਲੋਂ ਲੋਕਤੰਤਰੀ ਢੰਗ ਨਾਲ ਚੋਣ ਕਰਕੇ ਕਮੇਟੀ ਬਣਾਈ ਜਾਂਦੀ ਹੈ। ਇਹ ਕਾਰਜਕਾਰੀ ਕਮੇਟੀ ਪਾਰਟੀ ਬਾਜ਼ੀ ਤੋਂ ਉੱਪਰ ਉੱਠ ਕੇ ਭਾਵੇਂ ਪੰਜਾਬ ਵਿੱਚ ਕੋਈ ਵੀ ਸਰਕਾਰ ਹੋਵੇ ਉਸ ਪਾਸ ਆਪਣੇ ਮਸਲੇ/ਮੁਸ਼ਕਲਾਂ ਉਠਾ ਕੇ ਮੁਹੱਲੇ ਦੇ ਸਰਵਪੱਖੀ ਵਿਕਾਸ ਲਈ ਕੰਮ ਕਰਦੀ ਹੈ। ਬੀਤੇ ਦਿਨ ਮੁਹੱਲਾ ਨਿਵਾਸੀਆਂ ਦੀ ਗੁਰਦੁਆਰਾ ਸੰਗਤ ਸਾਹਿਬ ਦੇ ਲੰਗਰ ਹਾਲ ਵਿੱਚ ਰੱਖੀ ਗਈ ਇੱਕ ਜਨਰਲ ਹਾਊਸ ਮੀਟਿੰਗ 'ਚ ਪਿਛਲੀ ਕਮੇਟੀ ਦਾ ਲੇਖਾ ਜੋਖਾ ਕੀਤਾ ਗਿਆ। ਨਵੀਂ ਕਮੇਟੀ ਲਈ ਚੋਣ ਲੜਨ ਦੇ ਚਾਹਵਾਨ ਉਮੀਦਵਾਰਾਂ ਪਾਸੋਂ ਨਾਮਜ਼ਦਗੀ ਪੱਤਰ ਦਾਖਲ ਕਰਨ ਦੀ ਮੰਗ ਕੀਤੀ ਗਈ। ਸੁਸਾਇਟੀ ਦੀ ਚੋਣ ਲਈ ਸਿਰਫ਼ ਤਿੰਨ ਨਾਮਜ਼ਦਗੀ ਪੱਤਰ ਹੀ ਪ੍ਰਾਪਤ ਹੋਏ। ਜਿਸ ਵਿਚ ਪ੍ਰਧਾਨ ਦੇ ਅਹੁਦੇ ਲਈ ਕੈਪਟਨ ਜਵਾਹਰ ਸਿੰਘ ਦੇਵਗਨ, ਜਨਰਲ ਸਕੱਤਰ ਦੇ ਅਹੁਦੇ ਲਈ ਸੁਖਦੇਵ ਸਿੰਘ ਪੰਨੂ ਅਤੇ ਕੈਸ਼ੀਅਰ ਦੇ ਅਹੁਦੇ ਲਈ ਗੁਰਮੀਤ ਸਿੰਘ ਕੰਬੋਜ ਸ਼ਾਮਿਲ ਹਨ। ਜਿਸ ਕਰਕੇ ਚੋਣ ਕਮੇਟੀ ਪੈਨਲ ਨੇ ਦੱਸਿਆ ਕਿ ਹੁਣ ਵੋਟਾਂ ਪਾਉਣ ਦੀ ਕੋਈ ਲੋੜ ਨਹੀਂ ਹੈ ਅਤੇ ਚੋਣ ਪੈਨਲ ਵੱਲੋਂ ਵੱਡੀ ਗਿਣਤੀ ਵਿੱਚ ਮੁਹੱਲਾ ਨਿਵਾਸੀਆਂ ਦੀ ਹਾਜ਼ਰੀ ਵਿੱਚ ਤਿੰਨਾਂ ਹੀ ਉਮੀਦਵਾਰਾਂ ਨੂੰ ਬਿਨਾਂ ਮੁਕਾਬਲਾ ਜੇਤੂ ਕਰਾਰ ਦਿੱਤਾ ਗਿਆ। ਇਸ ਮੌਕੇ ਸੁਖਵਿੰਦਰ ਸਿੰਘ ਤੇੜਾ ਤੇ ਹੋਰ ਮੌਜੂਦ ਸਨ

ਸੁਪਰੀਮ ਕੌਨਵੈਂਟ ਸਕੂਲ ਬਿਲਾਸਪੁਰ ਵਿਖੇ ਬੱਚਿਆਂ ਨੂੰ

# ਸ੍ਰੀ ਗੁਰੂ ਅਰਜਨ ਦੇਵ ਜੀ ਦੀ ਸ਼ਹਾਦਤ ਤੋਂ ਜਾਣੂੰ ਕਰਵਾਇਆ





**ਬਿਲਾਸਪੁਰ/ਮੋਗਾ (ਵਰਿਆਮ ਹਠੂਰ)**-ਪ੍ਰਸਿੱਧ ਵਿੱਦਿਅਕ ਸੰਸਥਾ ਸੁਪਰੀਮ ਕੌਨਵੈਂਟ ਸਕੂਲ ਬਿਲਾਸਪੁਰ (ਮੋਗਾ) ਜੋ ਸਿੱਖਿਆ ਦੇ ਖੇਤਰ ਵਿੱਚ ਇੱਕ ਮੋਢੀ ਸੰਸਥਾ ਦੇ ਤੌਰ ਤੇ ਜਾਣੀ ਜਾਂਦੀ ਹੈ ਉੱਥੇ ਹੀ ਵਿਦਿਆਰਥੀਆਂ ਨੂੰ ਆਪਣੇ ਪਿਛੋਕੜ ਅਤੇ ਇਤਿਹਾਸ ਨਾਲ ਜੋੜੇ ਰੱਖਣ ਲਈ ਸਕੂਲ ਵਿੱਚ ਵੱਖ-ਵੱਖ ਤਰ੍ਹਾਂ ਦੀਆਂ ਗਤੀਵਿਧੀਆਂ ਨੂੰ ਆਯੋਜਿਤ ਕੀਤਾ ਜਾਂਦਾ ਹੈ। ਇਸੇ ਉਦੇਸ਼ ਨੂੰ ਮੁੱਖ ਰੱਖਦਿਆਂ ਹੋਇਆਂ ਸਕੂਲ ਵਿੱਚ ਸ਼ਹੀਦਾਂ ਦੇ ਸਿਰਤਾਜ ਪੰਜਵੇਂ ਪਾਤਸ਼ਾਹ ਸ੍ਰੀ ਗੁਰੂ ਅਰਜਨ ਦੇਵ ਜੀ ਦੇ ਸ਼ਹੀਦੀ ਦਿਵਸ ਮੌਕੇ ਜਿੱਥੇ ਠੰਡੇ ਮਿੱਠੇ ਜਲ ਦੀ ਛਬੀਲ ਲਗਾਈ ਗਈ ਉੱਥੇ ਗੁਰੂ ਸਾਹਿਬ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ ਗਏ। ਇਸ ਤੋਂ ਇਲਾਵਾ ਸਕੂਲ ਵਿੱਚ ਸਪੈਸ਼ਲ ਅਸੈਂਬਲੀ ਨੂੰ ਅਯੋਜਿਤ ਕੀਤਾ ਗਿਆ ਜਿਸ ਵਿੱਚ ਸ਼ਬਦ ਗਾਇਨ ਦੇ ਨਾਲ ਨਾਲ ਅਧਿਆਪਕ ਦੁਆਰਾ ਗੁਰੂ ਜੀ ਦੇ ਜੀਵਨ ਬਾਰੇ ਬਿਆਨ ਕਰਦਿਆਂ ਹੋਇਆਂ ਉਹਨਾਂ ਦੁਆਰਾ ਦਿੱਤੀ ਗਈ ਲਾਸਾਨੀ ਸ਼ਹਾਦਤ ਬਾਰੇ ਵਿਦਿਆਰਥੀਆਂ ਨੂੰ ਜਾਣੂ ਕਰਵਾਇਆ, ਇਸ ਮੌਕੇ ਤੇ ਮੌਜੂਦ ਸਕੂਲ ਮੈਨੇਜਮੈਂਟ ਦੇ ਪ੍ਰਧਾਨ ਸ: ਚਰਨ ਸਿੰਘ ਸਕੂਲ ਚੇਅਰਮੈਨ ਯੋਗਿੰਦਰ ਸ਼ਰਮਾ ,ਪ੍ਰਿੰਸੀਪਲ ਕੁੰਜਮੋਲ ਜੋਅ ਤੇ ਵਾਈਸ ਪ੍ਰਿੰਸੀਪਲ ਜਸਮੇਲ ਸਿੰਘ ਨੇ ਸ਼ਰਧਾ ਦੇ ਫੁੱਲ ਭੇਟ ਕਰਦਿਆਂ ਹੋਇਆ ਕੋਟਿ ਕੋਟਿ ਪ੍ਰਣਾਮ ਕੀਤਾ, ਤੇ ਗੱਲਬਾਤ ਕਰਦਿਆਂ ਕਿਹਾ ਕਿ ਸੁਪਰੀਮ ਕੌਨਵੈਂਟ ਸਕੂਲ ਬਿਲਾਸਪੁਰ (ਮੋਗਾ) ਵਿੱਚ ਜਿੱਥੇ ਵਿੱਦਿਆ ਦੇ ਨਾਲ ਨਾਲ ਧਾਰਮਿਕ, ਸਭਿਆਚਾਰਕ, ਗਤੀਵਿਧੀਆਂ ਵੱਲ ਵਿਸ਼ੇਸ਼ ਧਿਆਨ ਦਿੱਤਾ ਜਾਂਦਾ ਹੈ। ਉੱਥੇ ਹਰ ਤਿਉਹਾਰ ਨੂੰ ਮਨਾਇਆ ਜਾਂਦਾ ਹੈ ਤਾਂ ਜੋ ਬੱਚਿਆਂ ਨੂੰ ਹਮੇਸ਼ਾ ਆਪਣੇ ਸੱਭਿਆਚਾਰ ਤੇ ਪਿਛੋਕੜ ਨਾਲ ਜੋੜ ਕੇ ਰੱਖਿਆ ਜਾ ਸਕੇ। ਅੰਤ ਵਿੱਚ ਉਹਨਾਂ ਨੇ ਕਿਹਾ ਕਿ ਸਕੂਲ ਦੁਆਰਾ ਕੀਤੇ ਜਾਦੇ ਉਦਮਾਂ ਦੀ ਹਮੇਸ਼ਾ ਬੱਚਿਆਂ ਅਤੇ ਉਨ੍ਹਾਂ ਦੇ ਮਾਪਿਆਂ ਦੁਆਰਾ ਸ਼ਲਾਘਾ ਕੀਤੀ ਜਾਂਦੀ ਹੈ। ਇਹ ਮੌਕੇ ਸਮੂਹ ਸਕੂਲ ਸਟਾਫ਼ ਅਤੇ ਬੱਚੇ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

## ਠੰਢੇ ਮਿੱਠੇ ਜਲ ਦੀ ਲਗਾਈ ਗਈ ਛਬੀਲ

ਸੱਚ ਕਿਹਾ ਤਾਂ

# ਭਾਂਬੜ ਮਚਦਾ ਏ !



ਜੀ ਹਾਂ, ਕਹਿੰਦੇ ਹਨ ਕਿ ਸੱਚ ਕਹਿਣਾ ਵੀ ਔਖਾ ਏ, ਤੇ ਸੱਚ ਸੁਣਨਾ ਵੀ ਔਖਾ ਏ।

ਮੱਚਦੀਆਂ ਅੱਗਾਂ ਦਾ ਵਰਤਾਰਾ ਇਕ ਵਾਰ ਫਿਰ ਸ਼ੁਰੂ ਹੋਇਆ। ਇਹ ਸਭ ਵੇਖ ਕੇ ਦਿਲ ਨੂੰ ਹੌਲ ਜਿਹਾ ਪੈਣ ਲੱਗ ਪਿਆ। ਬੈਠ ਗਿਆ ਨਿਰਾਸ਼ ਹੋ ਕੇ ਫਿਰ ਪੰਜਾਬੀ ਦੇ ਇਕ ਨਾਮਵਰ ਸ਼ਾਇਰ ਸੁਰਜੀਤ ਪਾਤਰ ਦੀਆਂ ਸਤਰਾਂ ਯਾਦ ਆ ਗਈ ਆਂ

ਕੁਝ ਕਿਹਾ ਤਾਂ ਹਨੇਰਾ ਜਰੇਗਾ
ਕਿਵੇਂ ਚੁੱਪ ਰਿਹਾ ਤਾਂ ਸ਼ਮਾਦਾਨ ਕੀ ਕਹਿਣਗੇ

ਮਨ ਨੂੰ ਕੁਝ ਢਾਰਸ ਮਿਲੀ ਤੇ ਕੁਝ ਲਿਖਣ ਦੀ ਹਿੰਮਤ ਕਰ ਰਿਹਾ ਹਾਂ।

ਕਹਿਦੇ ਹਨ ਕਿ ਇਕ ਵਾਰ ਨੂੰ ਮਨੁੱਖ ਨੇ ਆਪਣੇ ਮੁਫਾਦ ਲਈ ਅੱਗ ਲਗਾ ਦਿਤੀ ਉਸਦੇ ਨਜ਼ਦੀਕ ਦੇ ਦਰੱਖਤ ਤੇ ਇਕ ਚਕਵਾ ਜਾਨਵਰ ਬੇਠਾ ਸੀ ਜੋਂ ਉਡ ਕੇ ਦੂਸਰੇ ਦਰੱਖਤ ਤੇ ਜਾ ਬੈਠਾ। ਹੌਲੀ ਹੌਲੀ ਦੂਸਰੇ ਜਾਨਵਰ ਵੀ ਆ ਗਏ ਚਕਵੇ ਨੇ ਤਨਜ਼ ਕੱਸਦਿਆਂ ਕਿਹਾ ਕਿ ਮਨੁੱਖ ਕਿਨਾਂ ਨਾਦਾਨ ਹੈ ਆਪਣੇ ਉਜਾੜੇ ਦਾ ਕੰਮ ਆਪ ਹੀ ਕਰੀ ਜਾ ਰਿਹਾ ਹੈ। ਸਾਰੇ ਜਾਨਵਰ ਉਚੀ ਉਚੀ ਹੱਸਣ ਲੱਗ ਪਏ।

ਇਹ ਬਿਲਕੁਲ ਸੱਚ ਹੈ ਇਸ ਦੀ ਜਿਉਂਦੀ ਜਾਗਦੀ ਮਿਸਾਲ ਤੁਹਾਡੇ ਆਲੇ ਦੁਆਲੇ ਹੈ ਕਿਸ ਤਰਾਂ ਇਸ ਬੇਸਮਝ ਇਨਸਾਨ ਨੇ ਆਪਣੇ ਵਿਨਾਸ਼ ਦਾ ਕੰਮ ਆਪਣੇ ਹੀ ਹੱਥੀਂ ਸ਼ੁਰੂ ਕੀਤਾ ਹੋਇਆ ਹੈ।

ਅੱਬਰਾਂ ਨੂੰ ਛੁਹ ਦੀਆਂ ਅੱਗ ਦੀ ਲਪਟਾਂ ਬੇਜ਼ੁਬਾਨੇ ਪਰਿੰਦਿਆਂ ਦੇ ਰੈਣ ਬਸੇਰਿਆਂ ਨੂੰ ਸਾੜ ਕੇ ਰੱਖ ਰਹੀਆਂ ਹਨ। ਪੰਛੀ ਅਤੇ ਉਹਨਾਂ ਦੇ ਬੱਚੇ ਵਿਰਲਾਪ ਕਰਦੇ ਵੇਖੇ ਜਾ ਸਕਦੇ ਹਨ ਪਰ ਇਹ ਕੰਮਬਖਤ ਇਨਸਾਨ ਥੋੜੇ ਜਿਹੇ ਲਾਲਚ ਦੀ ਖਾਤਰ ਸਭ ਕੁਝ ਕਰ ਰਿਹਾ ਹੈ।

ਧਰਤੀ ਮਨੁੱਖ ਦੀ ਹਰ ਲੋੜ ਪੂਰੀ ਕਰ ਸਕਦੀ ਹੈ ਪਰ ਇਸਦੇ ਲਾਲਚ ਦੀ ਭਰਪਾਈ ਨਹੀਂ।

ਕੁਦਰਤੀ ਸਰੋਤ ਜੋਂ ਮਨੁੱਖ ਦੇ ਜਿਉਣ ਦਾ ਸਾਧਨ ਹਨ ਪਰ ਇਹ ਇਨਸਾਨ ਪੂਰੀ ਦਰਿੰਦਗੀ ਨਾਲ ਉਹਨਾਂ ਦੇ ਉਜਾੜੇ ਦਾ ਕੰਮ ਕਰ ਰਿਹਾ ਹੈ। ਪਰ ਇਨਸਾਨ ਨੂੰ ਇਹ ਨਹੀਂ ਪਤਾ ਕਿ ਜਦੋਂ ਕੁਦਰਤ ਆਪਣਾ ਵਿਰਾਟ ਰੂਪ ਵਿਖਾਉਂਦੀ ਹੈ ਤਾ ਪਲਾਂ ਛਿਣਾ ਵਿਚ ਹੀ ਪਰਲੋ ਆ ਜਾਂਦੀ ਹੈ। ਪਾਣੀ ਜੀਵਨ ਧਾਰਾ ਹੈ ਪਰ ਇਸਦੇ ਖਾਤਮੇ ਲਈ ਵੀ ਇਨਸਾਨ ਤਰਲੋ ਮੱਛੀ ਹੋਇਆ ਪਿਆ ਹੈ।

ਪਹਿਲਾਂ ਬਨਸਪਤੀ ਨੂੰ ਅੱਗਾਂ ਲਗਾ ਕੇ ਹਜ਼ਾਰਾਂ ਜੀਵ ਜੰਤੂਆਂ ਦਾ ਖਾਤਮਾ ਕਰਕੇ ਫਿਰ ਇਹੀ ਇਨਸਾਨ ਜ਼ਮੀਨ ਨੂੰ ਠੰਢਾ ਕਰਨ ਦੇ ਨਾਂ ਤੇ ਖੇਤਾਂ ਨੂੰ ਡੱਕੋ ਡੱਕ ਭਰ ਕੇ ਕਿੱਧਰ ਨੂੰ ਜਾ ਰਿਹਾ ਹੈ ਮੌਕੇ ਦੀਆਂ ਹਾਕਮ ਸਰਕਾਰਾਂ ਇਹ ਸਭ ਕੁਝ ਮੂਕ ਦਰਸ਼ਕ ਬਣ ਕੇ ਵੇਖ ਰਹੀਆਂ ਹਨ ਭਾਰਤ ਦੇ 13 ਸੂਬਿਆਂ ਵਿਚ ਪਾਣੀ ਦਾ ਗੰਭੀਰ ਖਤਰਾ ਬਣਿਆ ਹੋਇਆ ਹੈ ਤੇ ਪੰਜਾਬ ਫਰੰਟ ਲਾਈਨ ਤੇ ਖੜਾ ਹੈ। ਇਸਦੇ 17 ਜਿਲਿਆ ਨੂੰ ਡਾਰਕ ਜੋਨ ਐਲਾਨਿਆ ਜਾ ਚੁੱਕਾ ਹੈ

ਪੰਜਾਬੀਓ ਇਹ ਕਿਹੜੀ ਤਰੱਕੀ ਦੀਆਂ ਗੱਲਾਂ ਹੋ ਰਹੀਆਂ ਹਨ ਸੱਚ ਜਾਣਿਓ ਆਉਣ ਵਾਲੀਆਂ ਪੀੜੀਆਂ ਸਾਨੂੰ ਕਦਾ ਚਿਤ ਵੀ ਮੁਆਫ਼ ਨਹੀਂ ਕਰਨਗੀਆਂ ਕੁਝ ਸਮਾਜ ਸੇਵੀ ਸੰਸਥਾਵਾਂ ਅਤੇ ਦਰਦਮੰਦ ਇਨਸਾਨ ਆਉਣ ਵਾਲੇ ਖਤਰਿਆਂ ਤੋਂ ਸਾਵਧਾਨ ਕਰਨ ਹਿਤ ਢੰਡੋਰਾ ਪਿੱਟ ਰਹੇ ਹਨ। ਪਰ ਉਹਨਾਂ ਦੀਆਂ ਅਵਾਜ਼ਾਂ ਨੂੰ ਵੀ ਅਣਗੌਲਿਆਂ ਕੀਤਾ ਜਾ ਰਿਹਾ ਹੈ। ਸਰਕਾਰਾਂ ਜਿਹਨਾਂ ਨੇ ਇਹਨਾਂ ਦੀ ਰਾਖੀ ਕਰਨੀ ਹੈ ਉਹ ਆਪ ਵੇਬੱਸ ਹੋਈਆਂ ਨਜ਼ਰ ਆ ਰਹੀਆਂ ਹ ਖ਼ਬਰਦਾਰ!!

ਪੰਜਾਬੀਓ ਆਓ ਆਪਾਂ ਆਪਣੇ ਲਾਲਚ ਨੂੰ ਤਿਆਗ ਕੇ ਇਹਨਾਂ ਕੁਦਰਤੀ ਸਰੋਤਾਂ ਨੂੰ ਬਚਾਉਣ ਲਈ ਹੰਭਲਾ ਮਾਰੀਏ। ਇਸਦੀ ਸ਼ੁਰੂਆਤ ਅੱਜ ਹੀ ਕਰਨੀ ਹੋਵੇਗੀ ਕੱਲ ਤੱਕ ਬੁਹਤ ਦੇਰ ਹੋ ਚੁੱਕੀ ਹੋਵੇਗ।

**-ਲੈਕਚਰਾਰ ਤਰਸੇਮ ਪਠਲਾਵਾ**
**ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ**

ਆਵਾਜ਼ਿ ਕੌਮ AWAZE QAUM International Newspaper & WEB TV

# ਲੁਧਿਆਣਾ (ਪੱਛਮੀ) ਜ਼ਿਮਨੀ ਚੋਣ 'ਚ ਪ੍ਰਚਾਰ ਵਾਸਤੇ ਸਾਬਕਾ ਵਿਧਾਇਕ ਸਿੱਧੂ ਟੀਮ ਸਮੇਤ ਪੁੱਜੇ ਲੁਧਿਆਣਾ

ਤਲਵੰਡੀ ਸਾਬੋ, 30 ਮਈ (ਗੁਰਜੰਟ ਸਿੰਘ ਨਥੇਹਾ)- 19 ਜੂਨ ਨੂੰ ਹੋਣ ਜਾ ਰਹੀ ਲੁਧਿਆਣਾ (ਪੱਛਮੀ) ਵਿਧਾਨ ਸਭਾ ਜ਼ਿਮਨੀ ਚੋਣ ਵਾਸਤੇ ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਵੱਲੋਂ ਚੋਣ ਪ੍ਰਚਾਰ ਲਈ ਲਾਈਆਂ ਡਿਊਟੀਆਂ ਦੀ ਲੜੀ ਤਹਿਤ ਲੋਕ ਸਭਾ ਹਲਕਾ ਬਠਿੰਡਾ ਤੋਂ ਕਾਂਗਰਸ ਦੀ ਟਿਕਟ 'ਤੇ ਚੋਣ ਲੜ ਚੁੱਕੇ ਸੀਨੀਅਰ ਆਗੂ ਜੀਤਮਹਿੰਦਰ ਸਿੰਘ ਸਿੱਧੂ ਸਾਬਕਾ ਵਿਧਾਇਕ ਅੱਜ ਆਪਣੀ ਪਹਿਲੀ ਟੀਮ ਸਮੇਤ ਕਾਂਗਰਸ ਉਮੀਦਵਾਰ ਭਾਰਤ ਭੂਸ਼ਣ ਆਸ਼ੂ ਦੇ ਦਫਤਰ ਪੁੱਜ ਗਏ ਅਤੇ ਉਨਾਂ ਨੇ ਰਸਮੀ ਤੌਰ 'ਤੇ ਚੋਣ ਪ੍ਰਚਾਰ ਆਰੰਭ ਦਿੱਤਾ। ਟੀਮ ਸਿੱਧੂ ਵੱਲੋਂ ਮੁਹੱਈਆ ਕਰਵਾਈ ਜਾਣਕਾਰੀ ਅਨੁਸਾਰ ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਦੇ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਅਤੇ ਨੇਤਾ ਵਿਰੋਧੀ ਧਿਰ ਪ੍ਰਤਾਪ ਸਿੰਘ ਬਾਜਵਾ ਦੇ ਨਿਰਦੇਸ਼ਾਂ ਮੁਤਾਬਿਕ ਜੀਤਮਹਿੰਦਰ ਸਿੰਘ ਸਿੱਧੂ ਦੀ ਅਗਵਾਈ ਹੇਠ ਗਈ ਟੀਮ ਨੇ ਅੱਜ ਕਾਂਗਰਸ ਉਮੀਦਵਾਰ ਭਾਰਤ ਭੂਸ਼ਣ ਆਸ਼ੂ ਦੇ ਦਫਤਰ ਪਹੁੰਚ ਕੇ ਆਪਣੀਆਂ ਚੋਣ ਡਿਊਟੀਆਂ ਬਾਬਤ ਜਾਣਕਾਰੀ ਹਾਸਲ ਕੀਤੀ। ਚੋਣ ਪ੍ਰਚਾਰ ਦੌਰਾਨ ਸਿੱਧੂ ਨੇ ਸਾਬਕਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ, ਸਾਬਕਾ ਮੰਤਰੀ ਰਾਣਾ ਗੁਰਜੀਤ ਸਿੰਘ, ਸਾਬਕਾ ਮੰਤਰੀ ਪ੍ਰਗਟ ਸਿੰਘ ਅਤੇ ਸੰਸਦ ਮੈਂਬਰ ਗੁਰਜੀਤ ਸਿੰਘ ਔਜਲਾ ਸਮੇਤ ਕਾਂਗਰਸ ਪਾਰਟੀ ਦੇ ਕਈ ਸੀਨੀਅਰ ਆਗੂਆਂ ਨਾਲ ਵੀ ਮੁਲਾਕਾਤ ਕਰ ਪ੍ਰਚਾਰ ਸਬੰਧੀ ਵਿਉਂਤਬੰਦੀ 'ਤੇ ਵੀਚਾਰ ਚਰਚਾ ਕੀਤੀ। ਟੀਮ ਮੁਤਾਬਿਕ ਆਉਣ ਵਾਲੇ ਦਿਨਾਂ ਚ ਸਿੱਧੂ ਦੇ ਨਿਰਦੇਸ਼ਾਂ ਮੁਤਾਬਿਕ ਹਲਕਾ ਮੌੜ ਅਤੇ ਲੋਕ ਸਭਾ ਹਲਕੇ ਦੇ ਕੁਝ ਹੋਰ ਹਿੱਸਿਆਂ 'ਚੋਂ ਵਰਕਰਾਂ ਦੀਆਂ ਟੀਮਾਂ ਲੁਧਿਆਣਾ (ਪੱਛਮੀ) ਹਲਕੇ 'ਚ ਪਹੁੰਚ ਕੇ ਕਾਂਗਰਸ ਉਮੀਦਵਾਰ ਦੇ ਹੱਕ ਵਿੱਚ ਚੋਣ ਪਿੜ ਨੂੰ ਭਖਾਉਣਗੀਆਂ। ਅੱਜ ਗਈ ਟੀਮ 'ਚ ਸੀ. ਕਾਂਗਰਸੀ ਆਗੂ ਸੁਖਬੀਰ ਸਿੰਘ ਚੱਠਾ, ਰੁਸਤਮ ਦੱਤਾ, ਗੁਰਜੀਵਨ ਸਿੰਘ ਗਾਟਵਾਲੀ ਸਾਬਕਾ ਪ੍ਰਧਾਨ ਟਰੱਕ ਯੂਨੀਅਨ ਰਾਮਾਂ, ਸੁਖਦੀਪ ਸਿੰਘ ਰਾਮਨਗਰ ਬਲਾਕ ਪ੍ਰਧਾਨ ਮੌੜ, ਜਸਪਾਲ ਸਿੰਘ ਪਾਲਾ ਸਾਬਕਾ ਪ੍ਰਧਾਨ ਬਲਾਕ ਕਾਂਗਰਸ ਰਾਮਾਂ, ਡੂੰਗਰ ਸਿੰਘ ਸੀਂਗੋ, ਬਹਾਦੁਰ ਸਿੰਘ ਲੇਲੇਵਾਲਾ, ਬਲਵੰਤ ਸਿੰਘ ਲੇਲੇਵਾਲਾ, ਸੁਖਵੰਤ ਸਿੰਘ ਕਾਲਾ ਰਾਮਾਂ, ਤਰਸੇਮ ਸਿੰਘ ਮਾਨਵਾਲਾ, ਸੁਖਵੀਰ ਸਿੰਘ ਸੁੱਖੀ ਮੈਨੂੰਆਣਾ, ਹਰਪਾਲ ਪੰਚ ਗਾਟਵਾਲੀ, ਹਰਪਾਲ ਮੈਨੂੰਆਣਾ, ਸੁਰਜੀਤ ਸ਼ਿੰਦੀ ਜਗਾ, ਹੈਪੀ ਬਹਿਮਣ, ਦਰਸ਼ਨ ਸਿੰਘ ਸੈਕਟਰੀ ਰਾਮਾਂ, ਰਾਜਾ ਕਮਾਲੂ, ਗੁਰਾਂਦਿੱਤਾ ਸਿੰਘ ਸੀਂਗੋ ਆਦਿ ਸ਼ਾਮਿਲ ਹਨ।



ਆਵਾਜ਼ਿ ਕੌਮ AWAZE QAUM International Newspaper & WEB TV

# ਹਠੂਰ ਦੇ ਸਨਬੀਮ ਕੌਨਵੈਂਟ ਸਕੂਲ ਵਿਖੇ ਸ਼੍ਰੀ ਗੁਰੂ ਅਰਜਨ ਦੇਵ ਜੀ ਦੀ ਸ਼ਹੀਦੀ ਪੁਰਬ ਨੂੰ ਮੁੱਖ ਰੱਖਦਿਆਂ ਜਪੁ ਜੀ ਸਾਹਿਬ ਦੇ ਪਾਠ ਕੀਤੇ ਗਏ

## ਪ੍ਰਿੰਸੀਪਲ ਮਨਮੋਹਨਜੀਤ ਕੌਰ ਨੇ ਬੱਚਿਆਂ ਨੂੰ ਗੁਰੂ ਸਾਹਿਬ ਦੀ ਲਾਸਾਨੀ ਸ਼ਹਾਦਤ ਤੋਂ ਜਾਣੂੰ ਕਰਵਾਇਆ



ਹਠੂਰ/ਜਗਰਾਉਂ -(ਵਰਿਆਮ ਹਠੂਰ) ਸੰਤ ਰਣਧੀਰ ਸਿੰਘ ਐਜੂਕੇਸ਼ਨਲ ਸੁਸਾਇਟੀ ਵੱਲੋਂ ਚਲਾਏ ਜਾ ਰਹੇ ਇਤਿਹਾਸਕ ਕਸਬਾ ਹਠੂਰ ਦੇ ਸਨਬੀਮ ਕੌਨਵੈਂਟ ਸਕੂਲ ਵਿਖੇ ਸ਼ਹੀਦਾਂ ਦੇ ਸਿਰਤਾਜ ਪੰਜਵੇਂ ਪਾਤਸ਼ਾਹ ਸ਼੍ਰੀ ਗੁਰੂ ਅਰਜਨ ਦੇਵ ਜੀ ਦੇ ਸ਼ਹੀਦੀ ਪੁਰਬ ਮੌਕੇ ਸਕੂਲ ਵਿੱਚ ਸਕੂਲ ਸਟਾਫ਼ ਅਤੇ ਬੱਚਿਆਂ ਵੱਲੋਂ ਜਪੁ ਜੀ ਸਾਹਿਬ ਦੇ ਪਾਠ ਕੀਤੇ ਗਏ, ਤੇ ਗੁਰੂ ਸਾਹਿਬ ਦੀ ਲਾਸਾਨੀ ਸ਼ਹਾਦਤ ਨੂੰ ਕੋਟਿ ਕੋਟਿ ਪ੍ਰਣਾਮ ਕੀਤਾ, ਸਕੂਲ ਪ੍ਰਿੰਸੀਪਲ ਮੈਡਮ ਮਨਮੋਹਨਜੀਤ ਕੌਰ ਨੇ ਬੱਚਿਆਂ ਨੂੰ ਸ਼੍ਰੀ ਗੁਰੂ ਅਰਜਨ ਦੇਵ ਜੀ ਦੀ ਲਾਸਾਨੀ ਸ਼ਹਾਦਤ ਬਾਰੇ ਵਿਸਥਾਰ ਪੂਰਵਕ ਜਾਣੂੰ ਕਰਵਾਇਆ, ਵਾਈਸ ਪ੍ਰਿੰਸੀਪਲ ਮੈਡਮ ਪ੍ਰਮਿੰਦਰ ਕੌਰ ਨੇ ਬੱਚਿਆਂ ਨੂੰ ਉਸ ਮੌਕੇ ਦੀ ਜ਼ੁਲਮੀ ਹਕੂਮਤ ਦੀਆਂ ਧੱਕੇਸ਼ਾਹੀਆਂ ਬਾਰੇ ਦੱਸਿਆ ਤੇ ਸ਼ਹੀਦਾਂ ਦੇ ਸਿਰਤਾਜ ਪੰਜਵੇਂ ਪਾਤਸ਼ਾਹ ਸ਼੍ਰੀ ਗੁਰੂ ਅਰਜਨ ਦੇਵ ਜੀ ਦੀ ਲਾਸਾਨੀ ਸ਼ਹਾਦਤ ਨੂੰ ਕੋਟਿ ਕੋਟਿ ਪ੍ਰਣਾਮ ਕੀਤਾ, ਪ੍ਰੈੱਸ ਨਾਲ ਗੱਲਬਾਤ ਕਰਦਿਆਂ ਪ੍ਰਿੰਸੀਪਲ ਮੈਡਮ ਮਨਮੋਹਨਜੀਤ ਕੌਰ ਅਤੇ ਵਾਈਸ ਪ੍ਰਿੰਸੀਪਲ ਮੈਡਮ ਪ੍ਰਮਿੰਦਰ ਕੌਰ ਨੇ ਕਿਹਾ ਸਕੂਲ ਵਿੱਚ ਬੱਚਿਆਂ ਨੂੰ ਵਿੱਦਿਆ ਦੇ ਨਾਲ ਨਾਲ ਜਿੱਥੇ ਵੱਖ ਵੱਖ ਤਿਉਹਾਰਾਂ ਬਾਰੇ ਜਾਣੂੰ ਕਰਵਾਇਆ ਜਾਂਦਾ ਹੈ। ਉੱਥੇ ਸਿੱਖ ਕੌਮ ਦੇ ਮਹਾਨ ਵਿਰਸੇ ਅਤੇ ਸ਼ਾਨਾਮੱਤੇ ਇਤਿਹਾਸ ਤੋਂ ਬਾਰੇ ਵੀ ਬੱਚਿਆਂ ਨੂੰ ਜਾਣੂੰ ਕਰਵਾਇਆ ਜਾਂਦਾ ਹੈ। ਤੇ ਸਕੂਲ ਵਿੱਚ ਸਮੇਂ ਸਮੇਂ ਨਾਲ ਤਿਉਹਾਰਾਂ ਨੂੰ ਮੁੱਖ ਰੱਖਦਿਆਂ ਪ੍ਰੋਗਰਾਮ ਕਰਵਾਏ ਜਾਂਦੇ ਹਨ। ਇਸ ਮੌਕੇ ਪ੍ਰਿੰਸੀਪਲ ਮੈਡਮ ਮਨਮੋਹਨਜੀਤ ਕੌਰ, ਵਾਈਸ ਪ੍ਰਿੰਸੀਪਲ ਮੈਡਮ ਪ੍ਰਮਿੰਦਰ ਕੌਰ, ਗਗਨਜੀਤ ਕੌਰ, ਗੁਰਮੀਤ ਕੌਰ, ਗਗਨਦੀਪ ਕੌਰ, ਮਨਦੀਪ ਕੌਰ, ਮਨਜੋਤ ਕੌਰ, ਕਮਲਜੀਤ ਕੌਰ, ਨਵਜੋਤ ਕੌਰ ਸਮੇਤ ਸਕੂਲ ਦੇ ਬੱਚੇ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਮਾਨਯੋਗ ਵਿੱਤ ਮੰਤਰੀ ਜੀ ਦੀ ਪ੍ਰਧਾਨਗੀ ਵਾਲੀ ਸਬ ਕਮੇਟੀ ਵੱਲੋ ਯੂਨੀਅਨ ਦੀਆਂ ਮੰਗਾਂ ਪੂਰੀਆਂ ਕਰਨ ਲਈ ਅਧਿਕਾਰੀਆਂ ਨੂੰ ਦਿੱਤੇ ਹੁਕਮ



**ਚੰਡੀਗੜ੍ਹ ( ਰਣਜੀਤ ਸਿੰਘ ਪੇਧਨੀ )**-ਮਾਨਯੋਗ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਜੀ ਵੱਲੋਂ ਓਹਨਾ ਦੀ ਪ੍ਰਧਾਨਗੀ ਵਾਲੀ ਸਬ ਕਮੇਟੀ ਦੀ ਮੀਟਿੰਗ ਵੱਖ ਵੱਖ ਯੂਨੀਅਨਾਂ ਨਾਲ ਹੋਈ,ਇਸ ਸਮੇਂ ਅੱਜ ਡੀ ਐਸ ਟੀ/ਸੀ ਟੀ ਐਸ ਕੰਟਰੈਕਟ ਇੰਸਟਰੱਕਟਰ ਯੂਨੀਅਨ ਦੇ ਪ੍ਰਧਾਨ ਨਾਲ ਵੀ ਯੂਨੀਅਨ ਦੀਆ ਜਾਇਜ ਮੰਗਾਂ ਨੂੰ ਸੁਣਿਆ ਗਿਆ ਯੂਨੀਅਨ ਵੱਲੋਂ ਆਪਣੀਆਂ ਜਾਇਜ ਮੰਗ ਵਿਚ 58 ਸਾਲ ਦੀ ਉਮਰ ਤਕ ਸੇਵਾ ਦੀ ਸੁਰੱਖਿਆ ਦੇਣਾ , ਤਨਖਾਹਾਂ ਵਿਚ ਵਾਧਾ ਕਰਨਾ ਅਤੇ ਸਾਲਾਨਾ ਇੰਕਰੀਮੈਂਟ ਦੇਣਾ , ਵੱਖ ਵੱਖ ਛੁੱਟੀਆਂ ਦਾ ਲਾਭ ਦੇਣਾ ਜਿਵੇਂ ਮੈਡੀਕਲ ਛੁੱਟੀ, ਮੇਟਰਨੀਟੀ ਛੁੱਟੀ, ਕੈਸੁਅਲ ਛੁੱਟੀ ਦੇਣਾ , ਅਤੇ ਕਈ ਹੋਰ ਮੰਗਾਂ ਉਪਰ ਚਰਚਾ ਕੀਤੀ ਗਈ ਮਾਨਯੋਗ ਵਿੱਤ ਮੰਤਰੀ ਸਾਹਿਬ ਜੀ ਵੱਲੋ ਮੀਟਿੰਗ ਵਿੱਚ ਮੌਜੂਦ ਤਕਨੀਕੀ ਸਿੱਖਿਆ ਅਤੇ ਉਦਯੋਗਿਕ ਸਿਖਲਾਈ ਵਿਭਾਗ ਦੇ ਡਾਇਰੈਕਟਰ ਸਾਹਿਬ , ਪਰਸੋਨਲ ਵਿਭਾਗ ਦੇ ਅਧਿਕਾਰੀ ਅਤੇ ਹੋਰ ਮੀਟਿੰਗ ਵਿਚ ਆਏ ਅਧਿਕਾਰੀਆਂ ਨੂੰ ਯੂਨੀਅਨ ਦੀਆਂ ਮੰਗਾਂ ਸਬੰਧੀ ਜਲਦੀ ਪਰਪੋਸਲ ਬਣਾਉਣ ਲਈ ਕਿਹਾ ਗਿਆ ਹੈ। ਸਾਨੂੰ ਉਮੀਦ ਹੈ ਕਿ ਇਹ ਮੀਟਿੰਗ ਸਾਡੀਆਂ ਮੰਗਾਂ ਨੂੰ ਪੂਰਾ ਕਰਨ ਲਈ ਆਖਰੀ ਮੀਟਿੰਗ ਹੋਵੇਗੀ ਅਤੇ ਸਾਡੀਆਂ ਮੰਗਾਂ ਜਲਦੀ ਹੀ ਪੂਰੀਆਂ ਕੀਤੀਆਂ ਜਾਣਗੀਆਂ। ਇਸ ਸਮੇਂ ਡੀ ਐਸ ਟੀ/ਸੀ ਟੀ ਐਸ ਕੰਟਰੈਕਟ ਇੰਸਟਰੱਕਟਰ ਯੂਨੀਅਨ ਦੇ ਪ੍ਰਧਾਨ ਸੰਦੀਪ ਸਿੰਘ ਸਮੇਤ ਉਪ ਪ੍ਰਧਾਨ ਸਿਮਰਨਜੀਤ ਸਿੰਘ, ਸਵਰਨ ਸਿੰਘ, ਨੀਨਾ ਰਾਣੀ, ਜਸਵਿੰਦਰ ਸਿੰਘ, ਵੀਰਪਾਲ ਸਿੰਘ ਸ਼ਾਮਲ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# 'ਬੰਦੇ ਤੋਂ ਇਨਸਾਨ' ਦਾ ਲੋਕ ਅਰਪਣ ਕੀਤਾ ਗਿਆ

**ਰੰਚਣਾਂ ( ਰਣਜੀਤ ਸਿੰਘ ਪੇਧਨੀ)**-ਪਿੰਡ ਰਜਿੰਦਰਾ ਪੁਰੀ ( ਰੰਚਣਾਂ ) ਬਲਾਕ ਧੂਰੀ ਜਿਲ੍ਹਾ ਸੰਗਰੂਰ ਵਿਖੇ ਹਰ ਸਾਲ ਦੀ ਤਰ੍ਹਾਂ ਸ਼ਾਂਤੀ ਦੇ ਪੁੰਜ ਅਤੇ ਸ਼ਹੀਦਾਂ ਦੇ ਸਿਰਤਾਜ ਸ਼੍ਰੀ ਗੁਰੂ ਅਰਜਨ ਦੇਵ ਜੀ ਦਾ ਸ਼ਹੀਦੀ ਪੁਰਬ ਬੜੀ ਸ਼ਰਧਾ ਅਤੇ ਉਤਸ਼ਾਹ ਨਾਲ਼ ਮਨਾਇਆ ਗਿਆ । ਪਿਛਲੇ 21 ਦਿਨਾਂ ਤੋਂ ਸੁਖਮਨੀ ਸਾਹਿਬ ਜੀ ਦੇ ਲੜੀਵਾਰ ਕੀਤੇ ਜਾ ਰਹੇ ਜਾਪ ਦੇ ਭੋਗ ਮਿਤੀ 30 - 05 - 2025 ਦਿਨ ਸ਼ੁਕਰਵਾਰ ਨੂੰ ਪਾਏ ਗਏ । ਏਸੇ ਮੌਕੇ 'ਤੇ ਪਿੰਡ ਦੇ ਜੰਮਪਲ ਅਤੇ ਪੰਜਾਬੀ ਸਾਹਿਤ ਸਭਾ ਧੂਰੀ ਦੇ ਪ੍ਰਧਾਨ ਮੂਲ ਚੰਦ ਸ਼ਰਮਾ ਦਾ ਕਾਵਿ ਸੰਗ੍ਰਹਿ " ਬੰਦੇ ਤੋਂ ਇਨਸਾਨ " ਦਾ ਲੋਕ ਅਰਪਣ ਵੀ ਕੀਤਾ ਗਿਆ । ਲੋਕ ਅਰਪਣ ਦੀ ਰਸਮ ਸਿਰਫ਼ ਸ਼ਬਦ ਗੁਰੂ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਚਰਨ ਕਮਲਾਂ ਵਿਖੇ ਇੱਕ ਪੁਸਤਕ ਭੇਂਟ ਕਰਕੇ ਕੀਤੀ ਗਈ ਅਤੇ ਯੂਥ ਸਪੋਰਟਸ ਕਲੱਬ ( ਰਜਿ: ) ਵੱਲੋਂ ਕਿਤਾਬਾਂ ਦੀ ਵਿੱਕਰੀ ਦੀ ਸ਼ੁਰੂਆਤ ਕੀਤੀ ਗਈ।

ਆਵਾਜ਼ਿ ਕੌਮ AWAZE QAUM International Newspaper & WEB TV



## ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ

# ਗੁਰੂ ਅਰਜਨ ਦੇਵ ਜੀ ਦਾ ਸ਼ਹੀਦੀ ਦਿਹਾੜਾ ਸ਼ਰਧਾ ਤੇ ਸਤਿਕਾਰ ਨਾਲ ਮਨਾਇਆ




**ਨਵੀਂ ਦਿੱਲੀ**, 30 ਮਈ (**ਮਨਪ੍ਰੀਤ ਸਿੰਘ ਖਾਲਸਾ**)-ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਪੰਜਵੇਂ ਪਾਤਸ਼ਾਹ ਸਾਹਿਬ ਸ੍ਰੀ ਗੁਰੂ ਅਰਜਨ ਦੇਵ ਜੀ ਦਾ ਸ਼ਹੀਦੀ ਦਿਹਾੜਾ ਪੂਰਨ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ ਗਿਆ। ਇਸ ਮੌਕੇ ਕਮੇਟੀ ਦੇ ਪ੍ਰਬੰਧਨ ਵੱਖ-ਵੱਖ ਗੁਰਦੁਆਰਾ ਸਾਹਿਬਾਨ ਵਿਚ ਕੀਰਤਨ ਦੀਵਾਨ ਸਜਾਏ ਗਏ। ਮੁੱਖ ਸਮਾਗਮ ਗੁਰਦੁਆਰਾ ਰਕਾਬਗੰਜ ਸਾਹਿਬ ਕੰਪਲੈਕਸ ਵਿਚ ਭਾਈ ਲੱਖੀ ਸ਼ਾਹ ਵਣਜਾਰਾ ਹਾਲ ਵਿਚ ਹੋਇਆ ਜਿਥੇ ਰਾਗੀ ਸਿੰਘਾਂ ਦੇ ਜੱਥਿਆਂ ਨੇ ਗੁਰੂ ਕੀ ਇਲਾਹੀ ਬਾਣੀ ਦੇ ਰਸਭਿੰਨੇ ਕੀਰਤਨ ਨਾਲ ਸੰਗਤਾਂ ਨੂੰ ਨਿਹਾਲ ਕੀਤਾ। ਇਸ ਮੌਕੇ ਸਮਾਗਮ ਨੂੰ ਸੰਬੋਧਨ ਕਰਦਿਆਂ ਕਮੇਟੀ ਪ੍ਰਧਾਨ ਸਰਦਾਰ ਹਰਮੀਤ ਸਿੰਘ ਕਾਲਕਾ ਤੇ ਜਨਰਲ ਸਕੱਤਰ ਸਰਦਾਰ ਜਗਦੀਪ ਸਿੰਘ ਕਾਹਲੋਂ ਨੇ ਗੁਰੂ ਅਰਜਨ ਦੇਵ ਜੀ ਨੇ ਸਿੱਖ ਧਰਮ ਵਿਚ ਸ਼ਹਾਦਤਾਂ ਦੇਣ ਦੀ ਸ਼ੁਰੂਆਤ ਕੀਤੀ। ਉਹਨਾਂ ਮਗਰੋਂ ਗੁਰੂ ਤੇਗ ਬਹਾਦਰ ਸਾਹਿਬ ਜੀ ਨੇ ਸ਼ਹਾਦਤ ਦਿੱਤੀ। ਫਿਰ ਦਸਵੇਂ ਪਾਤਸ਼ਾਹ ਸ੍ਰੀ ਗੁਰੂ ਗੋਬਿੰਦ ਸਿੰਘ ਸਾਹਿਬ ਜੀ ਦੇ ਚਾਰ ਸਾਹਿਬਜ਼ਾਦਿਆਂ ਨੇ ਤੇ ਸਿੱਖ ਧਰਮ ਦੇ ਅਨੇਕਾਂ ਸੂਰਮਿਆਂ ਨੇ ਸ਼ਹਾਦਤਾਂ ਦਿੱਤੀਆਂ। ਉਹਨਾਂ ਕਿਹਾ ਕਿ ਇਹ ਸਿੱਖ ਧਰਮ ਦਾ ਸੁਭਾਗ ਹੈ ਕਿ ਗੁਰੂ ਅਰਜਨ ਦੇਵ ਜੀ ਨੇ ਭਗਤਾਂ, ਭੱਟਾਂ ਦੀਆਂ ਬਾਣੀਆਂ ਨੂੰ ਇਕੱਠਾ ਕਰ ਕੇ ਸਭ ਤੋਂ ਪਹਿਲਾਂ ਆਦਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਰਚਨਾ ਕੀਤੀ ਤੇ ਬਾਅਦ ਵਿਚ ਗੁਰੂ ਗੋਬਿੰਦ ਸਿੰਘ ਸਾਹਿਬ ਜੀ ਨੇ ਸ੍ਰੀ ਗੁਰੂ ਗ੍ਰੰਥ ਸਾਹਿਬ ਨੂੰ ਸੰਪੂਰਨ ਰੂਪ ਦੇ ਕੇ ਸਭ ਸਿੱਖਨ ਕੋ ਹੁਕਮ ਹੈ, ਗੁਰੂ ਮਾਨਿਓ ਗ੍ਰੰਥ ਦਾ ਹੁਕਮ ਦੇ ਕੇ ਗੁਰੂ ਦੇ ਲੜ ਲਗਾਇਆ। ਉਹਨਾਂ ਕਿਹਾ ਕਿ ਇਹ ਸਾਡਾ ਸੁਭਾਗ ਹੈ ਕਿ ਅੱਜ ਸ੍ਰੀ ਗੁਰੂ ਗ੍ਰੰਥ ਸਾਹਿਬ ਦੇ ਲੜ ਲੱਗੀ ਸਿੱਖ ਕੌਮ ਦੁਨੀਆਂ ਭਰ ਵਿਚ ਜਸ ਖੱਟ ਰਹੀ ਹੈ। ਉਹਨਾਂ ਕਿਹਾ ਕਿ ਇਸ ਸਾਲ ਅਸੀਂ ਗੁਰੂ ਤੇਗ ਬਹਾਦਰ ਜੀ ਦਾ 350 ਸਾਲਾ ਸ਼ਹੀਦੀ ਦਿਹਾੜਾ ਮਨਾ ਰਹੇ ਹਾਂ ਤਾਂ ਉਸ ਸਮੇਂ ਵਿਚ ਅਸੀਂ ਸਹਿਜ ਪਾਠਾਂ ਦੀ ਲੜੀ ਆਰੰਭੀ ਹੈ। ਜਿਹਨਾਂ ਘਰਾਂ ਵਿਚ ਗੁਰੂ ਸਾਹਿਬ ਦੇ ਸਰੂਪ ਮੌਜੂਦ ਹਨ, ਉਹਨਾਂ ਦੇ ਨਾਲ-ਨਾਲ ਅਸੀਂ ਜਿਹਨਾਂ ਘਰਾਂ ਵਿਚ ਸਰੂਪ ਨਹੀਂ ਹਨ, ਉਹਨਾਂ ਨੂੰ ਸਰੂਪ ਵੀ ਦੇ ਰਹੇ ਹਾਂ ਤੇ ਪੋਥੀਆਂ ਵੀ ਦੇ ਰਹੇ ਹਾਂ ਤਾਂ ਜੋ ਸੰਗਤਾਂ ਸਹਿਜ ਪਾਠ ਦੀ ਸੰਪੂਰਨਤਾ ਕਰ ਸਕਣ। ਸਰਦਾਰ ਕਾਲਕਾ ਤੇ ਸਰਦਾਰ ਕਾਹਲੋਂ ਨੇ ਕਿਹਾ ਕਿ ਗੁਰੂ ਅਰਜਨ ਦੇਵ ਜੀ ਤੋਂ ਬਾਅਦ ਛੇਵੇਂ ਪਾਤਸ਼ਾਹ ਗੁਰੂ ਹਰਿਗੋਬਿੰਦ ਸਾਹਿਬ ਜੀ ਨੇ ਸ੍ਰੀ ਅਕਾਲ ਤਖਤ ਸਾਹਿਬ ਦੀ ਸਿਰਜਣਾ ਕੀਤੀ ਤੇ ਸਿੱਖਾਂ ਨੂੰ ਮੀਰੀ-ਪੀਰੀ ਦੇ ਦੋ ਸਿਧਾਂਤ ਦਿੱਤੇ। ਉਹਨਾਂ ਕਿਹਾ ਕਿ ਇਹ ਬਹੁਤ ਹੀ ਮੰਦਭਾਗੀ ਗੱਲ ਹੈ ਕਿ ਅੱਜ ਕੁਝ ਤਾਕਤਾਂ ਸਿੱਖਾਂ ਦੇ ਸਰਵਉਚ ਤਖ਼ਤ ਦਾ ਉਹ ਸਤਿਕਾਰ ਨਹੀਂ ਕਰ ਰਹੀਆਂ ਜੋ ਕਰਨਾ ਬਣਦਾ ਹੈ। ਉਹਨਾਂ ਕਿਹਾ ਕਿ ਇਹਨਾਂ ਲੋਕਾਂ ਵਾਸਤੇ ਨਿੱਜਤਾ ਜ਼ਿਆਦਾ ਉਪਰ ਹੋ ਗਈ ਹੈ ਤੇ ਗੁਰੂ ਸਾਹਿਬ ਦਾ ਸਤਿਕਾਰ ਘੱਟ ਗਿਆ ਹੈ। ਇਸ ਮੌਕੇ 'ਤੇ ਸਮਾਗਮ ਵਿਚ ਦਿੱਲੀ ਗੁਰਦੁਆਰਾ ਕਮੇਟੀ ਦੇ ਅਹੁਦੇਦਾਰ, ਮੈਂਬਰ ਤੇ ਸ਼ਖ਼ਸੀਅਤਾਂ ਵੱਡੀ ਗਿਣਤੀ ਵਿਚ ਹਾਜ਼ਰ ਸਨ।




ਆਵਾਜ਼ਿ ਕੌਮ AWAZE QAUM International Newspaper & WEB TV

## ਬਠਿੰਡਾ 'ਚ ਐਕਸਾਈਜ਼ ਵਿਭਾਗ ਦੀ ਟੀਮ ਵੱਲੋਂ

# 'ਈਥੋਨਾਲ' ਨਾਲ ਭਰੇ ਗੁਜ਼ਰਾਤ ਨੰਬਰੀ ਦੋ ਟੈਂਕਰ ਕਾਬੂ



**☛ 8 ਜਣਿਆ ਵਿਰੁਧ ਪਰਚਾ ਦਰਜ਼, ਕੋਟਸ਼ਮੀਰ ਨਜਦੀਕ ਢਾਬੇ 'ਤੇ ਕੱਢਿਆ ਜਾ ਰਿਹਾ ਸੀ ਈਥੋਨਾਲ ☛ ਵਿਤ ਮੰਤਰੀ ਚੀਮਾ ਨੇ ਦਸਿਆ ਕਿ ਬੈਕਵਰਡ ਤੇ ਫਾਰਵਰਡ ਲੋਕਾਂ ਦੀ ਕੀਤੀ ਜਾ ਰਹੀ ਹੈ ਜਾਂਚ**

ਬਠਿੰਡਾ, 30 ਮਈ (ਗੁਰਜੰਟ ਸਿੰਘ ਨਥੇਹਾ)- ਪੰਜਾਬ ਦੇ ਵਿੱਤ ਤੇ ਆਬਾਕਾਰੀ ਮੰਤਰੀ ਹਰਪਾਲ ਸਿੰਘ ਚੀਮਾ ਦੀਆਂ ਵਿਸ਼ੇਸ ਹਿਦਾਇਤਾਂ 'ਤੇ ਬੀਤੀ ਦੇਰ ਰਾਤ ਐਕਸਾਈਜ਼ ਵਿਭਾਗ ਵੱਲੋਂ ਇੱਕ ਵੱਡੀ ਕਾਰਵਾਈ ਕਰਦਿਆਂ ਬਠਿੰਡਾ ਦੇ ਕੋਟਸ਼ਮੀਰ ਨਜਦੀਕ ਇੱਕ ਢਾਬੇ ਉਪਰ ਗੈਰ-ਕਾਨੂੰਨੀ ਤੌਰ 'ਤੇ ਈਥੋਨਾਲ ਚੋਰੀ ਕਰਨ ਦੇ ਮਾਮਲੇ ਦਾ ਪਰਦਾਫ਼ਾਸ਼ ਕਰਦਿਆਂ ਈਥੋਨਾਲ ਨਾਲ ਭਰੇ ਹੋਏ ਦੋ ਟੈਂਕਰਾਂ ਨੂੰ ਕਾਬੂ ਕੀਤਾ ਹੈ। ਮੁਢਲੀ ਜਾਣਕਾਰੀ ਮੁਤਾਬਕ ਗੁਜਰਾਤ ਨੰਬਰ ਦੇ ਇੰਨ੍ਹਾਂ ਟੈਂਕਰਾਂ ਨੂੰ ਗੁਰਦਾਸਪੁਰ ਦੇ ਦੀਨਾਨਗਰ ਵਿਚ ਸਥਿਤ ਇੱਕ ਡਿਸਲਟਰੀ ਤੋਂ ਭਰ ਕੇ ਲਿਆਂਦਾ ਜਾ ਰਿਹਾ ਸੀ ਤੇ ਚਰਚਾ ਮੁਤਾਬਕ ਇਹ ਅੱਗੇ ਕਿਸੇ ਹੋਰ ਸੂਬੇ ਵੱਲ ਜਾਣੇ ਸਨ। ਇਸ ਦੌਰਾਨ ਐਕਸਾਈਜ਼ ਵਿਭਾਗ ਦੀਆਂ ਟੀਮਾਂ ਵੱਲੋਂ ਪੁਲਿਸ ਦੀ ਸਹਾਇਤਾ ਨਾਲ ਮਾਰੀ ਗਈ ਛਾਪੇਮਾਰੀ ਦੌਰਾਨ ਪਿੰਡ ਕੋਟਸ਼ਮੀਰ ਨਜਦੀਕ ਨਵਰਾਜ ਢਾਬੇ ਉਪਰ ਇੰਨ੍ਹਾਂ ਦੋਨਾਂ ਟੈਂਕਰਾਂ ਨੂੰ ਜਬਤ ਕਰ ਲਿਆ। ਇਸ ਮਾਮਲੇ ਦੀ ਜਾਣਕਾਰੀ ਇੱਕ ਵਿਸ਼ੇਸ ਪ੍ਰੈਸ ਕਾਨਫਰੰਸ ਕਰਕੇ ਦਿੰਦਿਆਂ ਪੰਜਾਬ ਦੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਦਸਿਆ ਕਿ ਇਸ ਮੌਕੇ ਇੰਨ੍ਹਾਂ ਟੈਂਕਰਾਂ ਨੂੰ ਸਕਾਟ ਕਰਕੇ ਲਿਆ ਰਹੀਆਂ ਦੋ ਕਾਰਾਂ (ਇਟੋਓਸ ਤੇ ਇਨੋਵਾ) ਦੇ ਚਾਲਕਾਂ ਚਰਨਜੀਤ ਸਿੰਘ ਤੇ ਅਮਨਦੀਪ ਸਿੰਘ ਵਾਸੀ ਬੰਗੀ ਦੀਪਾ ਤੋਂ ਇਲਾਵਾ ਢਾਬਾ ਮਾਲਕ ਗੁਰਜੀਤ ਸਿੰਘ ਵਾਸੀ ਬੰਗੀ ਦੀਪਾ, ਉਸਦੇ ਢਾਬੇ 'ਤੇ ਕੰਮ ਕਰਦਾ ਗੁਰਸ਼ਰਨ ਸਿੰਘ ਵਾਸੀ ਬੰਗੀ ਦੀਪਾ, ਰਾਜ ਕੁਮਾਰ ਤੇ ਅਕਾਸ਼ ਵਾਸੀ ਨੇਪਾਲ ਸਹਿਤ ਦੋਨਾਂ ਟੈਂਕਰਾਂ ਦੇ ਡਰਾਈਵਰਾਂ ਸੁਖਵਿੰਦਰ ਤੇ ਬਬਲੂ ਵਾਸੀ ਯੂ.ਪੀ ਨੂੰ ਗ੍ਰਿਫਤਾਰ ਕੀਤਾ ਗਿਆ। ਇਸ ਸਬੰਧ ਵਿਚ ਇੰਨ੍ਹਾਂ ਵਿਰੁਧ ਥਾਣਾ ਸਦਰ ਵਿਚ ਐਕਸਾਈਜ਼ ਵਿਭਾਗ ਦੇ ਇੰਸਪੈਕਟਰ ਜਸਵੀਰ ਸਿੰਘ ਗਿੱਲ ਦੀ ਸਿਕਾਇਤ 'ਤੇ ਵੱਖ-ਵੱਖ ਧਾਰਾਵਾਂ ਤਹਿਤ ਪਰਚਾ ਦਰਜ਼ ਕਰਵਾਇਆ ਜਾ ਚੁੱਕਿਆ ਹੈ। ਉਨ੍ਹਾਂ ਦਸਿਆ ਕਿ ਫ਼ੜੇ ਜਾਣ 'ਤੇ ਡਰਾਈਵਰ ਕੋਈ ਬਿਲਟੀ ਜਾਂ ਹੋਰ ਦਸਤਾਵੇਜ਼ ਪੇਸ਼ ਨਹੀਂ ਕਰ ਸਕੇ ਕਿ ਇਹ ਕਿੱਥੋਂ ਲਿਆਂਦਾ ਗਿਆ ਤੇ ਅੱਗੇ ਕਿੱਥੇ ਜਾਣਾ ਸੀ। ਸ. ਚੀਮਾ ਨੇ ਅੱਗੇ ਦਸਿਆ ਕਿ ਈਥੋਨਾਲ ਦੀ ਵਰਤੋਂ ਨਾਲ ਨਾ ਸਿਰਫ਼ ਨਜਾਇਜ਼ ਸਰਾਬ ਤਿਆਰ ਹੁੰਦੀ ਹੈ, ਬਲਕਿ ਸੈਨੀਟਾਈਜ਼ਰ ਤੇ ਪੈਟਰੋਲ 'ਚ ਵੀ ਇਸਦਾ ਉਪਯੋਗ ਹੁੰਦਾ ਹੈ। ਉਨ੍ਹਾਂ ਦਸਿਆ ਕਿ ਜੇਕਰ ਇਸ ਬਰਾਮਦ ਕੀਤੇ ਈਥੋਨਾਲ ਦੇ ਨਾਲ 50 ਡਿਗਰੀ ਵਾਲੀ ਦੇਸੀ ਸਰਾਬ ਤਿਆਰ ਕਰਨੀ ਹੋਵੇ ਤਾਂ ਇਸਦੇ ਨਾਲ ਪੌਣੇ ਚਾਰ ਲੱਖ ਬੋਤਲਾਂ ਬਣ ਸਕਦੀਆਂ ਹਨ। ਇਸੇ ਤਰ੍ਹਾਂ 75 ਡਿਗਰੀ ਵਾਲੀ ਅੰਗਰੇਜ਼ੀ ਸਰਾਬ ਦੀਆਂ 2.50 ਲੱਖ ਬੋਤਲਾਂ ਅਤੇ 1.10 ਹਜ਼ਾਰ ਬੋਤਲ ਸੈਨੀਟਾਈਜ਼ਰ ਤਿਆਰ ਕੀਤਾ ਜਾ ਸਕਦਾ ਹੈ। ਵਿਤ ਮੰਤਰੀ ਨੇ ਦਾਅਵਾ ਕੀਤਾ ਕਿ ਹੁਣ ਤੱਕ ਪੰਜਾਬ ਸਰਕਾਰ ਵੱਲੋਂ ਪੌਣੇ ਦੋ ਲੱਖ ਲੀਟਰ ਦੇ ਕਰੀਬ ਈਥੋਨਾਲ ਬਰਾਮਦ ਕੀਤਾ ਜਾ ਚੁੱਕਿਆ ਹੈ। ਸ. ਚੀਮਾ ਨੇ ਕਿਹਾ ਕਿ ਫੜੇ ਗਏ ਵਿਅਕਤੀਆਂ ਤੋਂ ਹੁਣ ਪੁਲਿਸ ਡੂੰਘਾਈ ਨਾਲ ਪੜਤਾਲ ਕਰੇਗੀ ਕਿ ਉਹ ਇਹ ਈਥੋਨਾਲ ਕਿੱਥੋ ਲੈ ਕੇ ਆਏ ਸਨ ਤੇ ਅੱਗੇ ਕਿੱਥੇ ਜਾਣਾ ਸੀ ਤੇ ਇਸਨੂੰ ਕਿਸਨੇ ਮੰਗਵਾਇਆ ਸੀ। ਉਨ੍ਹਾਂ ਦਸਿਆ ਕਿ ਡਿਸਲਟਰੀਆਂ ਦੀ ਵੀ ਭੌਤਿਕ ਜਾਂਚ ਕਰਵਾਈ ਜਾਵੇਗੀ।

ਆਵਾਜ਼ਿ ਕੌਮ AWAZE QAUM International Newspaper & WEB TV

# ਚੇਅਰਮੈਨ ਢਿੱਲੋਂ ਨੇ ਦੁਗਨੀ ਦੇ ਸਰਕਾਰੀ ਪ੍ਰਾਇਮਰੀ ਸਕੂਲ ਦੇ ਵਿਕਾਸ ਕਾਰਜਾਂ ਦਾ ਕੀਤਾ ਉਦਘਾਟਨ




**ਧੂਰੀ ( ਰਣਜੀਤ ਸਿੰਘ ਪੇਧਨੀ )**-ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਹਲਕੇ ਵਿਚ ਪੈਂਦੇ ਪਿੰਡ ਦੇ ਦੁਗਨੀ ਵਿਖੇ ਹੈੱਡ ਟੀਚਰ ਜਗਤਾਰ ਸਿੰਘ ਦੀ ਅਗਵਾਈ ਹੇਠ ਹੋਏ ਵਿਕਾਸ ਕਾਰਜਾਂ ਦਾ ਉਦਘਾਟਨ ਮੁੱਖ ਮੰਤਰੀ ਕੈਂਪਸ ਦੇ ਇੰਚਾਰਜ ਦਲਵੀਰ ਸਿੰਘ ਢਿੱਲੋ ਚੇਅਰਮੈਨ ਲਘੂ ਉਦਯੋਗ ਨਿਗਮ ਪੰਜਾਬ ਨੇ ਕੀਤਾ । ਉਹਨਾਂ ਕਿਹਾ ਕਿ ਮਾਨ ਸਰਕਾਰ ਦੀਆਂ ਯੋਜਨਾਵਾਂ ਕਾਗਜ਼ਾਂ ਵਿੱਚ ਹੀ ਨਹੀਂ ਸਗੋਂ ਜਮੀਨੀ ਪੱਧਰ ਤੇ ਕੰਮ ਵੀ ਹੋ ਰਿਹਾ ਹੈ। ਉਹਨਾਂ ਕਿਹਾ ਕਿ ਪੰਜਾਬ ਸਰਕਾਰ ਪਿੰਡਾਂ ਦੇ ਸਿੱਖਿਆ, ਸਿਹਤ ,ਸੜਕਾ, ਪਾਣੀ ਅਤੇ ਪਿੰਡਾਂ ਦੇ ਵਿਕਾਸ ਲਈ ਪੂਰੀ ਤਰ੍ਹਾਂ ਵਚਨਬੱਧ ਹੈ ਅਤੇ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਹੇਠ ਹਰ ਪਿੰਡ ਨੂੰ ਬੁਨਿਆਦੀ ਸਹੂਲਤਾਂ ਨਾਲ ਲੈਸ ਕੀਤਾ ਜਾ ਰਿਹਾ ਹੈ ਅਤੇ ਪੰਜਾਬ ਵਿੱਚ ਸਿੱਖਿਆ ਕਾਂਤੀ ਲਿਆ ਕੇ ਸਕੂਲਾਂ ਦੀ ਨੁਹਾਰ ਬਦਲੀ ਰਹੀ ਹੈ। ਇਸ ਮੌਕੇ ਦਰਸਨ ਸਿੰਘ ਪਾਠਕ , ਕੁਲਵਿੰਦਰ ਸਿੰਘ, ਜਗਦੇਵ ਕੁਮਾਰ, ਮੁਹੰਮਦ ਇਰਫਾਨ, ਸਰਬਜੀਤ ਕੌਰ , ਬਲਰਾਜ ਕੌਰ, ਸਰਪੰਚ ਅਸਗਰ ਖਾਨ, ਕੁਲਵਿੰਦਰ ਸਿੰਘ, ਜਗਦੇਵ ਕੁਮਾਰ , ਮੁਹੰਮਦ ਇਰਫਾਨ, ਸਰਬਜੀਤ ਕੌਰ, ਬਲਰਾਜ ਕੌਰ ਸਰਪੰਚ ਅਸਗਰ ਖਾਨ, ਚੇਅਰਮੈਨ ਸਮਸਾਦ, ਖਾਲਿਦ ਖਾਨ ਅਤੇ ਸਮੂਹ ਗ੍ਰਾਮ ਪੰਚਾਇਤ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਫੌਜੀ ਛਾਉਣੀ ਦੇ ਬਾਹਰ ਸਿੱਖ ਰੈਜੀਮੈਂਟ ਵੱਲੋਂ ਸ਼ਹੀਦਾ ਦੇ ਸਰਤਾਜ ਅਮਰ ਸ਼ਹੀਦ ਸ੍ਰੀ ਗੁਰੂ ਅਰਜਨ ਦੇਵ ਜੀ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਛਬੀਲ ਲਗਾਈ ਗਈ





**ਜੰਡਿਆਲਾ ਗੁਰੂ, 30 ਮਈ ( ਕੁਲਵੰਤ ਸਿੰਘ ਵਿਰਦੀ)**-ਅੱਜ ਜੰਡਿਆਲਾ ਗੁਰੂ ਵਿਖੇ ਸਥਿਤ ਫੌਜੀ ਛਾਉਣੀ ਦੇ ਬਾਹਰ ਵਾਰ ਸ਼੍ਰੀ ਗੁਰੂ ਅਰਜਨ ਦੇਵ ਜੀ ਦੇ ਸ਼ਹੀਦੀ ਦਿਵਸ ਮੌਕੇ ਸਿੱਖ ਰੈਜੀਮੈਂਟ ਦੇ ਫੋਜੀ ਜਵਾਨਾਂ ਵੱਲੋ ਠੰਡੇ ਮਿੱਠੇ ਜਲ ਦੀ ਛਬੀਲ ਲਗਾਈ ਗਈ ਅਤੇ ਫੌਜੀ ਜਵਾਨਾਂ ਵੱਲੋ ਸੰਗਤਾਂ ਨੂੰ ਛਬੀਲ ਵਰਤਾਉਣ ਦੀ ਸੇਵਾ ਨਿਭਾਈ ਗਈ ।ਇਸ ਮੌਕੇ ਪੱਤਰਕਾਰਾਂ ਦੀ ਟੀਮ ਨਾਲ ਨਾਇਬ ਸੂਬੇਦਾਰ ਰਾਜਵਿੰਦਰ ਸਿੰਘ ਨੇ ਗੱਲਬਾਤ ਕਰਦਿਆ ਹੋਇਆ ਦੱਸਿਆ ਕਿ ਪਿਛਲੇ ਤਿੰਨ ਸਾਲਾਂ ਤੋਂ ਸ੍ਰੀ ਗੁਰੂ ਅਰਜਨ ਦੇਵ ਸਾਹਿਬ ਜੀ ਦੇ ਸਹੀਦੀ ਦਿਹਾੜੇ ਨੂੰ ਸਮਰਪਿਤ ਛਬੀਲ ਲਗਾਈ ਜਾਂਦੀ ਹੈ ਅਤੇ ਅਜ ਵੀ ਸਵੇਰੇ 9 ਵਜੇ ਤੋਂ ਠੰਡੇ ਮਿੱਠੇ ਜਲ ਦੀ ਸ਼ਬੀਲ ਲਗਾਈ ਗਈ ਹੈ ਨੌਜਵਾਨ ਗੁਰੂਆਂ ਵਲੋਂ ਦੱਸੇ ਮਾਰਗ ਤੇ ਚੱਲਣ ਅਤੇ ਗੁਰੂਆਂ ਦੀ ਬਾਣੀ ਨਾਲ ਜੁੜਨ ਤੇ ਆਪਣੇ ਜੀਵਨ ਨੂੰ ਸਫਲ ਬਣਾਉਣ ਅਤੇ ਸਾਨੂੰ ਆਪਣੇ ਗੁਰੂ ਸਾਹਿਬਾਨਾਂ ਦੇ ਅਵਤਾਰ ਪੁਰਬ ਸ਼ਹੀਦੀ ਦਿਹਾੜੇ ਯਾਦ ਰੱਖਣੇ ਚਾਹੀਦੇ ਹਨ ਸਾਡੀ ਨੌਜਵਾਨ ਪੀੜ੍ਹੀ ਆਪਣੇ ਸਿੱਖ ਇਤਿਹਾਸ ਨੂੰ ਭੁੱਲਦੀ ਜਾ ਰਹੀ ਹੈ ਅਤੇ ਭੈੜੀ ਸੰਗਤ ਵਿੱਚ ਰਲ ਕਿ ਜੋ ਨਸੇ ਦੇ ਆਦੀ ਬਣ ਚੁਕੇ ਹਨ ਨੌਜਵਾਨ, ਉਹਨਾਂ ਨੌਜਵਾਨਾਂ ਨੂੰ ਨਸੇ ਛੱਡ ਕਿ ਆਪਣੇ ਸਿੱਖ ਇਤਿਹਾਸ ਨਾਲ ਜੁੜ ਕੇ ਆਪਣੇ ਮਾਂ ਪਿਉ ਅਤੇ ਸਮਾਜ ਦੇ ਲੋਕਾਂ ਦੀ ਸੇਵਾ ਲਈ ਅੱਗੇ ਆਉਣਾ ਚਾਹੀਦਾ ਹੈ!

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਮੈਹਣੀਆਂ ਕੁਹਾਰਾਂ ਵਿਖੇ ਦਮਦਮੀ ਟਕਸਾਲ ਵਲੋਂ

# ਸਾਲਾਨਾਂ 41ਵਾਂ ਸ਼ਹੀਦੀ ਸਮਾਗਮ ਮਨਾਇਆ








**ਚੌਕ ਮਹਿਤਾ 30 ਮਈ ( ਬਾਬਾ ਸੁਖਵੰਤ ਸਿੰਘ ਚੰਨਣਕੇ)**-ਜੂਨ 1984 ਵਿਚ ਵਾਪਰੇ ਤੀਸਰੇ ਘੱਲੂਘਾਰੇ ਦੌਰਾਨ ਦਮਦਮੀ ਟਕਸਾਲ ਦੇ ਚੌਦਵੇਂ ਮੁਖੀ ਸੰਤ ਗਿਆਨੀ ਜਰਨੈਲ ਸਿੰਘ ਖ਼ਾਲਸਾ ਭਿੰਡਰਾਂਵਾਲਿਆਂ ਮਹਾਂਪੁਰਸ਼ਾਂ ਦੀ ਅਗਵਾਈ 'ਚ ਭਾਈ ਅਮਰੀਕ ਸਿੰਘ ਜੀ,ਜਰਨਲ ਸੁਬੇਗ ਸਿੰਘ ਜੀ ਅਤੇ ਸਮੂਹ ਸ਼ਹੀਦ ਸਿੰਘ ਸਿੰਘਣੀਆਂ ਭੁਝੰਗੀਆਂ ਦੀ ਪਾਵਨ ਯਾਦ ਨੂੰ ਸਮ੍ਰਪਿਤ ਪਿੰਡ ਮੈਹਣੀਆਂ ਕੁਹਾਰਾਂ ਦੇ "ਵੱਡੇ ਗੁਰਦੁਆਰਾ ਸਾਹਿਬ" ਵਿਖੇ ਮਿਤੀ 29 ਮਈ ਦਿਨ ਵੀਰਵਾਰ ਨੂੰ ਸਾਲਾਨਾਂ 41ਵਾਂ ਸ਼ਹੀਦੀ ਸਮਾਗਮ ਮਨਾਇਆ ਗਿਆ । ਜਿਸ ਵਿਚ ਦਮਦਮੀ ਟਕਸਾਲ ਦੇ ਹਜ਼ੂਰੀ ਰਾਗੀ ਜਥੇ ਵਲੋਂ ਇਲਾਹੀ ਗੁਰਬਾਣੀ ਚੋਂ ਬੀਰ ਰਸ ਭਰਪੂਰ ਕੀਰਤਨ ਉਪਰੰਤ ਦਮਦਮੀ ਟਕਸਾਲ ਦੇ ਮੌਜੂਦਾ ਮੁਖੀ ਸ੍ਰੀ ਮਾਨ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਭਿੰਡਰਾਂਵਾਲਿਆਂ ਮਹਾਂਪੁਰਸ਼ਾਂ ਵਲੋਂ ਮਹਾਂਕਵੀ ਸੰਤੋਖ ਸਿੰਘ ਰਚਿਤ ਪੁਰਾਤਨ ਸ੍ਰੋਤ "ਸ੍ਰੀ ਗੁਰੂ ਪ੍ਰਤਾਪ ਸੂਰਜ ਗ੍ਰੰਥ" ਚੋਂ ਪੰਚਮ ਪਾਤਸ਼ਾਹ ਸ੍ਰੀ ਗੁਰੂ ਅਰਜਨ ਦੇਵ ਪਾਤਸ਼ਾਹ ਜੀ ਦੀ ਸ਼ਹਾਦਤ ਦੇ ਲੜੀਵਾਰ ਇਤਿਹਾਸ ਦੀ ਕਥਾ ਸ੍ਰਵਣ ਕਰਵਾ ਕੇ ਸੰਗਤਾਂ ਨੂੰ ਨਿਹਾਲ ਕੀਤਾ। ਮਹਾਪੁਰਸ਼ਾਂ ਵਲੋਂ ਸ਼ਹੀਦ ਭਾਈ ਜਗੀਰ ਸਿੰਘ ਮੱਖਣਵਿੰਡੀ ਦੇ ਭੈਣ ਜੀ ਸੁਰਜੀਤ ਕੌਰ ਦਾ ਸਨਮਾਨ ਕੀਤਾ ਗਿਆ । ਭਾਈ ਗੁਰਦੇਵ ਸਿੰਘ ਮੈਹਣੀਆਂ ਅਤੇ ਭਾਈ ਸਤਨਾਮ ਸਿੰਘ,ਭਾਈ ਸ਼ਮਸ਼ੇਰ ਸਿੰਘ ਜੇਠੂਵਾਲ ਵਲੋਂ ਮਹਾਂਪੁਰਸ਼ਾਂ ਦਾ ਸਨਮਾਨ ਕੀਤਾ ਗਿਆ। ਇਸ ਮੌਕੇ ਪ੍ਰਿੰਸੀਪਲ ਗੁਰਦੀਪ ਸਿੰਘ,ਭਾਈ ਪਰਮਜੀਤ ਸਿੰਘ ਅਕਾਲੀ,ਜਥੇਦਾਰ ਬਲਵਿੰਦਰ ਸਿੰਘ ਜੋਧਪੁਰੀ,ਦਿਲਦਾਰ ਸਿੰਘ ਢਿਲੋਂ,ਹਰਪਾਲ ਸਿੰਘ ਮੂਧਲ,ਗਿਆਨੀ ਦਲਜੀਤ,ਭਾਈ ਗੁਰਦੇਵ ਸਿੰਘ ਮੈਹਣੀਆਂ ਕੁਹਾਰਾਂ,ਭਾਈ ਸਤਨਾਮ ਸਿੰਘ,ਭਾਈ ਸ਼ਮਸ਼ੇਰ ਸਿੰਘ ਜੇਠੂਵਾਲ,ਸਾਬਕਾ ਸਰਪੰਚ ਕਾਲਾ ਸਿੰਘ, ਭਾਈ ਗੁਰਲਾਲ ਸਿੰਘ,ਬਾਬਾ ਦਵਿੰਦਰ ਸਿੰਘ, ਭਜਨ ਸਿੰਘ ਸੋਢੀ,ਉਸਤਾਦ ਮੰਗਲ ਸਿੰਘ,ਬਾਬਾ ਮੰਗਲ ਸਿੰਘ,ਗਿਆਨੀ ਜੱਗਾ ਸਿੰਘ ਬੁੱਢਾ ਦਲ,ਮਨਦੀਪ ਸਿੰਘ,ਸਾਹਿਬ ਸਿੰਘ,ਰਘਬੀਰ ਸਿੰਘ ਆਦਿ ਹਾਜਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

### ਨਸ਼ਾ ਮੁਕਤੀ ਯਾਤਰਾ ਅਧੀਨ ਵੱਖ-ਵੱਖ ਪਿੰਡਾਂ ਦੇ

# ਲੋਕਾਂ ਨੂੰ ਨਸ਼ਿਆਂ ਦੇ ਖਾਤਮੇ ਦੀ ਚੁਕਾਈ ਸਹੁੰ

**ਸੰਗਰੂਰ ( ਰਣਜੀਤ ਸਿੰਘ ਪੇਧਨੀ )**-ਪੰਜਾਬ ਸਰਕਾਰ ਵੱਲੋਂ ਮੁੱਖ ਮੰਤਰੀ, ਭਗਵੰਤ ਸਿੰਘ ਮਾਨ ਦੀ ਅਗਵਾਈ ਵਿੱਚ ਨਸ਼ਿਆਂ ਦੇ ਮੁਕੰਮਲ ਖਾਤਮੇ ਲਈ ਚਲਾਈ ਜਾ ਰਹੀ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਨੂੰ ਸੂਬੇ ਦੇ ਲੋਕਾਂ ਵੱਲੋਂ ਭਰਵਾਂ ਸਹਿਯੋਗ ਦਿੱਤਾ ਜਾ ਰਿਹਾ ਹੈ ਅਤੇ ਇਸੇ ਮੁਹਿੰਮ ਤਹਿਤ ਚਲਾਈ ਜਾ ਰਹੀ ਨਸ਼ਾ ਮੁਕਤੀ ਯਾਤਰਾ ਦੇ ਸਾਰਥਿਕ ਸਿੱਟੇ ਨਿਕਲ ਰਹੇ ਹਨ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਬੀ.ਡੀ.ਪੀ.ਓ. ਗੁਰਦਰਸ਼ਨ ਸਿੰਘ ਨੇ ਪਿੰਡ ਚੱਠੇ ਸੇਖਵਾਂ, ਉਪਲੀ ਅਤੇ ਸਿਬੀਆ ਵਿਖੇ ਕੈਬਨਿਟ ਮੰਤਰੀ ਸ਼੍ਰੀ ਅਮਨ ਅਰੋੜਾ ਦੀ ਅਗਵਾਈ ਵਿੱਚ ਨਸ਼ਾ ਮੁਕਤੀ ਯਾਤਰਾ ਦੌਰਾਨ ਪਿੰਡਾਂ ਦੀਆਂ ਡਿਫੈਂਸ ਕਮੇਟੀਆਂ, ਪੰਚਾਇਤਾਂ ਤੇ ਨੌਜਵਾਨ ਕਲੱਬਾਂ ਦੇ ਮੈਂਬਰਾਂ ਨਾਲ ਮੀਟਿੰਗਾਂ ਕਰਨ ਮੌਕੇ ਕੀਤਾ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸੂਬੇ ਦੀ ਬਿਹਤਰੀ ਲਈ ਕੀਤੇ ਜਾ ਰਹੇ ਕੰਮਾਂ ਵਿੱਚ ਲੋਕਾਂ ਦਾ ਸਹਿਯੋਗ ਬਹੁਤ ਜ਼ਰੂਰੀ ਹੈ ਅਤੇ ਨਸ਼ਾ ਮੁਕਤ ਸਮਾਜ ਦੀ ਸਿਰਜਣਾ ਕਰਨੀ ਅੱਜ ਦੀ ਸਭ ਤੋਂ ਵੱਡੀ ਲੋੜ ਹੈ। ਬੀ.ਡੀ.ਪੀ.ਓ. ਨੇ ਲੋਕਾਂ ਨੂੰ ਅਪੀਲ ਕੀਤੀ ਕਿ ਨਸ਼ਿਆਂ ਦੇ ਖਾਤਮੇ ਲਈ ਲੜੀ ਜਾ ਰਹੀ ਜੰਗ ਵਿੱਚ ਵੱਧ ਚੜ੍ਹ ਕੇ ਸਹਿਯੋਗ ਦਿੱਤਾ ਜਾਵੇ ਅਤੇ ਨਸ਼ਿਆਂ ਦੇ ਸੌਦਾਗਰਾਂ ਬਾਰੇ ਪੁਲਿਸ ਨੂੰ ਸੂਚਿਤ ਕੀਤਾ ਜਾਵੇ ਤਾਂ ਜੋ ਸੂਬੇ ਦੀ ਜਵਾਨੀ ਨੂੰ ਨਸ਼ਿਆਂ ਦੀ ਦਲਦਲ ਵਿੱਚ ਫਸਾਉਣ ਵਾਲਿਆਂ ਨੂੰ ਜੇਲ੍ਹਾਂ ਅੰਦਰ ਡੱਕਿਆ ਜਾ ਸਕੇ। ਉਹਨਾਂ ਨੇ ਇਸ ਮੌਕੇ ਪਿੰਡਾਂ ਦੇ ਲੋਕਾਂ ਨੂੰ ਨਸ਼ਿਆਂ ਦੇ ਖਾਤਮੇ ਲਈ ਪ੍ਰਣ ਵੀ ਦਿਵਾਇਆ।ਬੀ.ਡੀ.ਪੀ.ਓ. ਨੇ ਕਿਹਾ ਕਿ ਨਸ਼ਾ ਇੱਕ ਕੋਹੜ ਹੈ ਇਸ ਤੋਂ ਹਰੇਕ ਨੌਜਵਾਨ ਨੂੰ ਬਚਣ ਦੀ ਲੋੜ ਹੈ। ਅਕਸਰ ਹੀ ਗਲਤ ਜਾਣਕਾਰੀ ਅਤੇ ਕੁਝ ਪਲਾਂ ਦੇ ਸਕੂਨ ਕਾਰਨ ਨੌਜਵਾਨ ਇਸ ਗਲਤ ਰਾਹ ਦਾ ਸ਼ਿਕਾਰ ਹੋ ਜਾਂਦੇ ਹਨ ਪਰ ਹੁਣ ਪਿੰਡ ਪੱਧਰ 'ਤੇ ਡਿਫੈਂਸ ਕਮੇਟੀਆਂ ਨੂੰ ਵੀ ਜ਼ਿੰਮੇਵਾਰੀ ਦਿੱਤੀ ਗਈ ਹੈ ਕਿ ਉਹ ਨੌਜਵਾਨਾਂ ਨੂੰ ਸਹੀ ਗਾਈਡ ਕਰਨ ਅਤੇ ਖੇਡ ਗਰਾਊਂਡਾਂ ਨਾਲ ਜੋੜ ਕੇ ਉਹਨਾਂ ਨੂੰ ਨਸ਼ਿਆਂ ਤੋਂ ਦੂਰ ਰੱਖਣ। ਪੰਜਾਬ ਵਿੱਚ ਨਸ਼ਿਆਂ ਦਾ ਮੁਕੰਮਲ ਖਾਤਮਾ ਕਰਨ ਲਈ ਪੰਜਾਬ ਸਰਕਾਰ ਦਿਨ ਰਾਤ ਯਤਨਸ਼ੀਲ ਹੈ। ਇਸ ਮੌਕੇ ਕੈਬਨਿਟ ਮੰਤਰੀ ਸ਼੍ਰੀ ਅਮਨ ਅਰੋੜਾ ਦੇ ਪੀ.ਏ.ਸੰਜੀਵ ਕੁਮਾਰ, ਕੁਲਦੀਪ ਕੌਰ ਸਿਹਤ ਵਿਭਾਗ, ਦਰਸ਼ਨ ਸਿੰਘ ਸਰਪੰਚ ਚੱਠੇ ਸੇਖਵਾਂ, ਜੰਗੀਰ ਸਿੰਘ ਸਰਪੰਚ ਉੱਪਲੀ, ਹਾਕਮ ਸਿੰਘ ਸਰਪੰਚ ਸਿਬੀਆ, ਮਨਪ੍ਰੀਤ ਸਿੰਘ ਮਨੀ, ਗੁਰਦੀਪ ਸਿੰਘ, ਸ਼੍ਰੀ ਸ਼ਿਵ, ਅਵਤਾਰ ਸਿੰਘ ਉੱਪਲੀ, ਕੁਲਦੀਪ ਸਿੰਘ ਪੰਚ, ਤਰਸੇਮ ਗਿਰ, ਨਰਿੰਦਰ ਸਿੰਘ, ਕੁਲਜੀਤ ਸਿੰਘ ਸਿਬੀਆ, ਸੰਦੀਪ ਸਿੰਘ ਦੁੱਗਾਂ, ਮਨਿੰਦਰ ਸਿੰਘ ਸਰਪੰਚ ਲਖਮੀਰਵਾਲਾ, ਪਰਮਜੀਤ ਸਿੰਘ ਧਾਲੀਵਾਲ, ਇੰਚਾਰਜ ਜਗਤਾਰ ਸਿੰਘ ਸਦਰ ਸੰਗਰੂਰ, ਸਮੇਤ ਵੱਖੋ ਵੱਖ ਵਿਭਾਗਾਂ ਦੇ ਅਧਿਕਾਰੀ, ਡਿਫੈਂਸ ਕਮੇਟੀਆਂ ਦੇ ਮੈਂਬਰ ਅਤੇ ਵੱਡੀ ਗਿਣਤੀ ਲੋਕ ਹਾਜ਼ਰ ਸਨ।



### ਪਿੰਡ ਚੱਠੇ ਸੇਖਵਾਂ, ਉਪਲੀ ਅਤੇ ਸਿਬੀਆ ਵਿਖੇ ਡਿਫੈਂਸ ਕਮੇਟੀਆਂ ਦੀਆਂ ਮੀਟਿੰਗਾਂ

ਆਵਾਜ਼ਿ ਕੌਮ AWAZE QAUM International Newspaper & WEB TV

# ਸ੍ਰੀ ਗੁਰੂ ਅਰਜਨ ਦੇਵ ਜੀ ਦੇ ਸ਼ਹੀਦੀ ਦਿਹਾੜੇ ਮੌਕੇ ਨਗਰ ਕੀਰਤਨ ਲਈ ਕੀਤੀ ਲੰਗਰ ਦੀ ਸੇਵਾ





**ਫ਼ਿਰੋਜ਼ਪੁਰ, 30 ਮਈ (ਮਨੋਹਰ ਲਾਲ) :**—ਸ੍ਰੀ ਗੁਰੂ ਅਰਜਨ ਦੇਵ ਜੀ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਗੁਰਦੁਆਰਾ ਅਕਾਲਗੜ੍ਹ ਸਾਹਿਬ ਫਿਰੋਜਪੁਰ ਸ਼ਹਿਰ ਤੋਂ ਚੱਲੇ ਨਗਰ ਕੀਰਤਨ ਦੀ ਆਮਦ ਤੇ ਬਗਦਾਦੀ ਗੇਟ ਸਮੂਹ ਸੰਗਤ ਵੱਲੋਂ ਅਤੇ ਸਵਰਗੀ ਸਰਦਾਰ ਹਰਪਾਲ ਸਿੰਘ ਭੁੱਲਰ ਦੇ ਪਰਿਵਾਰ ਵੱਲੋਂ ਲੰਗਰ ਦੀ ਸੇਵਾ ਕੀਤੀ ਗਈ। ਇਸ ਸਬੰਧੀ ਜਾਣਕਾਰੀ ਸਾਂਝੀ ਕਰਦਿਆਂ ਵਿਸ਼ਵ ਭਾਈ ਮਰਦਾਨਾ ਸੁਸਾਇਟੀ ਦੇ ਪ੍ਰਧਾਨ ਜਗਜੀਤ ਸਿੰਘ ਭੁੱਲਰ ਨੇ ਕਿਹਾ ਕਿ ਉਹ ਸਰਦਾਰ ਹਰਪਾਲ ਸਿੰਘ ਭੁੱਲਰ ਦੀ ਰੀਤ ਨੂੰ ਅੱਗੇ ਚਲਾਉਂਦਿਆਂ ਹੋਇਆ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਲੰਗਰ ਦੀ ਸੇਵਾ ਸਮੂਹ ਸੰਗਤਾਂ ਦੇ ਸਹਿਯੋਗ ਨਾਲ ਕੀਤੀ ਗਈ। ਪਹਿਲਾਂ ਪੰਜ ਪਿਆਰਿਆਂ ਤੇ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਪਾਲਕੀ ਦੇ ਉੱਪਰ ਫੁੱਲਾਂ ਦੀ ਵਰਖਾ ਕੀਤੀ ਗਈ ਤੇ ਨਾਲ ਹੀ ਸਾਰਿਆਂ ਨੂੰ ਲੰਗਰ ਛਕਾਇਆ ਗਿਆ, ਉਪਰੰਤ ਨਗਰ ਕੀਰਤਨ ਅਤੇ ਗਤਕਾ ਪਾਰਟੀਆਂ ਨੇ ਅੱਗੇ ਨੂੰ ਚਾਲੇ ਪਾਏ। ਇਸ ਮੌਕੇ ਰਜੇਸ਼ ਕੁਮਾਰ ਅਤੇ ਗੁਰਮੀਤ ਸਿੰਘ ਹਸਤੀਵਾਲਾ ਨੇ ਆਖਿਆ ਕਿ ਇਸ ਲੰਗਰ ਵਿੱਚ ਧਰਮਿੰਦਰ ਨਰੂਲਾ, ਬਲਜਿੰਦਰ ਸਿੰਘ ਬੱਬੂ ਹੁਸੈਨੀਵਾਲਾ, ਬਲਜੀਤ ਸਿੰਘ ਤੋਜੀ ਆਰੇ ਵਾਲੇ, ਵਿਪਨ ਭੋਲਾ ਆਰੇ ਵਾਲੇ, ਟੋਨੀ ਆਰੇ ਵਾਲੇ, ਵਿੱਕੀ ਭੱਲਾ, ਅੰਮ੍ਰਿਤ ਪ੍ਰੀਤ ਸਿੰਘ ਭੁੱਲਰ, ਮਨਜੀਤ ਸਿੰਘ ਮਠਾੜੂ, ਬਲਦੇਵ ਸਿੰਘ ਗਭਰੂ, ਜੋਗਾ ਸਿੰਘ, ਰਜੇਸ਼ ਕੁਮਾਰ ਵਿਜੇ ਟੈਂਟ ਹਾਊਸ, ਸੋਨੂ ਇਲੈਕਟਰੋਨਿਕਸ ਆਦਿ ਨੇ ਸੇਵਾ ਵਿੱਚ ਹਿੱਸਾ ਪਾਇਆ। ਉਨ੍ਹਾਂ ਦੱਸਿਆ ਕਿ ਸਮਾਗਮਾਂ ਵਿਚ ਸੇਵਾ ਕਰਨ ਲਈ ਜਸਬੀਰ ਸਿੰਘ ਵੀ ਅਸਰਟੇਲੀਆ ਤੋਂ ਪੁੱਜੇ ਹੋਏ ਸਨ। ਜਗਜੀਤ ਸਿੰਘ ਭੁੱਲਰ ਨੇ ਆਖਿਆ ਕਿ ਗੁਰਦੁਆਰਾ ਅਕਾਲਗੜ੍ਹ ਸਾਹਿਬ ਵਿੱਚ ਇਹ ਸਲਾਨਾ ਪ੍ਰੋਗਰਾਮ ਬਹੁਤ ਹੀ ਵਧੀਆ ਤਰੀਕੇ ਨਾਲ ਚਲਾਏ ਜਾਂਦੇ ਹਨ ਤੇ ਸੰਗਤਾਂ ਵਿੱਚ ਭਾਰੀ ਉਤਸਾਹ ਹੁੰਦਾ ਹੈ ਢਾਡੀ ਜਥੇ ਕੀਰਤਨੀ ਜਥੇ ਆਪਣੇ ਆਪਣੇ ਵਿਚਾਰਾਂ ਨਾਲ ਸੰਗਤਾਂ ਨੂੰ ਨਿਹਾਲ ਕਰਦੇ ਹਨ।

ਆਵਾਜ਼ਿ ਕੌਮ AWAZE QAUM International Newspaper & WEB TV

# ਸ਼ਹੀਦਾਂ ਦੇ ਸਰਤਾਜ ਸ੍ਰੀ ਗੁਰੂ ਅਰਜਨ ਦੇਵ ਜੀ ਦੀ ਸ਼ਹੀਦੀ ਨੂੰ ਸਮਰਪਿਤ ਲਾਏ ਲੰਗਰ



ਫ਼ਿਰੋਜ਼ਪੁਰ, 30 ਮਈ (ਮਨੋਹਰ ਲਾਲ) :— ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਭਾਈ ਲਾਲੋ ਜੀ ਕਾਰੀਗਰੀ ਯੂਨੀਅਨ ਨੇ ਚੌਂਕ ਬਾਬਾ ਨਾਮਦੇਵ ਜੀ ਵਿੱਚ ਸ਼ਹੀਦਾਂ ਦੇ ਸਰਤਾਜ ਧੰਨ—ਧੰਨ ਸ਼੍ਰੀ ਗੁਰੂ ਅਰਜਨ ਦੇਵ ਜੀ ਦੀ ਸ਼ਹੀਦੀ ਨੂੰ ਸਮਰਪਿਤ ਠੰਡੇ ਮਿੱਠੇ ਜਲ ਦੀ ਛਬੀਲ ਅਤੇ ਗੁਰ ਦਾ ਲੰਗਰ ਸੰਗਤਾਂ ਵਿੱਚ ਵਰਤਾਇਆ। ਇਸ ਮੌਕੇ ਗੱਲ ਕਰਦੇ ਹੋਏ ਯੂਨੀਅਨ ਆਗੂ ਇੰਦਰਜੀਤ ਸਿੰਘ ਅਤੇ ਕਰਨੈਲ ਸਿੰਘ ਨੇ ਕਿਹਾ ਕਿ ਸਾਨੂੰ ਗੁਰੂ ਸਾਹਿਬਾਨਾਂ ਦੇ ਦੱਸੇ ਹੋਏ ਰਾਹ ਤੇ ਚੱਲਣਾ ਚਾਹੀਦਾ ਹੈ ਅਤੇ ਕਿਰਤ ਦੀ ਕਮਾਈ ਕਰਨੀ ਚਾਹੀਦੀ ਹੈ। ਇਥੇ ਵਿਸ਼ੇਸ਼ ਤੌਰ ਤੇ ਪਹੁੰਚੇ ਸਰਬਤ ਦਾ ਭਲਾ ਵੈਲਫੇਅਰ ਸੁਸਾਇਟੀ ਦੇ ਪ੍ਰਧਾਨ ਜਰਨੈਲ ਸਿੰਘ ਗਾਬੜੀਆ, ਸਵਰਨ ਸਿੰਘ ਕਲਸੀ, ਅਮਰ ਸਿੰਘ, ਬਿੱਟੂ ਸਿੰਘ, ਸ਼ਿਵ ਕਬੀਰ ਸਿੰਘ ਨੇ ਵੀ ਇਸ ਵਿਚ ਸੇਵਾ ਕੀਤੀ ਅਤੇ ਭਾਈ ਲਾਲੋ ਜੀ ਕਾਰੀਗਰੀ ਯੂਨੀਅਨ ਦਾ ਧੰਨਵਾਦ ਕੀਤਾ। ਸੁਸਾਇਟੀ ਪ੍ਰਧਾਨ ਜਰਨੈਲ ਸਿੰਘ ਗਾਬੜੀਆ ਨੇ ਕਿਹਾ ਕਿ ਅੱਜ ਜਿਸ ਤਰ੍ਹਾਂ ਨੌਜਵਾਨ ਨਸ਼ੇ ਦੀ ਦਲਦਲ ਵਿੱਚ ਧੱਸਦੇ ਜਾ ਰਹੇ ਹਨ ਉਨ੍ਹਾਂ ਲਈ ਵੀ ਸਰਕਾਰ ਨੂੰ ਕੁਝ ਖਾਸ ਕਰਨ ਦੀ ਲੋੜ ਹੈ। ਉਨ੍ਹਾਂ ਕਿਹਾ ਕਿ ਆਉਣ ਵਾਲੀ 1 ਜੂਨ ਦਿਨ ਐਤਵਾਰ ਨੂੰ ਵਿਸ਼ਵ ਭਾਈ ਮਰਦਾਨਾ ਦੀ ਯਾਦਗਾਰੀ ਕੀਰਤਨ ਦਰਬਾਰ ਸੁਸਾਇਟੀ ਅਤੇ ਸਰਬਤ ਦਾ ਭਲਾ ਵੈਲਫੇਅਰ ਸੋਸਾਇਟੀ ਇੱਕ ਧਾਰਮਿਕ ਦੀਵਾਨ ਭਾਈ ਮਰਦਾਨਾ ਜੀ ਯਾਦਗਾਰੀ ਹਾਲ ਵਿੱਚ ਲਗਾ ਰਹੀ ਹੈ, ਜਿਸ ਵਿੱਚ ਬੀਬੀ ਮਲਕੀਤ ਕੌਰ ਖਾਲਸਾ (ਹਨੂਮਾਨਗੜ੍ਹ ਵਾਲੇ) 10 ਤੋਂ 12 ਵਜੇ ਤੱਕ ਕਥਾ ਕਰਨਗੇ ਅਤੇ ਉਸ ਤੋਂ ਬਾਅਦ 12 ਤੋਂ 2 ਵਿੱਚ ਬੱਚਿਆਂ ਦੇ ਧਾਰਮਿਕ ਮੁਕਾਬਲੇ ਜਿਸ ਵਿੱਚ ਦਸਤਾਰ ਮੁਕਾਬਲੇ, ਸ਼ੁੱਧ ਗੁਰਬਾਣੀ ਉਚਾਰਨ ਮੂਲ ਮੰਤਰ ਪਾਠ ਅਤੇ ਸਿੱਖ ਇਤਿਹਾਸ ਬਾਰੇ ਸਵਾਲਾਂ ਦੇ ਜਵਾਬ ਪੁੱਛੇ ਜਾਣਗੇ। ਇਸ ਉਪਰੰਤ ਜੇਤੂ ਬੱਚਿਆਂ ਨੂੰ ਸਨਮਾਨ ਚਿੰਨ ਦੇ ਕੇ ਸਨਮਾਨਿਤ ਕੀਤਾ ਜਾਵੇਗਾ ਅਤੇ ਇਸ ਉਪਰੰਤ ਠੰਡੇ ਮਿੱਠੇ ਜਲ ਦੀ ਛਬੀਲ ਅਤੇ ਗੁਰੂ ਦਾ ਲੰਗਰ ਅਤੁੱਟ ਵਰਤਾਇਆ ਜਾਏਗਾ। ਸੋਸਾਇਟੀ ਪ੍ਰਧਾਨ ਨੇ ਅੱਗੇ ਬੋਲਦਿਆਂ ਕਿਹਾ ਕਿ ਇਸ ਸਮਾਗਮ ਵਿਚ ਸੰਗਤ ਨੂੰ ਅਪੀਲ ਕੀਤੀ ਜਾਂਦੀ ਹੈ ਕਿ ਆਪ ਅਤੇ ਆਪਣੇ ਬੱਚਿਆਂ ਨੂੰ ਇਸ ਸਮਾਗਮ ਵਿੱਚ ਲੈ ਕੇ ਜਰੂਰ ਆਉਣ। ਇਸ ਮੌਕੇ ਜਗਰੂਪ ਸਿੰਘ, ਬੂਟਾ ਸਿੰਘ, ਕਰਨੈਲ ਸਿੰਘ, ਗੁਰਮੀਤ ਸਿੰਘ ਅਤੇ ਜਸ਼ਨਪ੍ਰੀਤ ਸਿੰਘ, ਕੁਲਦੀਪ ਸਿੰਘ, ਅੰਗਰੇਜ ਸਿੰਘ ਸੁਰਜੀਤ ਸਿੰਘ ਵੀ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

## ਤਪ ਅਸਥਾਨ ਸੰਤ ਬਾਬਾ ਗੁਰਬਖਸ਼ ਸਿੰਘ ਗੁਰਦੁਆਰਾ ਜੋਤੀਸਰ ਵਿਖੇ

# ਸ੍ਰੀ ਗੁਰੂ ਅਰਜਨ ਦੇਵ ਸਾਹਿਬ ਜੀ ਦਾ ਸਹੀਦੀ ਦਿਹਾੜਾ ਮਨਾਇਆ ਗਿਆ




**ਭਾਰਤੀ ਹਕੂਮਤ ਨੇ 6 ਜੂਨ ਨੂੰ ਸੰਤ ਗਿਆਨੀ ਜਰਨੈਲ ਸਿੰਘ ਖਾਲਸਾ ਭਿੰਡਰਾਂਵਾਲੇ ,ਜਰਨਲ ਸੁਬੇਗ ਸਿੰਘ, ਬਾਬਾ ਠਾਹਰਾ ਸਿੰਘ, ਭਾਈ ਅਮਰੀਕ ਸਿੰਘ ਅਤੇ ਸੈਂਕੜੇ ਸਿੰਘਾਂ ਨੂੰ ਸ਼ਹੀਦ ਕਰ ਦਿੱਤਾ ਇਨਾਂ ਜਖਮਾਂ ਨੂੰ ਭੁਲਾਇਆ ਨਹੀਂ ਸਕਦਾ : ਬਾਬਾ ਸੁੱਖਾ ਸਿੰਘ**

ਜੰਡਿਆਲਾ ਗੁਰੂ 30 ਮਈ ( ਕੁਲਵੰਤ ਸਿੰਘ ਵਿਰਦੀ ) ਸਹੀਦਾਂ ਦੇ ਸਿਰਤਾਜ ਸ੍ਰੀ ਗੁਰੂ ਅਰਜਨ ਦੇਵ ਸਾਹਿਬ ਜੀ ਦਾ ਸਹੀਦੀ ਦਿਹਾੜਾ ਗੁਰੂ ਨਾਨਕ ਨਾਮ ਲੇਵਾ ਸੰਗਤਾਂ ਵੱਲੋਂ ਬੜੀ ਸਰਧਾ ਭਾਵਨਾ ਤੇ ਪਿਆਰ ਨਾਲ ਦੇਸਾਂ ਵਿਦੇਸਾਂ ਵਿੱਚ ਮਨਾਇਆ ਜਾ ਰਿਹਾ ਜਿਸ ਦੇ ਚੱਲਦਿਆਂ ਅੱਜ ਤਪ ਅਸਥਾਨ ਸੰਤ ਬਾਬਾ ਗੁਰਬਖਸ਼ ਸਿੰਘ ਜੀ ਗੁਰਦੁਆਰਾ ਜੋਤੀਸਰ ਜੰਡਿਆਲਾ ਗੁਰੂ ਅਤੇ ਗੁਰਦੁਆਰਾ ਜੋਤੀਸਰ ਸਿਮਲਾ ਹਿਮਾਚਲ ਪ੍ਰਦੇਸ਼ ਦੇ ਮੁੱਖ ਸੰਚਾਲਕ ਬਾਬਾ ਸੁੱਖਾ ਸਿੰਘ ਜੀ ਵੱਲੋਂ ਸਮੂਹ ਇਲਾਕਾ ਨਿਵਾਸੀ ਸੰਗਤਾਂ ਦੇ ਸਹਿਯੋਗ ਸਦਕਾ ਸ਼ਹੀਦੀ ਦਿਹਾੜਾ ਮਨਾਇਆ ਗਿਆ ਜਿਸ ਵਿੱਚ ਬੀਬੀਆਂ ਦੇ ਜਥੇ ਵੱਲੋਂ 11 ਦਿਨਾਂ ਤੋਂ ਸ਼੍ਰੀ ਜਪੁਜੀ ਸਾਹਿਬ, ਸੁਖਮਨੀ ਸਾਹਿਬ ਜੀ,ਚੌਪਈ ਸਾਹਿਬ ਅਤੇ ਉਪਰੰਤ ਕੀਰਤਨ ਦਰਬਾਰ ਸਜਾਏ ਜਾਂਦੇ ਰਹੇ ਅੱਜ 11 ਵੇਂ ਦਿਨ ਸੰਪੂਰਨ ਭੋਗ ਪਾਏ ਗਏ ਅਤੇ ਭੋਗ ਤੋਂ ਉਪਰੰਤ ਕੀਰਤਨ ਦਰਬਾਰ ਸਜਾਏ ਗਏ ਅਤੇ ਉਪਰੰਤ ਬਾਬਾ ਸੁੱਖਾ ਸਿੰਘ ਜੀ ਵੱਲੋਂ ਗੁਰੂ ਸਾਹਿਬ ਜੀ ਦੇ ਚਰਨਾਂ ਵਿੱਚ ਸਰਬੱਤ ਦੇ ਭਲੇ ਲਈ ਅਰਦਾਸ ਬੇਨਤੀ ਕੀਤੀ ਗਈ ਅਤੇ ਹੁਕਮਨਾਮੇ ਤੋਂ ਉਪਰੰਤ ਕੜਾਹ ਪ੍ਰਸ਼ਾਦਿ ਅਤੇ ਛੋਲਿਆਂ ਦੇ ਭੰਗੂਰਾਂ ਦਾ ਪ੍ਰਸ਼ਾਦਿ ਅਤੇ ਠੰਡੇ ਮਿੱਠੇ ਜਲ ਦੀਆਂ ਛਬੀਲਾਂ ਵਰਤਾਈਆਂ ਗਈਆਂ ਇਸ ਮੌਕੇ ਬਾਬਾ ਸੁੱਖਾ ਸਿੰਘ ਜੀ ਨੇ ਕਿਹਾ ਕਿ ਧੰਨ ਧੰਨ ਸ੍ਰੀ ਗੁਰੂ ਅਰਜਨ ਦੇਵ ਸਾਹਿਬ ਜੀ ਨੇ ਮੁਗਲਾਂ ਦੀਆਂ ਈਨਾਂ ਨਾ ਮੰਨਦਿਆਂ ਹੋਇਆਂ ਤੱਤੀ ਤਵੀ ਤੇ ਚੌਂਕੜਾ ਲਗਾ ਕਿ ਗਰਮ ਰੇਤਾ ਆਪਣੇ ਸਰੀਰ ਉਪਰ ਪਵਾ ਕਿ ਆਪਣੀ ਸਹਾਦਤ ਦੇ ਕਿ ਸਾਨੂੰ ਜੀਵਨ ਬਖਸ਼ਿਆ ਹੈ ਅੱਗੇ ਬਾਬਾ ਸੁੱਖਾ ਸਿੰਘ ਜੀ ਨੇ ਕਿਹਾ ਕਿ ਦੱਸ ਗੁਰੂ ਸਾਹਿਬਾਨਾਂ ਵੱਲੋ ਮਨੁੱਖਤਾ ਦੇਹੀ ਨੂੰ ਸਹੀ ਰਸਤੇ ਤੇ ਚੱਲਣ ਲਈ ਸਾਨੂੰ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਲੜ ਲਾਇਆ ਗਿਆ ਕਿ ਗੁਰਬਾਣੀ ਪੜ੍ਹ ਕਿ ਆਪਣੀ ਜੀਵਨ ਯਾਤਰਾ ਵਿੱਚ ਕੁੱਝ ਚੰਗਾ ਕਰਕੇ ਇਸ ਸੰਸਾਰ ਵਿੱਚੋਂ ਜਾਣਾ ਕਰੀਏ ਨਹੀਂ ਤਾਂ ਮਾੜਾ ਕਰਮ ਕਰਨ ਵਾਲਿਆਂ ਦਾ ਹਸਰ ਅਸੀਂ ਨਿੱਤ ਮਾੜਾ ਹੁੰਦਾ ਦੇਖ ਰਹੇ ਹਾਂ ਇਸ ਲਈ ਗੁਰੂ ਸਾਹਿਬਾਨਾਂ ਦੇ ਸ਼ਹੀਦੀ ਦਿਹਾੜਿਆਂ ਤੋਂ ਕੁੱਝ ਸਿੱਖ ਕਿ ਜੁਲਮ ਦੇ ਵਿਰੁੱਧ ਅਤੇ ਮਜਲੂਮਾਂ ਦੀ ਰੱਖਿਆ ਖਾਤਰ ਜੂਝਨ ਲਈ ਇਕ ਗੁਰੂ ਸ੍ਰੀ ਗੁਰੂ ਗ੍ਰੰਥ ਸਹਿਬ ਜੀ ਦੇ ਲੜ ਲੱਗ ਕਿ ਬਾਣੀ ਬਾਣੇ ਦੇ ਧਾਰਨੀ ਹੋਈਏ ਅਤੇ ਆਪਣੇ ਜੀਵਨ ਨੂੰ ਸਫਲ ਬਣਾਈਏ ਅੱਗੇ ਬਾਬਾ ਸੁੱਖਾ ਸਿੰਘ ਜੀ ਨੇ ਕਿਹਾ ਕਿ ਅੱਜ ਦੇ ਦਿਨ ਭਾਰਤੀ ਹਕੂਮਤ ਵੱਲੋਂ ਸਚਖੰਡ ਸ੍ਰੀ ਦਰਬਾਰ ਸਾਹਿਬ ਉਪਰ ਟੈਕਾਂ ਤੋਪਾਂ ਨਾਲ ਹਮਲਾ ਕਰਕੇ ਸਚਖੰਡ ਸ੍ਰੀ ਦਰਬਾਰ ਸਾਹਿਬ ਜੀ ਅਤੇ ਸ੍ਰੀ ਅਕਾਲ ਤਖਤ ਸਾਹਿਬ ਜੀ ਨੂੰ ਢਾਹ ਦਿੱਤਾ ਗਿਆ ਜੋ ਇਨਾਂ ਦਿਨਾਂ ਵਿੱਚ ਸੈਂਕੜੇ ਦੁੱਧ ਚੁੰਘਦੇ ਬੱਚਿਆਂ ਮਾਵਾਂ ਭੈਣਾਂ ਸਿੰਘਾਂ ਅਤੇ ਵੀਂਹਵੀਂ ਸਦੀ ਦੇ ਮਹਾਨ ਜਰਨੈਲ ਸੰਤ ਗਿਆਨੀ ਜਰਨੈਲ ਸਿੰਘ ਖਾਲਸਾ ਭਿੰਡਰਾਂਵਾਲੇ , ਜਰਨਲ ਸੁਬੇਗ ਸਿੰਘ ਜੀ,ਬਾਬਾ ਠਾਹਰਾ ਸਿੰਘ, ਭਾਈ ਅਮਰੀਕ ਸਿੰਘ ਜੀ ਨੂੰ ਸ਼ਹੀਦ ਕਰ ਦਿੱਤਾ ਗਿਆ ਜੋ 6 ਜੂਨ ਵਾਲੇ ਦਿਨ ਸ੍ਰੀ ਆਕਾਲ ਤਖਤ ਸਾਹਿਬ ਜੀ ਤੇ ਸਹੀਦਾਂ ਦੀ ਯਾਦ ਵਿੱਚ ਸਮਾਗਮ ਕਰਵਾਏ ਜਾਂਦੇ ਹਨ ਸਮੇਂ ਦੀਆਂ ਹਕੂਮਤਾਂ ਵੱਲੋਂ ਇਸ ਦਿਨ ਨੂੰ ਭੁੱਲਣ ਲਈ ਵੀ ਕਿਹਾ ਜਾਂਦਾ ਰਿਹਾ ਪਰ ਹਕੂਮਤਾਂ ਵੱਲੋਂ ਦਿੱਤੇ ਗਏ ਇਨਾਂ ਜਖਮਾਂ ਨੂੰ ਭੁਲਾਇਆ ਨਹੀਂ ਜਾ ਸਕਦਾ ਆਖਿਰ ਵਿੱਚ ਅਸੀਂ ਗੁਰੂ ਸਾਹਿਬ ਜੀ ਤੋਂ ਲੈ ਕੇ ਜੂਨ 84 ਦੇ ਸਹੀਦਾਂ ਨੂੰ ਕੋਟਨਿ ਕੋਟਿ ਪ੍ਰਣਾਮ ਕਰਦੇ ਹਾਂ ਅਤੇ ਸੰਗਤਾਂ ਨੂੰ ਬੇਨਤੀ ਕਰਦੇ ਹਾਂ ਕਿ ਜੂਨ 84 ਦੇ ਸਹੀਦਾਂ ਦਾ ਯਾਦ ਵਿਚ ਕਰਵਾਏ ਜਾ ਰਹੇ 6 ਜੂਨ ਨੂੰ ਸਮਾਗਮਾਂ ਵਿੱਚ ਵੱਧ ਚੜ੍ਹ ਕਿ ਹਾਜਰੀਆਂ ਭਰੋ ਅਤੇ ਗੁਰੂ ਸਾਹਿਬ ਜੀ ਅਤੇ ਸਹੀਦਾਂ ਦੀਆਂ ਬਖਸਿਸਾਂ ਪ੍ਰਾਪਤ ਕਰੋ

ਆਵਾਜ਼ਿ ਕੌਮ AWAZE QAUM International Newspaper & WEB TV

## ਹੁਣ ਤੋਂ ਮਸਜਿਦ ਵਾ ਮਦਰੱਸਾ ਸਨਾਉੱਲਾ ਅੰਮ੍ਰਿਤਸਰੀ ਵੈੱਲਫੇਅਰ ਸੁਸਾਇਟੀ ਵੇਖੇਗੀ ਮਸਜਿਦ ਦਾ ਪ੍ਰਬੰਧ : ਜਰਨੈਲ ਸਿੰਘ ਉਰਫ਼ ਉਸਮਾਨ

# ਮਸਜਿਦ ਦੀ ਪੁਰਾਣੀ ਕਮੇਟੀ ਨੂੰ ਬਰਖਾਸਤ ਕਰਕੇ ਬਣਾਈ ਗਈ ਨਵੀਂ ਕਮੇਟੀ



**ਅੰਮ੍ਰਿਤਸਰ, 30 ਮਈ (ਆਵਾਜ਼ਿ ਕੌਮ ਬਿਊਰੋ)-** ਨਵੀਂ ਕਮੇਟੀ ਦੇ ਨਵੇਂ ਬਣੇਂ ਪ੍ਰਧਾਨ ਜਰਨੈਲ ਸਿੰਘ ਉਰਫ ਉਸਮਾਨ ਵੱਲੋਂ ਭੇਜੇ ਗਏ ਇਕ ਬਿਆਨ ਵਿੱਚ ਕਿਹਾ ਗਿਆ ਕਿ ਪੁਰਾਣੀ ਕਮੇਟੀ ਮਸਜਿਦ ਮੁਹੰਮਦ ਸ਼ਾਹ ਵੈੱਲਫੇਅਰ ਸੁਸਾਇਟੀ ਜੋ ਮਸਜਿਦ ਦੀ ਵੈੱਲਫੇਅਰ ਵਾਸਤੇ ਬਣਾਈ ਗਈ ਸੀ, ਉਸ ਕਮੇਟੀ ਵੱਲੋਂ ਆਪਣੀਆਂ ਮਨਮਰਜ਼ੀਆਂ ਕੀਤੀਆਂ ਜਾਣ ਕਰਕੇ ਸਮੂਹ ਮੁਸਲਮਾਨ ਭਾਈਚਾਰੇ ਵੱਲੋਂ ਉਸ ਕਮੇਟੀ ਖਿਲਾਫ ਮਤਾ ਪਾਸ ਕਰਕੇ ਉਸ ਪਹਿਲੀ ਕਮੇਟੀ ਨੂੰ ਖਾਰਜ ਕਰ ਦਿੱਤਾ ਗਿਆ ਹੈ। ਉਸ ਪਹਿਲੀ ਕਮੇਟੀ ਦੇ 11 ਮੈਂਬਰਾਂ ਵਿੱਚੋਂ 8 ਮੈਂਬਰਾਂ ਅਸਤੀਫੇ ਦੇਕੇ ਉਸ ਕਮੇਟੀ ਨੂੰ ਆਪ ਹੀ ਭੰਗ ਕਰ ਦਿੱਤਾ ਗਿਆ ਹੈ। ਉਹਨਾਂ ਕਿਹਾ ਕਿ ਪੁਰਾਣੀ ਕਮੇਟੀ ਮਸਜਿਦ ਮੁਹੰਮਦ ਸ਼ਾਹ ਵੈੱਲਫੇਅਰ ਸੁਸਾਇਟੀ ਦੇ ਐਡੀਸ਼ਨਲ ਜੁਆਇੰਟ ਸੈਕਟਰੀ ਨੂਰਦੀਨ ਮਲਿਕ ਜੀ ਵੱਲੋਂ 8 ਮੈਬਰਾਂ ਦੇ ਅਸਤੀਫੇ ਦੇਕੇ ਇਸ ਸੁਸਾਇਟੀ ਨੂੰ ਭੰਗ ਕਰਕੇ ਵਧੀਕ ਰਜਿਸਟਰਾਰ ਆਫ ਸੁਸਾਇਟੀ ਕਮ-ਜਰਨਲ ਮੈਨੇਜਰ ਜਿਲਾ ਉਦਯੋਗ ਕੇਂਦਰ ਵਿਖੇ ਸੁਸਾਇਟੀ ਨੂੰ ਭੰਗ ਕਰਨ ਦੀ ਕਾਰਵਾਈ ਵੀ ਕਰ ਦਿੱਤੀ ਗਈ ਹੈ। ਨਵੀਂ ਕਮੇਟੀ ਦੇ ਪ੍ਰਧਾਨ ਜਰਨੈਲ ਸਿੰਘ ਉਰਫ ਉਸਮਾਨ ਨੇ ਕਿਹਾ ਕਿ ਸਾਡੀ ਨਵੀਂ ਕਮੇਟੀ ਹੁਣ ਤੋਂ ਮਸਜਿਦ ਦਾ ਸਾਰਾ ਕਾਰਜਭਾਰ ਸੰਭਾਲੇਗੀ ਅਤੇ ਹੁਣ ਤੋਂ ਪਹਿਲੀ ਕਮੇਟੀ ਦਾ ਇਸ ਨਾਲ ਕੋਈ ਲੈਣਾਂ ਦੇਣਾਂ ਨਹੀਂ ਹੋਵੇਗਾ ਅਤੇ ਨਾਂ ਹੀ ਪਹਿਲੇ ਕਮੇਟੀ ਮੈਂਬਰ ਮਸਜਿਦ ਦੇ ਕਿਸੇ ਕਿਸਮ ਦੇ ਕਾਰਜ ਵਿੱਚ ਦਖ਼ਲਅੰਦਾਜ਼ੀ ਕਰਨਗੇ। ਉਹਨਾਂ ਕਿਹਾ ਕਿ ਪਹਿਲੇ ਕਮੇਟੀ ਮੈਂਬਰ ਜਿੰਨਾਂ ਦੀ ਕਮੇਟੀ ਭੰਗ ਹੋ ਚੁੱਕੀ ਹੈ ਜੇ ਕਿਸੇ ਤਰਾਂ ਦੀ ਕੋਈ ਵੀ ਦਖਲਅੰਦਾਜ਼ੀ ਕਰਦੇ ਹਨ ਤਾਂ ਉਹ ਆਪਣੇ ਨਫੇ ਨੁਕਸਾਨ ਦੇ ਜਿੰਮੇਵਾਰ ਆਪ ਹੋਣਗੇ।

ਆਵਾਜ਼ਿ ਕੌਮ AWAZE QAUM International Newspaper & WEB TV

# ਮੈਂ ਪੰਜਾਬੀ ਬੋਲੀ



ਮੈਂ ਹਾਂ ਗੁਰੂਆਂ ਦੀ ਪਾਕ ਤੇ ਪਵਿੱਤਰ ਬੋਲੀ
ਅੱਖਰਾਂ ਤੇ ਮਾਤਰਾਵਾਂ ਨਾਲ ਮੇਰੀ ਭਰੀ ਝੋਲੀ।

ਦੇਸ਼ਾਂ ਵਿਦੇਸ਼ਾਂ ਚ ਪੰਜਾਬੀ ਬੋਲੀ ਦੇ ਝੂਲਣ ਨਿਸ਼ਾਨ
ਬੋਲੀਆਂ ਅਣਗਿਣਤ ਮੇਰੀ ਵਿਲੱਖਣ ਪਹਿਚਾਣ।।

ਅੱਖਰਾਂ ਸੰਗ ਉਜਾਗਰ ਹੁੰਦੇ ਹਨ ਬੋਲੀ ਦੇ ਜਜ਼ਬਾਤ
ਬੋਲੀ ਸੰਗ ਗੁਲਜ਼ਾਰ ਬਿਨੁ ਬੋਲੀ ਸਾਹਿਤ ਕਾਲੀ ਰਾਤ।

ਅਕਲਾਂ ਵਾਲਿਓ ! ਕਲਮਾਂ ਵਾਲਿਓ ! ਸੁਣੋ ਮੇਰੀ ਪੁਕਾਰ
ਮੇਰਾ ਅਮੀਰ ਵਿਰਸਾ ਨਾ ਭੁੱਲ ਜਾਇਓ, ਕਰੋ ਸਤਿਕਾਰ।।

ਗੁਰੂ ਸਾਹਿਬ ਨੇ ਮੈਨੂੰ ਆਪਣੇ ਹੱਥੀ ਮੁੱਢੋਂ ਰੁਸ਼ਨਾਇਆ
ਪੀਰਾਂ ਪੈਗੰਬਰਾਂ ਤੇ ਸੰਤਾਂ ਰੱਚ ਬਾਣੀ ਗਲ ਲਾਇਆ।

ਪੈਂਤੀ ਅੱਖਰਾਂ ਸੰਗ ਸੋਹੰਦਾ ਮੇਰੀ ਵਰਨਮਾਲਾ ਦਾ ਪਰਿਵਾਰ
ਅੱਖਰਾਂ ਰਲ ਜੋੜੇ ਮੁਕਤਾ ਅੱਖਰ ਮਾਤਰਾਵਾਂ ਉਪਜੇ ਸ਼ਬਦੀਂ ਭੰਡਾਰ।

ਮੁਕਤੇ ਨਾਲ ਕੰਨੇ ਸਣੇ ਸਿਹਾਰੀਆਂ ਅਤੇ ਬਿਹਾਰੀਆਂ
ਅੱਖਰਾਂ ਸੰਗ ਫੱਬਣ ਮੇਰੀਆਂ ਸ਼ਬਦ ਕਿਆਰੀਆਂ।

ਔਂਕੜ ਸਮੇਤ ਦੁਲੈਂਕੜ , ਲਾਵਾਂ ਅਤੇ ਦੁਲਾਵਾਂ
ਸ਼ਬਦੀ ਬਣਤਰ ਵਿੱਚ ਕਿਵੇਂ ਯੋਗਦਾਨ ਭੁਲਾਵਾਂ।

ਹੋੜੇ ਦੇ ਨਾਲ ਕਨੌੜੇ ਸਮੇਤ ਅੱਧਕ ਅਤੇ ਟਿੱਪੀਆਂ
ਸਾਹਿਤਿਕ ਫੁਲਕਾਰੀ ਦੀਆਂ ਸਭ ਨੇ ਅਨਮੋਲ ਸਿੱਪੀਆਂ।।

ਬੋਲ ਨੂੰ ਲਿਖਤ ਵਿੱਚ ਢਾਲਣ ਲਈ ਵਰਤੇ ਜਾਂਦੇ ਚਿੰਨ੍ਹ
ਕਹਿੰਦੇ ਇਹਨੂੰ ਲਿਪੀ ਤੇ ਹਰ ਭਾਸ਼ਾ ਦੇ ਹੁੰਦੇ ਭਿੰਨ।

ਲਿਪੀ ਹੀ ਹੁੰਦੀ ਹੈ ਹਰ ਬੋਲੀ ਦਾ ਹਾਰ-ਸ਼ਿੰਗਾਰ
ਲਿਪੀ ਬਖਸ਼ੇ ਪਿਆਰ ਤੇ ਮਨੁੱਖੀ ਭਾਵਾਂ ਨੂੰ ਦਿੰਦੀ ਨਿਖਾਰ।।

ਸ਼ਾਰਦਾ ਤੇ ਟਾਕਰੀ ਲਿਪੀ ਵੱਸਦੇ ਮੇਰੇ ਪੁਰਖੇ ਲਾਣੇ
ਪੁਰਾਤਨ ਇਤਿਹਾਸ ਚ ਦਰਜ ਲੰਡੇ ਆਖ ਵਰਤਦੇ ਸੀ ਸਿਆਣੇ।

ਗੁਰੂ ਨਾਨਕ ਸਾਹਿਬ ਨੇ ਪੱਟੀ ਬਾਣੀ ਵਿੱਚ ਅੱਖਰ ਉਚਾਰੇ
ਗੁਰੂ ਅੰਗਦ ਦੇਵ ਜੀ ਨੇ ਮੇਰੇ ਅੱਖਰ ਖੁਦ ਆਪ ਸਭ ਸਵਾਰੇ।।

ਸਵਰ ਤੇ ਵਿਅੰਜਨਾਂ ਵਿੱਚ ਵੰਡਿਆ ਅੱਖਰੀ ਪਰਿਵਾਰ
ਵਿਗਿਆਨਿਕ ਭਾਸ਼ਾ ਆਖ ਪੰਜਾਬੀ ਨੂੰ ਮਿਲਿਆ ਸਤਿਕਾਰ।

ਪੰਜਾਬ,ਪੰਜਾਬੀ ਤੇ ਪੰਜਾਬੀਅਤ ਲਈ ਸੁਰਿੰਦਰ ਜਾਨ ਵਾਰਦਾ
ਮਾਂ ਬੋਲੀ ਦੇ ਪੁੱਤ ,ਲੇਖੇ ਲਾਇਆ ਜੀਵਨ,ਵੇਖੋ ਮੁੱਲ ਤਾਰਦਾ।।

**-ਸੁਰਿੰਦਰਪਾਲ ਸਿੰਘ, ਸ੍ਰੀ ਅੰਮ੍ਰਿਤਸਰ ਸਾਹਿਬ**

ਆਵਾਜ਼ਿ ਕੌਮ AWAZE QAUM International Newspaper & WEB TV

# ਲੇਖਕ ਡਾ. ਸੁਰਜੀਤ ਸਿੰਘ ਜਰਮਨੀ ਵੱਲੋਂ ਲਿਖੀ 'ਮੂਸੇਵਾਲਾ ਕੌਣ' ਕਿਤਾਬਾਂ ਵੰਡੀਆਂ ਤੇ ਨੌਜਵਾਨਾਂ ਨੂੰ ਪੰਥ ਅਤੇ ਪੰਜਾਬ ਦੇ ਹੱਕਾਂ ਲਈ ਪ੍ਰੇਰਿਆ




**ਅੰਮ੍ਰਿਤਸਰ, 30 ਮਈ (ਆਵਾਜ਼ਿ ਕੌਮ ਬਿਊਰੋ)**-ਤਿੰਨ ਸਾਲ ਪਹਿਲਾਂ ਵਿਛੋੜਾ ਦੇ ਗਏ ਨਾਮਵਰ ਗਾਇਕ ਅਤੇ ਅਣਖੀਲੇ ਪੰਜਾਬੀ ਸ਼ੁੱਭਦੀਪ ਸਿੰਘ ਸਿੱਧੂ ਮੂਸੇਵਾਲਾ ਨੂੰ ਯਾਦ ਕਰਦਿਆਂ ਲੇਖਕ ਡਾ. ਸੁਰਜੀਤ ਸਿੰਘ ਜਰਮਨੀ ਵੱਲੋਂ ਲਿਖੀ 'ਮੂਸੇਵਾਲਾ ਕੌਣ' ਕਿਤਾਬਾਂ ਭਾਈ ਗਗਨਦੀਪ ਸਿੰਘ ਸੁਲਤਾਨਵਿੰਡ ਨੇ ਮੂਸੇਵਾਲਾ ਨੂੰ ਪਿਆਰ ਕਰਨ ਵਾਲੇ ਪ੍ਰਸ਼ੰਸਕਾਂ ਨੂੰ ਵੰਡੀਆਂ ਅਤੇ ਕਿਹਾ ਕਿ ਕੌਮੀ ਯੋਧੇ ਸੰਦੀਪ ਸਿੰਘ ਦੀਪ ਸਿੱਧੂ ਅਤੇ ਸ਼ੁੱਭਦੀਪ ਸਿੰਘ ਸਿੱਧੂ ਮੂਸੇਵਾਲਾ ਨੂੰ ਸਰਕਾਰਾਂ ਨੇ ਮਰਵਾਇਆ ਹੈ, ਕਿਉਂਕਿ ਉਹ ਸੰਤ ਜਰਨੈਲ ਸਿੰਘ ਖ਼ਾਲਸਾ ਭਿੰਡਰਾਂਵਾਲਿਆਂ ਵੱਲੋਂ ਅਰੰਭੇ ਸੰਘਰਸ਼, ਪੰਥ ਅਤੇ ਪੰਜਾਬ ਦੇ ਹੱਕਾਂ ਅਤੇ ਕੌਮੀ ਅਜ਼ਾਦੀ ਦੀ ਗੱਲ ਕਰਨ ਲੱਗ ਪਏ ਸਨ। ਲੇਖਕ ਡਾਕਟਰ ਸੁਰਜੀਤ ਸਿੰਘ ਜਰਮਨੀ ਨੇ ਕਿਹਾ ਕਿ ਸ਼ੁੱਭਦੀਪ ਸਿੰਘ ਸਿੱਧੂ ਮੂਸੇਵਾਲਾ ਨੂੰ ਇੱਕ ਕਲਾਕਾਰ ਜਾਂ ਰੈਪਰ ਦੇ ਤੌਰ 'ਤੇ ਤਕਰੀਬਨ ਸਾਰੇ ਹੀ ਜਾਣਦੇ ਹਨ ਪਰ ਉਸ ਦਾ ਅਸਲ ਰੂਪ ਜਿਹੜਾ ਪੰਜਾਬ ਅਤੇ ਪੰਜਾਬੀਅਤ ਪੱਖੀ ਸੀ ਉਹ ਬਹੁਤ ਘੱਟ ਲੋਕ ਜਾਣਦੇ ਹਨ। ਇਸ ਕਿਤਾਬ 'ਚ ਅਣਖ਼ੀ ਪੰਜਾਬ ਦੇ ਅਣਖ਼ੀਲੇ ਪੰਜਾਬੀ ਸਿੱਧੂ ਮੂਸੇਵਾਲਾ ਦੀ ਦਾਸਤਾਨ ਲਿਖੀ ਗਈ ਹੈ ਜਿਸ ਤੋਂ ਸਰਕਾਰਾਂ ਨੂੰ ਖ਼ਤਰਾ ਮਹਿਸੂਸ ਹੁੰਦਾ ਸੀ ਤੇ ਨਸ਼ੇ ਦੇ ਵਪਾਰੀਆਂ, ਫਿਰੌਤੀਆਂ ਮੰਗਣ ਵਾਲ਼ਿਆਂ ਤੇ ਸਰਮਾਏਦਾਰਾਂ ਨੂੰ ਜਦੋਂ ਉਸ ਨੇ ਟੱਕਰ ਦੇਣੀ ਸ਼ੁਰੂ ਕੀਤੀ, ਨੌਜਵਾਨਾਂ ਨੂੰ ਜਗਾ ਕੇ ਆਪਣੇ ਮੂਲ ਨਾਲ ਜੋੜਨਾ ਸ਼ੁਰੂ ਕੀਤਾ, ਪੰਜਾਬ ਦੇ ਹੱਕਾਂ ਅਤੇ ਸ਼ਹੀਦਾਂ ਦੀ ਗੱਲ ਕੀਤੀ ਤਾਂ ਫਿਰ ਸਿੱਧੂ ਮੂਸੇਵਾਲਾ ਦਾ ਸਰਕਾਰਾਂ ਨੇ ਕਤਲ ਕਰਵਾ ਦਿੱਤਾ। 'ਸਿੱਧੂ ਮੂਸੇਵਾਲ਼ਾ' ਜਦੋਂ ਗਾਇਕੀ 'ਚ ਬੁਲੰਦੀਆਂ ਛੂਹ ਰਿਹਾ ਸੀ ਤਾਂ ਉਸ ਨੇ ਆਪਣੇ ਸਿਰੋਂ ਪੱਗ ਨਾ ਉਤਾਰੀ ਜਦਕਿ ਗਾਇਕੀ ਅਤੇ ਫਿਲਮੀ ਖੇਤਰ 'ਚ ਅਕਸਰ ਹੀ ਗਾਇਕ ਅਤੇ ਅਦਾਕਾਰ ਅਜਿਹਾ ਕਰ ਜਾਂਦੇ ਹਨ, ਉਹ ਸਿੱਖ ਪਛਾਣ ਤੋਂ ਦੂਰ ਹੋ ਜਾਂਦੇ ਹਨ, ਕੇਸਾਂ ਅਤੇ ਪੱਗ 'ਚ ਆਪਣੇ ਆਪ ਨੂੰ ਹੀਣਾ ਅਤੇ ਪੱਛੜਿਆ ਹੋਇਆ ਮਹਿਸੂਸ ਕਰਨ ਲਗ ਪੈਂਦੇ ਹਨ, ਪੱਛਮੀ ਸੱਭਿਆਚਾਰ ਕਬੂਲ ਲੈਂਦੇ ਹਨ ਅਤੇ ਪੰਜਾਬ ਨੂੰ ਛੱਡ ਕੇ ਦਿੱਲੀ, ਬੰਬੇ ਜਾਂ ਵਿਦੇਸ਼ਾਂ 'ਚ ਰਹਿਣ ਨੂੰ ਤਰਜੀਹ ਦਿੰਦੇ ਹਨ। ਪਰ ਸਿੱਧੂ ਮੂਸੇਵਾਲ਼ਾ ਇਸ ਤੋਂ ਬਿਲਕੁਲ ਉਲ਼ਟ ਸੀ ਤੇ ਉਹ ਹੋਰਨਾਂ ਲਈ ਮਿਸਾਲ ਬਣਿਆ। ਉਸ ਨੇ ਕੈਨੇਡਾ ਛੱਡ ਕੇ ਪੰਜਾਬ ਦੀ ਧਰਤੀ ਨੂੰ ਚੁਣਿਆ ਤੇ ਆਪਣੇ ਆਪ ਨੂੰ 'ਟਿੱਬਿਆ ਦਾ ਪੁੱਤ' ਅਖਵਾ ਕੇ ਮਾਣ ਮਹਿਸੂਸ ਕੀਤਾ। ਸਿੱਧੂ ਮੂਸੇਵਾਲ਼ੇ ਦੇ ਚਰਚਿਤ ਗੀਤ ਐੱਸ.ਵਾਈ.ਐੱਲ. ਦੀਆਂ ਇਹ ਲਾਈਨਾਂ ਵੱਡੇ ਅਰਥ ਰੱਖਦੀਆਂ ਹਨ ਕਿ ਜੇ ਦਰਿਆਈ ਪਾਣੀ ਲੁੱਟਣ ਤੋਂ ਬਾਜ ਨਾ ਆਏ ਤਾਂ 'ਫੇਰ ਭਾਈ ਬਲਵਿੰਦਰ ਸਿੰਘ ਜਟਾਣਾ ਆਊ।' ਉਸ ਨੇ ਹਕੂਮਤੀ-ਤੰਤਰ ਨੂੰ ਖੁੱਲ੍ਹ ਕੇ ਲਲਕਾਰਿਆ ਤੇ ਸਰਕਾਰ ਨੇ ਗੀਤ 'ਤੇ ਪਬੰਦੀ ਲਾ ਦਿੱਤੀ। ਅੱਜ ਸਿੱਖ ਅਤੇ ਪੰਜਾਬੀ ਪੂਰੇ ਜਾਹੋ-ਜਲਾਲ ਨਾਲ਼ ਇਸ ਗੀਤ ਦੇ ਬਹਾਨੇ ਅਹਿਦ ਕਰੀ ਦਿਸ ਰਹੇ ਹਨ ਕਿ ਅਸੀਂ ਪੰਜਾਬ ਨੂੰ ਬੰਜਰ ਨਹੀਂ ਹੋਣ ਦਿਆਂਗੇ, ਆਪਣੇ ਹੱਕ ਲੈ ਕੇ ਰਹਾਂਗੇ। ਸਿੱਧੂ ਮੂਸੇਵਾਲਾ ਦੀ ਪੰਥ ਅਤੇ ਪੰਜਾਬ ਪੱਖੀ ਸ਼ਖ਼ਸੀਅਤ ਨੂੰ ਜਾਣਨ-ਪਹਿਚਾਨਣ ਅਤੇ ਉਸ ਦੇ ਕਤਲ ਦੇ ਭੇਦਾਂ ਬਾਰੇ ਸਮਝਣ ਲਈ 'ਮੂਸੇਵਾਲਾ ਕੌਣ' ਕਿਤਾਬ ਜ਼ਰੂਰ ਪੜ੍ਹੋ।

ਆਵਾਜ਼ਿ ਕੌਮ AWAZE QAUM International Newspaper & WEB TV

### ਸ਼੍ਰੋਮਣੀ ਕਮੇਟੀ ਨੇ ਸ਼ਰਧਾ ਨਾਲ ਮਨਾਇਆ

# ਪੰਜਵੇਂ ਪਾਤਸ਼ਾਹ ਜੀ ਦਾ ਸ਼ਹੀਦੀ ਦਿਹਾੜਾ









**ਅੰਮ੍ਰਿਤਸਰ, 30 ਮਈ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਪੰਜਵੇਂ ਪਾਤਸ਼ਾਹ ਸ੍ਰੀ ਗੁਰੂ ਅਰਜਨ ਦੇਵ ਜੀ ਦਾ ਸ਼ਹੀਦੀ ਦਿਹਾੜਾ ਸ਼ਰਧਾ ਤੇ ਸਤਿਕਾਰ ਨਾਲ ਮਨਾਇਆ ਗਿਆ। ਇਥੇ ਸਥਿਤ ਗੁਰਦੁਆਰਾ ਸ੍ਰੀ ਰਾਮਸਰ ਸਾਹਿਬ ਵਿਖੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਉਪਰੰਤ ਹਜ਼ੂਰੀ ਰਾਗੀ ਭਾਈ ਗੁਰਿੰਦਰਪਾਲ ਸਿੰਘ ਤੇ ਭਾਈ ਦਵਿੰਦਰ ਸਿੰਘ ਦੇ ਜਥੇ ਵੱਲੋਂ ਇਲਾਹੀ ਬਾਣੀ ਦਾ ਕੀਰਤਨ ਕੀਤਾ ਗਿਆ। ਅਰਦਾਸ ਉਪਰੰਤ ਕਥਾਵਾਚਕ ਗਿਆਨੀ ਜਸਵੰਤ ਸਿੰਘ ਨੇ ਸ੍ਰੀ ਗੁਰੂ ਅਰਜਨ ਦੇਵ ਜੀ ਦੀ ਸ਼ਹਾਦਤ ਦੇ ਇਤਿਹਾਸ ਸਬੰਧੀ ਕਥਾ ਵਿਚਾਰ ਕੀਤੀ। ਉਨ੍ਹਾਂ ਸੰਗਤਾਂ ਨੂੰ ਗੁਰੂ ਸਾਹਿਬ ਜੀ ਦੇ ਜੀਵਨ ਇਤਿਹਾਸ ਤੋਂ ਪ੍ਰੇਰਨਾ ਲੈਣ ਦੀ ਅਪੀਲ ਕਰਦਿਆਂ ਬਾਣੀ ਅਤੇ ਬਾਣੇ ਨਾਲ ਜੁੜਨ ਲਈ ਪ੍ਰੇਰਿਆ।

**☛ ਗੁਰਦੁਆਰਾ ਸ੍ਰੀ ਰਾਮਸਰ ਸਾਹਿਬ ਵਿਖੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਮਗਰੋਂ ਹੋਏ ਗੁਰਮਤਿ ਸਮਾਗਮ ☛ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਤੇ ਗੁਰਦੁਆਰਾ ਸ੍ਰੀ ਰਾਮਸਰ ਸਾਹਿਬ ਵਿਖੇ ਠੰਡੇ ਮਿੱਠੇ ਜਲ ਦੀਆਂ ਛਬੀਲਾਂ ਲਗਾਈਆਂ**

ਆਵਾਜ਼ਿ ਕੌਮ AWAZE QAUM International Newspaper & WEB TV

ਇਸ ਮੌਕੇ ਸਜਾਏ ਗਏ ਗੁਰਮਤਿ ਸਮਾਗਮ ਸਮੇਂ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਐਡੀਸ਼ਨਲ ਹੈੱਡ ਗ੍ਰੰਥੀ ਸਿੰਘ ਸਾਹਿਬ ਗਿਆਨੀ ਅਮਰਜੀਤ ਸਿੰਘ ਨੇ ਕਥਾ ਵਿਚਾਰਾਂ ਕੀਤੀਆਂ ਅਤੇ ਹਜ਼ੂਰੀ ਰਾਗੀ ਜਥਿਆਂ ਵੱਲੋਂ ਗੁਰਬਾਣੀ ਕੀਰਤਨ ਨਾਲ ਸੰਗਤਾਂ ਨੂੰ ਨਿਹਾਲ ਕੀਤਾ ਗਿਆ। ਸਮਾਗਮ ਸਮੇਂ ਢਾਡੀ, ਕਵੀਸ਼ਰ ਤੇ ਪ੍ਰਚਾਰਕ ਸਿੰਘਾਂ ਨੇ ਸੰਗਤਾਂ ਨੂੰ ਗੁਰ-ਇਤਿਹਾਸ ਸਰਵਨ ਕਰਵਾਇਆ ਅਤੇ ਕਵੀਆਂ ਵੱਲੋਂ ਗੁਰੂ ਸਾਹਿਬ ਜੀ ਨਾਲ ਸਬੰਧਤ ਕਵਿਤਾਵਾਂ ਪੇਸ਼ ਕੀਤੀਆਂ ਗਈਆਂ। ਸ੍ਰੀ ਗੁਰੂ ਅਰਜਨ ਦੇਵ ਜੀ ਦੇ ਸ਼ਹੀਦੀ ਦਿਹਾੜੇ ਮੌਕੇ ਸੰਗਤਾਂ ਨੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ, ਗੁਰਦੁਆਰਾ ਸ੍ਰੀ ਰਾਮਸਰ ਸਾਹਿਬ ਸਮੇਤ ਗੁਰਧਾਮਾਂ ਤੇ ਸ਼ਰਧਾ ਨਾਲ ਹਾਜ਼ਰੀ ਭਰੀ। ਇਸੇ ਦੌਰਾਨ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਤੇ ਗੁਰਦੁਆਰਾ ਸ੍ਰੀ ਰਾਮਸਰ ਸਾਹਿਬ ਵਿਖੇ ਵਿਸ਼ੇਸ ਤੌਰ ਤੇ ਠੰਡੇ ਮਿੱਠੇ ਜਲ ਦੀਆਂ ਛਬੀਲਾਂ ਵੀ ਲਗਾਈਆਂ ਗਈਆਂ ਸਨ।

ਇਸ ਮੌਕੇ ਸ਼੍ਰੋਮਣੀ ਕਮੇਟੀ ਮੈਂਬਰ ਸ. ਸੁਰਜੀਤ ਸਿੰਘ ਭਿੱਟੇਵੱਡ, ਸ. ਮੰਗਵਿੰਦਰ ਸਿੰਘ ਖਾਪੜਖੇੜੀ, ਭਾਈ ਮਨਜੀਤ ਸਿੰਘ, ਮੈਨੇਜਰ ਸ. ਜੇ ਪੀ ਸਿੰਘ, ਸ. ਜਸਬੀਰ ਸਿੰਘ, ਪ੍ਰਚਾਰਕ ਭਾਈ ਤਰਸੇਮ ਸਿੰਘ ਤੇ ਭਾਈ ਗੁਰਵਿੰਦਰ ਸਿੰਘ ਖੋਦੇਬੇਟ ਸਮੇਤ ਸੰਗਤਾਂ ਹਾਜਰ ਸਨ।

**ਪੰਜਵੇਂ ਪਾਤਸ਼ਾਹ ਜੀ ਦੀ ਸ਼ਹਾਦਤ ਨੇ ਕੌਮ ਨੂੰ ਹੱਕ, ਸੱਚ ਦੀ ਰਾਖੀ ਲਈ ਸੰਘਰਸ਼ ਕਰਨ ਦੀ ਪ੍ਰੇਰਣਾ ਦਿੱਤੀ - ਐਡਵੋਕੇਟ ਧਾਮੀ**

ਇਸੇ ਦੌਰਾਨ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਪੰਜਵੇਂ ਪਾਤਸ਼ਾਹ ਸ੍ਰੀ ਗੁਰੂ ਅਰਜਨ ਦੇਵ ਜੀ ਦੇ ਸ਼ਹੀਦੀ ਦਿਹਾੜੇ ਮੌਕੇ ਸਤਿਕਾਰ ਭੇਟ ਕਰਦਿਆਂ ਕਿਹਾ ਕਿ ਗੁਰੂ ਸਾਹਿਬ ਦਾ ਜੀਵਨ ਮਨੁੱਖਤਾ ਲਈ ਚਾਨਣ-ਮੁਨਾਰਾ ਹੈ। ਉਨ੍ਹਾਂ ਕਿਹਾ ਕਿ ਪੰਜਵੇਂ ਪਾਤਸ਼ਾਹ ਜੀ ਨੇ ਜਿਥੇ ਵੱਡਾ ਪਰਉਪਕਾਰ ਕਰਦਿਆਂ ਆਦਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਪਾਵਨ ਸਰੂਪ ਤਿਆਰ ਕਰਵਾਇਆ ਅਤੇ ਸੰਗਤਾਂ ਨੂੰ ਸ਼ਬਦ ਨਾਲ ਜੋੜਿਆ, ਉਥੇ ਗੁਰੂ ਸਾਹਿਬ ਦੀ ਸ਼ਹਾਦਤ ਨੇ ਸਿੱਖ ਕੌਮ ਨੂੰ ਹੱਕ, ਸੱਚ ਅਤੇ ਮਨੁੱਖੀ ਅਧਿਕਾਰਾਂ ਦੀ ਰਾਖੀ ਲਈ ਸੰਘਰਸ਼ ਕਰਨ ਦੀ ਅਜਿਹੀ ਪ੍ਰੇਰਣਾ ਦਿੱਤੀ, ਜਿਸ ਦੀ ਮਿਸਾਲ ਦੁਨੀਆਂ ਦੇ ਇਤਿਹਾਸ ਵਿੱਚ ਕਿਧਰੇ ਹੋਰ ਨਹੀਂ ਮਿਲਦੀ। ਉਨ੍ਹਾਂ ਕਿਹਾ ਕਿ ਗੁਰੂ ਸਾਹਿਬ ਨੇ ਸਬਰ, ਸੰਤੋਖ ਅਤੇ ਨਿਮਰਤਾ ਨਾਲ ਸੱਚ ਦਾ ਰਾਹ ਚੁਣਿਆ ਅਤੇ ਸਿੱਖੀ ਦੀਆਂ ਨੀਹਾਂ ਨੂੰ ਅਟੱਲ ਕੀਤਾ ਐਡਵੋਕੇਟ ਧਾਮੀ ਨੇ ਸੰਗਤ ਨੂੰ ਗੁਰੂ ਸਾਹਿਬ ਦੇ ਜੀਵਨ ਤੋਂ ਪ੍ਰੇਰਣਾ ਲੈਣ ਅਤੇ ਗੁਰਬਾਣੀ ਉਪਦੇਸ਼ਾਂ 'ਤੇ ਚੱਲਣ ਦੀ ਅਪੀਲ ਕੀਤੀ।

# ਵਿਕਸਿਤ ਕ੍ਰਿਸ਼ੀ ਸੰਕਲਪ ਅਭਿਆਨ 2025 ਸੰਬੰਧੀ ਕੈਂਪਾਂ ਦਾ ਅਯੋਜਨ





**ਤਲਵੰਡੀ ਸਾਬੋ, 30 ਮਈ (ਗੁਰਜੰਟ ਸਿੰਘ ਨਥੇਹਾ)**-ਕ੍ਰਿਸ਼ੀ ਵਿਗਿਆਨ ਕੇਂਦਰ ਬਠਿੰਡਾ ਵੱਲੋਂ ਵਿਕਸਿਤ ਕ੍ਰਿਸ਼ੀ ਸੰਕਲਪ ਅਭਿਆਨ 2025 ਦੀ ਕੜੀ ਤਹਿਤ ਦੂਜੇ ਦਿਨ ਤਲਵੰਡੀ ਸਾਬੋ ਬਲਾਕ ਦੇ ਪਿੰਡ ਜੀਵਨ ਸਿੰਘ ਵਾਲਾ, ਭਾਗੀਵਾਂਦਰ, ਮਾਹੀਨੰਗਲ ਅਤੇ ਕੈਲੇਵਾਂਦਰ ਵਿਖੇ ਕੈਂਪ ਅਤੇ ਨੁਕੜ ਮੀਟਿੰਗਾਂ ਦਾ ਅਯੋਜਿਨ ਕੀਤਾ ਗਿਆ। ਇਹਨਾਂ ਕੈਂਪਾਂ ਦੌਰਾਨ ਡਾ. ਗੁਰਮੀਤ ਸਿੰਘ ਢਿੱਲੋਂ ਪ੍ਰੋਫੈਸਰ ਪਸਾਰ ਸਿਖਿਆ ਕੇ.ਵੀ.ਕੇ ਬਠਿੰਡਾ ਵੱਲੋਂ ਸਾਉਣੀ ਫਸਲਾਂ ਦੀ ਬਿਜਾਈ ਸੰਬੰਧੀ ਨੁਕਤੇ, ਬੀਜ ਸੋਧ, ਸੰਯੁਕਤ ਕੀਟ ਪ੍ਰਬੰਧਨ ਸੰਬੰਧੀ ਜਾਣਕਾਰੀ ਮੁਹੱਈਆ ਕਰਵਾਈ ਗਈ। ਡਰੋਨ ਟਕਨੋਲੌਜੀ, ਸੁਚੱਜਾ ਮੰਡੀਕਰਨ, ਤੇਲਬੀਜ ਫਸਲਾਂ ਦੀ ਪ੍ਰੋਸੈਸਿੰਗ ਅਤੇ ਪੈਕਿੰਗ ਕਰਕੇ ਮੁੱਲ ਵਧਾਊ ਉਤਪਾਦ ਪੈਦਾ ਕਰਨ ਸੰਬੰਧੀ ਜਾਣਕਾਰੀ ਡਾ. ਰਮਨਦੀਪ ਕੌਰ ਸਹਾਇਕ ਪ੍ਰੋਫੈਸਰ (ਪ੍ਰੋਸੈਸਿੰਗ ਅਤੇ ਫੂਡ ਇੰਜੀਨੀਅਰਿੰਗ) ਦੁਆਰਾ ਮੁਹੱਈਆ ਕਰਵਾਈ ਗਈ। ਕੈਂਪ ਵਿੱਚ ਖੇਤੀਬਾੜੀ ਸਬ ਇੰਸਪੈਕਟਰ ਸ. ਜਗਦੀਪ ਸਿੰਘ ਮਾਨ ਵੱਲੋਂ ਕਿਸਾਨਾਂ ਨੂੰ ਖੇਤੀਬਾੜੀ ਵਿਭਾਗ ਦੀਆਂ ਕਿਸਾਨ ਭਲਾਈ ਸਕੀਮਾਂ ਜਿਵੇਂ ਕਿ ਈ.ਕੇ ਵਾਈ ਸੀ, ਨਰਮੇ ਦੀ ਕਾਸ਼ਤ ਦੀ 33% ਸਬਸਿਡੀ, ਸਾਉਣੀ ਦੀ ਮੱਕੀ ਦੀ ਕਾਸ਼ਤ ਲਈ 7000 ਰੁਪਏ ਪ੍ਰਤੀ ਏਕੜ ਅਤੇ ਝੋਨੇ ਦੀ ਸਿੱਧੀ ਬਿਜਾਈ ਲਈ 1500 ਰੁਪਏ ਸੰਬੰਧੀ ਜਾਣਕਾਰੀ ਸਾਂਝੀ ਦਿੱਤੀ ਕੀਤੀ ਗਈ। ਇਹਨਾਂ ਸਾਰੇ ਪ੍ਰੋਗਰਾਮਾਂ ਦਾ ਸਿੱਧਾ ਪ੍ਰਸਾਰਨ ਅਕਾਸ਼ਵਾਣੀ ਬਠਿੰਡਾ ਵੱਲੋਂ ਪ੍ਰਸਾਰ ਕੀਤਾ ਗਿਆ। ਇਹਨਾਂ ਕੈਂਪਾਂ ਵਿੱਚ 600 ਕਿਸਾਨ ਵੀਰਾਂ ਅਤੇ ਕਿਸਾਨ ਬੀਬੀਆਂ ਨੇ ਸ਼ਮੂਲੀਅਤ ਕੀਤੀ। ਇਸ ਮੌਕੇ ਕਿਸਾਨਾਂ ਦੇ ਖੇਤਾਂ ਦਾ ਦੌਰਾ ਕਰਕੇ ਮੌਕੇ ਤੇ ਸੁਝਾਅ ਦਿੱਤੇ ਗਏ ਅਤੇ ਖੇਤੀ ਸੰਬੰਧੀ ਸਾਹਿਤ ਅਤੇ ਪ੍ਰਕਾਸ਼ਨਾਵਾਂ ਵੀ ਕਿਸਾਨਾਂ ਨੂੰ ਮੁਹੱਈਆ ਕਰਵਾਈਆਂ ਗਈਆਂ।

ਆਵਾਜ਼ਿ ਕੌਮ AWAZE QAUM International Newspaper & WEB TV

# ਜਥੇਦਾਰਾਂ ਖ਼ਿਲਾ.ਫ ਨੀਚ ਭਾਸ਼ਾ ਵਰਤਣ ਵਾਲੇ ਹੰਕਾਰੇ ਵਲਟੋਹੇ ਨੂੰ ਮਾ.ਫੀ ਨਹੀਂ ਮਿਲਣੀ ਚਾਹੀਦੀ : ਸਿੱਖ ਯੂਥ ਫੈਡਰੇਸ਼ਨ ਭਿੰਡਰਾਂਵਾਲਾ

**ਅੰਮ੍ਰਿਤਸਰ, 30 ਮਈ (ਆਵਾਜ਼ਿ ਕੌਮ ਬਿਊਰੋ)**-ਸਿੱਖ ਪ੍ਰਚਾਰਕ, ਪੰਥਕ ਲੇਖਕ ਅਤੇ ਸਿੱਖ ਯੂਥ ਫੈਡਰੇਸ਼ਨ ਭਿੰਡਰਾਂਵਾਲਾ ਦੇ ਕੌਮੀ ਪ੍ਰਧਾਨ ਭਾਈ ਰਣਜੀਤ ਸਿੰਘ ਦਮਦਮੀ ਟਕਸਾਲ ਨੇ ਕਿਹਾ ਕਿ ਤਖ਼ਤ ਸਾਹਿਬਾਨਾਂ ਦੇ ਜਥੇਦਾਰਾਂ ਬਾਰੇ ਅਤਿ ਨੀਚ ਦਰਜੇ ਦੀ ਮੰਦੀ ਅਤੇ ਹਲਕੀ ਭਾਸ਼ਾ ਵਰਤਣ ਵਾਲੇ ਵਿਰਸਾ ਸਿੰਘ ਵਲਟੋਹੇ ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਹਰਗਿਜ਼ ਮਾਫ਼ੀ ਨਹੀਂ ਮਿਲਣੀ ਚਾਹੀਦੀ।



ਆਵਾਜ਼ਿ ਕੌਮ AWAZE QAUM International Newspaper & WEB TV

ਵਿਰਸਾ ਸਿੰਘ ਵਲਟੋਹਾ ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਜੋ ਹੁਕਮ ਕਰਕੇ ਸ਼੍ਰੋਮਣੀ ਅਕਾਲੀ ਦਲ ਬਾਦਲ ਪਾਰਟੀ ਵਿੱਚੋਂ 10 ਸਾਲ ਲਈ ਕਢਵਾਇਆ ਗਿਆ ਸੀ ਉਹ ਫੈਸਲਾ 10 ਸਾਲਾਂ ਤਕ ਜਿਉਂ ਦਾ ਤਿਉਂ ਕਾਇਮ ਰਹਿਣਾ ਚਾਹੀਦਾ ਹੈ ਤੇ 10 ਸਾਲਾਂ ਬਾਅਦ ਹੀ ਇਸ ਫੈਸਲੇ ਨੂੰ ਵਿਚਾਰਿਆ ਜਾਣਾ ਚਾਹੀਦਾ ਹੈ ਕਿ ਅਗਾਂਹ ਇਸ ਨੂੰ ਕਿਸੇ ਅਕਾਲੀ ਦਲ ਵਿੱਚ ਸ਼ਾਮਲ ਹੋਣ ਦਾ ਅਧਿਕਾਰ ਹੈ ਜਾਂ ਨਹੀਂ। ਭਾਈ ਰਣਜੀਤ ਸਿੰਘ ਨੇ ਕਿਹਾ ਕਿ ਜੇਕਰ ਗਿਆਨੀ ਕੁਲਦੀਪ ਸਿੰਘ ਗੜਗੱਜ, ਬਾਦਲ ਦਲ ਦੇ ਦਬਾਅ ਹੇਠ ਵਿਰਸਾ ਸਿੰਘ ਵਲਟੋਹਾ ਦਾ ਮਾਮਲਾ ਵਿਚਾਰ ਕੇ ਉਸ ਨੂੰ ਮਾਫ਼ ਕਰ ਦਿੰਦੇ ਹਨ ਤਾਂ ਇਸ ਨਾਲ ਸ੍ਰੀ ਅਕਾਲ ਤਖਤ ਸਾਹਿਬ ਦੀ ਪ੍ਰਭੂਸੱਤਾ, ਸ਼ਾਨ ਅਤੇ ਆਜ਼ਾਦ ਹੋਂਦ ਹਸਤੀ ਨੂੰ ਵੱਡੀ ਸੱਟ ਵੱਜੇਗੀ ਤੇ ਸੰਗਤਾਂ ਦੀਆਂ ਭਾਵਨਾਵਾਂ ਵੀ ਵਲੂੰਧਰੀਆਂ ਜਾਣਗੀਆਂ। ਭਾਈ ਰਣਜੀਤ ਸਿੰਘ ਦਮਦਮੀ ਟਕਸਾਲ ਨੇ ਕਿਹਾ ਕਿ ਵਿਰਸਾ ਸਿੰਘ ਵਲਟੋਹਾ ਤਾਂ ਹੁਣ ਵੀ ਜਥੇਦਾਰਾਂ ਬਾਰੇ ਬਕਵਾਸ ਕਰਨ ਤੋਂ ਬਾਜ ਨਹੀ ਆ ਰਿਹਾ, ਉਸ ਦਾ ਹੰਕਾਰ ਸੱਤਵੇਂ ਅਸਮਾਨ 'ਤੇ ਹੈ, ਉਹ ਤਖਤਾਂ ਦੇ ਜਥੇਦਾਰਾਂ ਨੂੰ ਬਾਦਲ ਦਲ ਦੇ ਨੌਕਰ ਅਤੇ ਤਨਖਾਹਦਾਰ ਮੁਲਾਜ਼ਮ ਹੀ ਸਮਝਦਾ ਹੈ, ਉਸਨੂੰ ਅਜੇ ਵੀ ਆਪਣੀ ਗਲਤੀ ਦਾ ਅਹਿਸਾਸ ਨਹੀਂ ਹੈ ਤੇ ਉਹ ਗਿਆਨੀ ਕੁਲਦੀਪ ਸਿੰਘ ਗੜਗੱਜ ਕੋਲੋਂ ਰਾਹਤ ਭਾਲ ਰਿਹਾ ਹੈ। ਭਾਈ ਰਣਜੀਤ ਸਿੰਘ ਨੇ ਕਿਹਾ ਕਿ ਸੁਖਬੀਰ ਸਿੰਘ ਬਾਦਲ ਅਤੇ ਵਿਰਸਾ ਸਿੰਘ ਵਲਟੋਹਾ ਵਰਗਿਆਂ ਨੇ ਪੰਥ ਦੀ ਮਹਾਨ ਜਥੇਬੰਦੀਆਂ ਅਕਾਲੀ ਦਲ ਅਤੇ ਸ਼੍ਰੋਮਣੀ ਕਮੇਟੀ ਨੂੰ ਰੋਲ ਦਿੱਤਾ ਤੇ ਇਹ ਤਖਤਾਂ ਦੇ ਜਥੇਦਾਰਾਂ ਨੂੰ ਕੱਖ ਨਹੀਂ ਸਮਝਦੇ। ਉਹਨਾ ਕਿਹਾ ਕਿ ਤਿੰਨਾਂ ਤਖਤਾਂ ਦੇ ਜਥੇਦਾਰਾਂ ਨੂੰ ਉਹਨਾਂ ਦੇ ਅਹੁਦਿਆਂ ਤੋਂ ਹਟਾ ਕੇ ਸੁਖਬੀਰ ਸਿੰਘ ਬਾਦਲ ਅਤੇ ਵਿਰਸਾ ਸਿੰਘ ਵਲਟੋਹਾ ਨੇ ਆਪਣਾ ਬਦਲਾ ਲਿਆ ਸੀ ਤੇ ਸ੍ਰੀ ਅਕਾਲ ਤਖ਼ਤ ਸਾਹਿਬ ਨੂੰ ਇਹਨਾਂ ਨੇ ਖੁੱਲ੍ਹ ਕੇ ਵੰਗਾਰਿਆ ਹੈ ਜੋ ਗੁ.ਨਾਹ ਬਖਸ਼ਣਯੋਗ ਨਹੀਂ ਹਨ। ਭਾਈ ਰਣਜੀਤ ਸਿੰਘ ਨੇ ਕਿਹਾ ਜੇ ਵਲਟੋਹੇ ਦੇ ਫੈਸਲੇ ਵਿੱਚ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਤਬਦੀਲੀ ਕੀਤੀ ਤਾਂ ਉਹਨਾਂ ਨੂੰ ਸਿੱਖ ਸੰਗਤਾਂ ਦੇ ਰੋਹ ਅਤੇ ਰੋਸ ਦਾ ਸ਼ਿਕਾਰ ਹੋਣਾ ਪਵੇਗਾ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243




## ਪਾਕਿਸਤਾਨ 'ਚ ਭੂਚਾਲ ਆਉਣ ਦਾ ਸਿਲਸਿਲਾ ਲਗਾਤਾਰ ਜਾਰੀ

**ਇਸਲਾਮਾਬਾਦ, 30 ਮਈ (ਆਵਾਜ਼ਿ ਕੌਮ ਬਿਊਰੋ)**-ਭਾਰਤ ਦੇ ਗੁਆਂਢੀ ਮੁਲਕ ਪਾਕਿਸਤਾਨ ਵਿੱਚ ਭੂਚਾਲ ਦੇ ਝਟਕੇ ਮਹਿਸੂਸ ਕੀਤੇ ਗਏ ਹਨ। ਭੂਚਾਲ ਦੀ ਤੀਬਰਤਾ ਰਿਕਟਰ ਪੈਮਾਨੇ 'ਤੇ 4.2 ਮਾਪੀ ਗਈ ਹੈ। ਰਾਸ਼ਟਰੀ ਭੂਚਾਲ ਕੇਂਦਰ ਦੇ ਅਨੁਸਾਰ, ਸ਼ੁੱਕਰਵਾਰ (30 ਮਈ) ਦੁਪਹਿਰ 1:37 ਵਜੇ ਭੂਚਾਲ ਦੇ ਝਟਕੇ ਮਹਿਸੂਸ ਕੀਤੇ ਗਏ। ਇਸ ਨਾਲ ਸਾਰੇ ਪਾਸੇ ਹਫੜਾ-ਦਫੜੀ ਮੱਚ ਗਈ। ਹਾਲਾਂਕਿ, ਗਨੀਮਤ ਹੈ ਕਿ ਕਿਸੇ ਤਰ੍ਹਾਂ ਦੇ ਨੁਕਸਾਨ ਦੀ ਕੋਈ ਜਾਣਕਾਰੀ ਨਹੀਂ ਮਿਲੀ ਹੈ। ਇਸ ਮਹੀਨੇ ਵਿੱਚ ਇਹ ਚੌਥੀ ਵਾਰ ਹੈ ਜਦੋਂ ਪਾਕਿਸਤਾਨ ਵਿੱਚ ਭੂਚਾਲ ਆਇਆ ਹੈ। ਇਸ ਤੋਂ ਪਹਿਲਾਂ, ਵੀਰਵਾਰ ਨੂੰ 4.4 ਦੀ ਤੀਬਰਤਾ ਨਾਲ ਭੂਚਾਲ ਆਇਆ ਸੀ। ਇਸ ਦੇ ਨਾਲ ਹੀ, ਮੰਗਲਵਾਰ (27 ਮਈ) ਸ਼ਾਮ 7:30 ਵਜੇ, ਪਾਕਿਸਤਾਨ ਦੇ ਫੈਸਲਾਬਾਦ ਡਿਵੀਜ਼ਨ ਵਿੱਚ ਰਿਕਟਰ ਪੈਮਾਨੇ 'ਤੇ 4.2 ਤੀਬਰਤਾ ਨਾਲ ਭੂਚਾਲ ਆਇਆ ਸੀ। ਪਿਛਲੇ ਮਹੀਨੇ ਵੀ ਦੇਸ਼ ਵਿੱਚ ਕਈ ਭੂਚਾਲ ਆਏ ਹਨ, ਜੋ ਕਿ ਇੱਕ ਤੋਂ ਬਾਅਦ ਇੱਕ ਆਏ ਸਨ। ਮਈ ਦੇ ਮਹੀਨੇ ਵਿੱਚ ਦੇਸ਼ ਵਿੱਚ ਇਹ ਚੌਥਾ ਭੂਚਾਲ ਹੈ। ਇਨ੍ਹਾਂ ਘਟਨਾਵਾਂ ਦੌਰਾਨ ਕਿਸੇ ਵੀ ਤਰ੍ਹਾਂ ਦੇ ਨੁਕਸਾਨ ਜਾਂ ਕਿਸੇ ਦੀ ਜ਼ਖ਼ਮੀ ਹੋਣ ਦੀ ਕੋਈ ਖ਼ਬਰ ਨਹੀਂ ਹੈ। ਪਾਕਿਸਤਾਨ ਦੇ ਬਲੋਚਿਸਤਾਨ ਦੀ ਰਾਜਧਾਨੀ ਕਵੇਟਾ ਵਿੱਚ 12 ਮਈ ਨੂੰ 4.9 ਤੀਬਰਤਾ ਦਾ ਭੂਚਾਲ ਆਇਆ ਸੀ। ਰਾਸ਼ਟਰੀ ਭੂਚਾਲ ਨਿਗਰਾਨੀ ਕੇਂਦਰ ਦੇ ਅਨੁਸਾਰ, ਕਵੇਟਾ ਅਤੇ ਆਲੇ-ਦੁਆਲੇ ਦੇ ਖੇਤਰਾਂ ਵਿੱਚ 4.9 ਤੀਬਰਤਾ ਨਾਲ ਭੂਚਾਲ ਦੇ ਝਟਕੇ ਮਹਿਸੂਸ ਕੀਤੇ ਗਏ। ਪਾਕਿਸਤਾਨ ਦੁਨੀਆ ਦੇ ਸਭ ਤੋਂ ਵੱਧ ਭੂਚਾਲ-ਪ੍ਰਤੀ ਸਰਗਰਮ ਦੇਸ਼ਾਂ ਵਿੱਚੋਂ ਇੱਕ ਹੈ, ਜਿਸ ਵਿੱਚ ਕਈ ਵੱਡੀਆਂ ਭੂ-ਵਿਗਿਆਨਕ ਫਾਲਟ ਲਾਈਨਾਂ ਹਨ।

## ਪੰਜਾਬ ਨੂੰ ਬਰਬਾਦ ਕਰਨ ਦੀ ਸਾਜ਼ਿਸ਼!

# ਬਠਿੰਡਾ 'ਚ ਫੜੀ ਗਈ 80 ਹਜ਼ਾਰ ਲੀਟਰ ਈਥਾਨੌਲ

**ਬਠਿੰਡਾ, 30 ਮਈ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਸਰਕਾਰ ਨੇ ਗੈ.ਰ-ਕਾਨੂੰਨੀ ਸ਼ਰਾਬ ਬਣਾਉਣ ਵਾਲਿਆਂ ਵਿਰੁੱਧ ਵੱਡੀ ਕਾਰਵਾਈ ਕੀਤੀ ਹੈ। ਆਬਕਾਰੀ ਵਿਭਾਗ ਨੇ ਲਗਭਗ ਅੱਠ ਘੰਟਿਆਂ ਦੀ ਕਾਰਵਾਈ ਵਿੱਚ 80,000



ਲੀਟਰ ਈਥਾਨੌਲ ਨਾਲ ਭਰੇ ਦੋ ਗੁਜਰਾਤ ਨੰਬਰ ਦੇ ਟਰੱਕ ਜ਼ਬਤ ਕੀਤੇ ਹਨ, ਜਦੋਂ ਕਿ ਅੱਠ ਲੋਕਾਂ ਨੂੰ ਗ੍ਰਿਫ਼ਤਾਰ ਕੀਤਾ ਗਿਆ ਹੈ। ਦੋਸ਼ੀਆਂ ਵਿੱਚੋਂ ਚਾਰ ਬਠਿੰਡਾ ਤੋਂ, ਦੋ ਉੱਤਰ ਪ੍ਰਦੇਸ਼ ਤੋਂ ਤੇ ਦੋ ਨੇਪਾਲ ਤੋਂ ਹਨ। ਪੁਲਿਸ ਨੇ ਦੋ ਕਾਰਾਂ ਵੀ ਜ਼ਬਤ ਕੀਤੀਆਂ ਹਨ। ਇਹ ਦਾਅਵਾ ਪੰਜਾਬ ਦੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਕੀਤਾ ਹੈ। ਉਨ੍ਹਾਂ ਕਿਹਾ ਕਿ ਦੋਸ਼ੀਆਂ ਵਿਰੁੱਧ ਮਾਮਲਾ ਦਰਜ ਕਰ ਲਿਆ ਗਿਆ ਹੈ। ਇਸ ਦੇ ਨਾਲ ਹੀ ਅੱਜ ਪੂਰੇ ਇਲਾਕੇ ਵਿੱਚ ਫੈਕਟਰੀਆਂ ਦੀ ਚੈਕਿੰਗ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਜ਼ਬਤ ਕੀਤੀ ਗਈ ਸ਼ਰਾਬ ਤੋਂ 3.50 ਲੱਖ ਬੋਤਲਾਂ ਦੇਸੀ ਸ਼ਰਾਬ ਬਣਾਈ ਜਾ ਸਕਦੀ ਹੈ। ਵਿੱਤ ਮੰਤਰੀ ਨੇ ਕਿਹਾ ਕਿ ਈਥਾਨੌਲ ਨਾਲ ਭਰੇ ਇਹ ਟਰੱਕ ਗੁਰਦਾਸਪੁਰ ਵਿੱਚ ਸਥਿਤ ਇੱਕ ਸ਼ਰਾਬ ਫੈਕਟਰੀ ਤੋਂ ਆਏ ਸਨ। ਆਬਕਾਰੀ ਵਿਭਾਗ ਨੂੰ ਇਸ ਬਾਰੇ ਜਾਣਕਾਰੀ ਮਿਲੀ ਸੀ। ਇਸ ਤੋਂ ਬਾਅਦ ਸਾਡੀ ਟੀਮ ਸਰਗਰਮ ਸੀ ਪਰ ਮੁਲਜ਼ਮ ਪੂਰੀ ਰਣਨੀਤੀ ਨਾਲ ਅੱਗੇ ਵਧੇ। ਉਨ੍ਹਾਂ ਨੂੰ ਮਨਰਾਜ ਢਾਬੇ ਤੋਂ ਗ੍ਰਿਫ਼ਤਾਰ ਕੀਤਾ ਗਿਆ ਹੈ। ਇਸ ਦੇ ਨਾਲ ਹੀ ਇਹ ਕਾਰਵਾਈ ਅਜੇ ਵੀ ਜਾਰੀ ਹੈ। ਜਲਦੀ ਹੀ ਸਰਕਾਰ ਵੱਲੋਂ ਇੱਕ ਵੱਡਾ ਖੁਲਾਸਾ ਕੀਤਾ ਜਾਵੇਗਾ। ਵਿੱਤ ਮੰਤਰੀ ਨੇ ਕਿਹਾ ਕਿ ਪੈਟਰੋਲ ਅਤੇ ਡੀਜ਼ਲ ਵਿੱਚ ਵੀ ਈਥਾਨੌਲ ਮੌਜੂਦ ਹੁੰਦਾ ਹੈ। ਇਸਦੀ ਵਰਤੋਂ ਦੇਸੀ ਸ਼ਰਾਬ ਬਣਾਉਣ ਲਈ ਵੀ ਕੀਤੀ ਜਾਂਦੀ ਹੈ। ਜ਼ਬਤ ਕੀਤੀ ਗਈ ਮਾਤਰਾ 3 ਲੱਖ 50 ਹਜ਼ਾਰ (50 ਡਿਗਰੀ) ਬੋਤਲਾਂ ਦੇਸੀ ਸ਼ਰਾਬ ਬਣਾਉਣ ਲਈ ਵਰਤੀ ਜਾ ਸਕਦੀ ਸੀ। ਜੇ ਵਿਦੇਸ਼ੀ ਸ਼ਰਾਬ ਦੀ ਗੱਲ ਕਰੀਏ ਤਾਂ 2 ਲੱਖ 50 ਹਜ਼ਾਰ (75 ਡਿਗਰੀ) ਸ਼ਰਾਬ ਬਣਾਈ ਜਾਂਦੀ ਹੈ। ਜ਼ਿਕਰ ਕਰ ਦਈਏ ਕਿ ਇਸ ਮਹੀਨੇ 13 ਮਈ ਨੂੰ ਮਜੀਠਾ ਵਿੱਚ ਸ਼ਰਾਬ ਪੀਣ ਕਾਰਨ 22 ਤੋਂ ਵੱਧ ਲੋਕਾਂ ਦੀ ਮੌਤ ਹੋ ਗਈ ਸੀ। ਇਹ ਸਾਰੇ ਲੋਕ ਲੋੜਵੰਦ ਪਰਿਵਾਰਾਂ ਨਾਲ ਸਬੰਧਤ ਸਨ। ਇਸ ਤੋਂ ਬਾਅਦ ਵਿਰੋਧੀ ਧਿਰ ਨੇ ਵੀ ਇਸ ਮਾਮਲੇ ਨੂੰ ਗੰਭੀਰਤਾ ਨਾਲ ਲਿਆ। ਇਸ ਦੇ ਨਾਲ ਹੀ ਮੁੱਖ ਮੰਤਰੀ ਭਗਵੰਤ ਮਾਨ ਨੇ ਖੁਦ ਇਲਾਕੇ ਦਾ ਦੌਰਾ ਕੀਤਾ ਅਤੇ ਪੀੜਤ ਪਰਿਵਾਰਾਂ ਨੂੰ ਦਸ-ਦਸ ਲੱਖ ਰੁਪਏ ਅਤੇ ਪਰਿਵਾਰ ਦੇ ਇੱਕ ਮੈਂਬਰ ਨੂੰ ਨੌਕਰੀ ਦੇਣ ਦਾ ਐਲਾਨ ਕੀਤਾ। ਇਸ ਦੇ ਨਾਲ ਹੀ ਗੈਰ-ਕਾਨੂੰਨੀ ਸ਼ਰਾਬ ਬਣਾਉਣ ਵਾਲਿਆਂ ਵਿਰੁੱਧ ਕਾਰਵਾਈ ਸ਼ੁਰੂ ਕਰ ਦਿੱਤੀ ਗਈ। ਉਸੇ ਦਿਨ, ਪਟਿਆਲਾ ਪੁਲਿਸ ਨੇ ਦਿੱਲੀ ਤੋਂ ਆ ਰਿਹਾ 600 ਲੀਟਰ ਮੀਥੇਨੌਲ ਜ਼ਬਤ ਕੀਤਾ, ਜਿਸਦੀ ਵਰਤੋਂ ਸ਼ਰਾਬ ਬਣਾਉਣ ਵਿੱਚ ਕੀਤੀ ਜਾਣੀ ਸੀ। ਇਸ ਤੋਂ ਇਲਾਵਾ ਕਈ ਥਾਵਾਂ 'ਤੇ ਦੇਸੀ ਸ਼ਰਾਬ ਵੀ ਜ਼ਬਤ ਕੀਤੀ ਗਈ।

## ਪਟਾਕਿਆਂ ਦੀ ਫੈਕਟਰੀ 'ਚ ਹੋਇਆ ਜੋਰਦਾਰ ਧਮਾਕਾ, 5 ਲੋਕਾਂ ਦੀ ਹੋਈ ਦਰਦਨਾਕ ਮੌਤ, ਕਈ ਜ਼ਖਮੀ

**ਸ੍ਰੀ ਮੁਕਤਸਰ ਸਾਹਿਬ, 30 ਮਈ (ਆਵਾਜ਼ਿ ਕੌਮ ਬਿਊਰੋ)**-ਜਿਲਾ ਸ੍ਰੀ ਮੁਕਤਸਰ ਸਾਹਿਬ ਦੀ ਲੰਬੀ ਦੇ ਕੋਲ ਪੈਂਦੇ ਪਿੰਡ ਸਿੰਘੇਵਾਲਾ ਦੇ ਰਾਤ ਪਟਾਕਿਆਂ ਵਾਲੀ ਫੈਕਟਰੀ ਦੇ ਵਿੱਚ ਧਮਾਕਾ ਹੋਣ ਦਾ ਮਾਮਲਾ ਸਾਹਮਣੇ ਆਇਆ ਹੈ। ਇਹ ਧਮਾਕਾ ਇੰਨ੍ਹਾ ਜਿਆਦਾ ਭਿਆਨਕ ਸੀ ਕਿ ਮੌਕੇ 'ਤੇ 4 ਤੋਂ 5 ਲੋਕਾਂ ਦੀ ਦਰਦਨਾਲ ਮੌਤ ਹੋ ਗਈ। ਮੌਤਾਂ ਦੀ ਪੁਸ਼ਟੀ ਡੀਐਸਪੀ ਵੱਲੋਂ ਕੀਤੀ ਗਈ ਹੈ। ਮਿਲੀ ਜਾਣਕਾਰੀ ਮੁਤਾਬਿਕ ਧਮਾਕੇ ਮਗਰੋਂ 20 ਤੋਂ 25 ਦੇ ਕਰੀਬ ਵਿਅਕਤੀ ਜ਼ਖਮੀ ਵੀ ਦੱਸੇ ਜਾ ਰਹੇ ਹਨ। ਜਿਨ੍ਹਾਂ ਵੱਖ ਵੱਖ ਹਸਪਤਾਲਾਂ 'ਚ ਭਰਤੀ ਕਰਵਾਇਆ ਗਿਆ ਹੈ। ਦੱਸਿਆ ਜਾ ਰਿਹਾ ਹੈ ਕਿ ਇਹ ਧਮਾਕਾ ਅੱਗ ਲੱਗਣ ਦੇ ਕਾਰਨ ਹੋਇਆ ਹੈ। ਪਰ ਫਿਲਹਾਲ ਇਸ ਸਬੰਧੀ ਕੋਈ ਜਾਣਕਾਰੀ ਨਹੀਂ ਹੈ ਕਿ ਫੈਕਟਰੀ 'ਚ ਅੱਗ ਕਿਸ ਤਰ੍ਹਾਂ ਲੱਗੀ ਜਾਂ ਪਹੁੰਚੀ। ਇਸ ਸਬੰਧੀ ਪ੍ਰਸ਼ਾਸਨ ਵੱਲੋਂ ਜਾਂਚ ਕੀਤੀ ਜਾ ਰਹੀ ਹੈ। ਇਹ ਧਮਾਕਾ ਫੈਕਟਰੀ 'ਚ ਰਾਤ ਦੇ ਕਰੀਬ ਡੇਢ ਵਜੇ ਹੋਇਆ ਦੱਸਿਆ ਜਾ ਰਿਹਾ ਹੈ। ਇਸ ਫੈਕਟਰੀ 'ਚ 40 ਤੋਂ 45 ਦੇ ਕਰੀਬ ਵਿਅਕਤੀ ਕੰਮ ਕਰਦੇ ਹਨ।

**ਫੈਕਟਰੀ ਮਾਲਕ ਮੌਕੇ ਤੋਂ ਫ਼ਰਾਰ :** ਜ਼ਖਮੀਆਂ ਨੇ ਕਿਹਾ ਕਿ ਫੈਕਟਰੀ ਮਾਲਕ ਰਣਵੀਰ ਸਿੰਘ ਘਟਨਾ ਤੋਂ ਬਾਅਦ ਤੋਂ ਫ਼ਰਾਰ ਹੈ ਅਤੇ ਉਸਦਾ ਮੋਬਾਇਲ ਫੋਨ ਵੀ ਬੰਦ ਹੈ। ਇੰਨਾ ਹੀ ਨਹੀਂ, ਉਸਨੇ ਜ਼ਖਮੀਆਂ ਦੀ ਕੋਈ ਖ਼ਬਰ ਨਹੀਂ ਲਈ ਅਤੇ ਨਾ ਹੀ ਉਨ੍ਹਾਂ ਨੂੰ ਹਸਪਤਾਲ ਮਿਲਣ ਗਿਆ। ਮਜ਼ਦੂਰਾਂ ਨੇ ਇਹ ਵੀ ਕਿਹਾ ਕਿ ਮਾਲਕ ਉਨ੍ਹਾਂ ਨੂੰ ਉਨ੍ਹਾਂ ਦੇ ਜੱਦੀ ਰਾਜਾਂ ਉੱਤਰ ਪ੍ਰਦੇਸ਼ ਅਤੇ ਬਿਹਾਰ ਭੇਜਣ ਦੀ ਗੱਲ ਕਰ ਰਿਹਾ ਹੈ, ਜਦੋਂ ਕਿ ਉਨ੍ਹਾਂ ਕੋਲ ਨਾ ਤਾਂ ਪੈਸੇ ਹਨ ਅਤੇ ਨਾ ਹੀ ਕੋਈ ਮਦਦ।

ਸ਼੍ਰੋਮਣੀ ਅਕਾਲੀ ਦਲ ਦੇ ਮੁਖੀ ਅਤੇ ਪੰਜਾਬ ਦੇ ਸਾਬਕਾ ਉਪ ਮੁੱਖ ਮੰਤਰੀ ਸੁਖਬੀਰ ਸਿੰਘ ਬਾਦਲ ਅੱਜ ਜ਼ਖਮੀਆਂ ਦਾ ਹਾਲ ਜਾਣਨ ਲਈ ਏਮਜ਼ ਪਹੁੰਚੇ। ਉਨ੍ਹਾਂ ਸਾਰੇ ਜ਼ਖਮੀਆਂ ਨਾਲ ਮੁਲਾਕਾਤ ਕੀਤੀ ਅਤੇ ਉਨ੍ਹਾਂ ਦਾ ਹਾਲ ਪੁੱਛਿਆ ਅਤੇ ਮੌਕੇ 'ਤੇ ਮੌਜੂਦ ਫੈਕਟਰੀ ਦੇ ਮਾੜੇ ਪ੍ਰਬੰਧਾਂ ਬਾਰੇ ਪ੍ਰਸ਼ਾਸਨ 'ਤੇ ਸਖ਼ਤ ਟਿੱਪਣੀ ਕੀਤੀ।

## ਡਿਪਟੀ ਕਮਿਸ਼ਨਰ ਸੰਗਰੂਰ ਨੇ ਮੁੱਖ ਮੰਤਰੀ ਪੰਜਾਬ ਵੱਲੋਂ ਸ਼ਰਧਾ ਦੇ ਫੁੱਲ ਭੇਟ ਕੀਤੇ

# ਸਾਬਕਾ ਕੇਂਦਰੀ ਮੰਤਰੀ ਸੁਖਦੇਵ ਸਿੰਘ ਢੀਂਡਸਾ ਦਾ ਪੂਰੇ ਸਰਕਾਰੀ ਸਨਮਾਨਾਂ ਨਾਲ ਅੰਤਿਮ ਸੰਸਕਾਰ

## ਕੈਬਨਿਟ ਮੰਤਰੀਆਂ ਅਤੇ ਸੰਸਦ ਮੈਂਬਰਾਂ ਨੇ ਵੀ ਵਿਛੜੀ ਆਤਮਾ ਨੂੰ ਸ਼ਰਧਾਂਜਲੀ ਭੇਟ ਕੀਤੀ

**ਸੰਗਰੂਰ, 30 ਮਈ (ਰਣਜੀਤ ਸਿੰਘ ਪੇਧਨੀ)**-ਸੰਗਰੂਰ ਦੇ ਡਿਪਟੀ ਕਮਿਸ਼ਨਰ ਸੰਦੀਪ ਰਿਸ਼ੀ ਨੇ ਅੱਜ ਸੀਨੀਅਰ ਅਕਾਲੀ ਆਗੂ ਅਤੇ ਸਾਬਕਾ ਕੇਂਦਰੀ ਮੰਤਰੀ ਸੁਖਦੇਵ ਸਿੰਘ ਢੀਂਡਸਾ ਦੇ ਸਰੀਰ 'ਤੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਉਨ੍ਹਾਂ ਦੇ ਜੱਦੀ ਪਿੰਡ ਉੱਭਾਵਾਲ ਵਿਖੇ ਅੰਤਿਮ ਸੰਸਕਾਰ ਦੌਰਾਨ ਉਨ੍ਹਾਂ ਦੀ ਦੇਹ 'ਤੇ ਸ਼ਰਧਾ ਦੇ ਫੁੱਲ ਭੇਟ ਕੀਤੇ। ਸ੍ਰ. ਢੀਂਡਸਾ ਨੇ ਲੰਬੀ ਬਿਮਾਰੀ ਤੋਂ

ਆਵਾਜ਼ਿ ਕੌਮ AWAZE QAUM International Newspaper & WEB TV

ਬਾਅਦ ਬੁੱਧਵਾਰ ਸ਼ਾਮ ਨੂੰ ਮੋਹਾਲੀ ਦੇ ਇੱਕ ਨਿੱਜੀ ਹਸਪਤਾਲ ਵਿੱਚ ਆਖਰੀ ਸਾਹ ਲਿਆ।

ਇਸ ਦੌਰਾਨ, ਕੈਬਨਿਟ ਮੰਤਰੀ ਹਰਪਾਲ ਸਿੰਘ ਚੀਮਾ, ਅਮਨ ਅਰੋੜਾ ਅਤੇ ਲਾਲਜੀਤ ਸਿੰਘ ਭੁੱਲਰ, ਲੋਕ ਸਭਾ ਮੈਂਬਰ ਗੁਰਮੀਤ ਸਿੰਘ ਮੀਤ ਹੇਅਰ ਅਤੇ ਮਾਲਵਿੰਦਰ ਸਿੰਘ ਕੰਗ ਤੋਂ ਇਲਾਵਾ ਪੰਜਾਬ ਸਰਕਾਰ ਦੇ ਸੀਨੀਅਰ ਅਧਿਕਾਰੀਆਂ ਨੇ ਸ੍ਰੀ ਢੀਂਡਸਾ ਨੂੰ ਅੰਤਿਮ ਸ਼ਰਧਾਂਜਲੀ ਭੇਟ ਕੀਤੀ।

ਡਿਪਟੀ ਕਮਿਸ਼ਨਰ ਨੇ ਮੁੱਖ ਮੰਤਰੀ ਵੱਲੋਂ ਦੁਖੀ ਪਰਿਵਾਰ ਪ੍ਰਤੀ ਸੰਵੇਦਨਾ ਪ੍ਰਗਟ ਕੀਤੀ ਅਤੇ ਵਿਛੜੀ ਆਤਮਾ ਨੂੰ ਸ਼ਰਧਾਂਜਲੀ ਭੇਟ ਕੀਤੀ। ਇਸ ਤੋਂ ਬਾਅਦ, ਸਾਬਕਾ ਕੇਂਦਰੀ ਮੰਤਰੀ ਦਾ ਉਨ੍ਹਾਂ ਦੀ ਜੱਦੀ ਪਿੰਡ ਉਭਾਵਾਲ ਵਿਖੇ ਜੱਦੀ ਜ਼ਮੀਨ 'ਤੇ ਪੂਰੇ ਸਰਕਾਰੀ ਸਨਮਾਨਾਂ ਨਾਲ ਅੰਤਿਮ ਸੰਸਕਾਰ ਕੀਤਾ ਗਿਆ।



ਜ਼ਿਕਰਯੋਗ ਹੈ ਕਿ ਰਾਜਨੀਤੀ ਦੇ ਬਾਬਾ ਬੋਹੜ, ਸਾਬਕਾ ਕੇਂਦਰੀ ਮੰਤਰੀ, ਸਾਬਕਾ ਰਾਜ ਸਭਾ ਮੈਂਬਰ ਅਤੇ ਸੀਨੀਅਰ ਅਕਾਲੀ ਦਲ ਦੇ ਨੇਤਾ ਸੁਖਦੇਵ ਸਿੰਘ ਢੀਂਡਸਾ ਦਾ ਬੀਤੇ ਦਿਨੀਂ ਦੇਹਾਂਤ ਹੋ ਗਿਆ ਸੀ। ਉਹ 90 ਸਾਲ ਦੇ ਸਨ। ਢੀਂਡਸਾ ਨੂੰ ਮੋਹਾਲੀ ਦੇ ਫੋਰਟਿਸ ਹਸਪਤਾਲ ਵਿੱਚ ਦਾਖਲ ਕਰਵਾਇਆ ਗਿਆ ਸੀ। ਉਨ੍ਹਾਂ ਨੇ ਉੱਥੇ ਆਖਰੀ ਸਾਹ ਲਿਆ। ਸੁਖਦੇਵ ਢੀਂਡਸਾ ਸ਼੍ਰੋਮਣੀ ਅਕਾਲੀ ਦਲ ਵੱਲੋਂ ਸੰਗਰੂਰ ਤੋਂ ਲੋਕ ਸਭਾ ਮੈਂਬਰ ਸਨ ਜਦੋਂ ਉਹ ਅਟਲ ਬਿਹਾਰੀ ਵਾਜਪਾਈ ਸਰਕਾਰ ਵਿੱਚ ਖੇਡ, ਰਸਾਇਣ ਅਤੇ ਖਾਦਾਂ ਦੇ ਕੇਂਦਰੀ ਮੰਤਰੀ ਸਨ। ਢੀਂਡਸਾ 2019 'ਚ ਪਦਮ ਭੂਸ਼ਨ ਨਾਲ ਸਨਮਾਨਿਤ ਕੀਤੇ ਗਏ ਸਨ। 2020 'ਚ ਅਕਾਲੀ ਦਲ ਨਾਲੋਂ ਵੱਖ ਹੋਏ ਸਨ। ਢੀਂਡਸਾ ਲੋਕ ਸਭਾ ਤੇ ਰਾਜ ਸਭਾ ਦੇ ਮੈਂਬਰ ਵੀ ਰਹਿ ਚੁੱਕੇ ਹਨ। ਢੀਂਡਸਾ ਨੇ 89 ਸਾਲ ਦੀ ਉਮਰ ਵਿਚ ਆਖਰੀ ਸਾਹ ਲਏ।

**ਸੁਖਦੇਵ ਸਿੰਘ ਢੀਂਡਸਾ ਦਾ ਸਿਆਸੀ ਸ.ਫਰ :** ਸੁਖਦੇਵ ਸਿੰਘ ਢੀਂਡਸਾ ਦਾ ਜਨਮ 9 ਅਪ੍ਰੈਲ 1936 ਨੂੰ ਪੰਜਾਬ ਦੇ ਸੰਗਰੂਰ ਜ਼ਿਲ੍ਹੇ ਦੇ ਉਭਾਵਲ ਪਿੰਡ 'ਚ ਹੋਇਆ ਸੀ। ਉਨ੍ਹਾਂ ਨੇ ਆਪਣੇ ਸਿਆਸੀ ਸ.ਫ਼ਰ ਦੀ ਸ਼ੁਰੂਆਤ ਵਿਦਿਆਰਥੀ ਜੀਵਨ ਤੋਂ ਸ਼ੁਰੂ ਕੀਤੀ, ਜਿੱਥੇ ਉਹ ਸਰਕਾਰੀ ਰਣਬੀਰ ਕਾਲਜ ਸੰਗਰੂਰ ਵਿੱਚ ਵਿਦਿਆਰਥੀ ਯੂਨੀਅਨ ਦੇ ਪ੍ਰਧਾਨ ਰਹੇ। ਉਨ੍ਹਾਂ ਨੇ ਆਪਣੇ ਪਿੰਡ ਦੇ ਸਰਪੰਚ ਵਜੋਂ ਚੋਣ ਜਿੱਤ ਕੇ ਸਿਆਸਤ ਵਿੱਚ ਕਦਮ ਰੱਖਿਆ ਅਤੇ ਬਾਅਦ 'ਚ ਬਲਾਕ ਸਮਿਤੀ ਸੰਗਰੂਰ ਦੇ ਚੇਅਰਮੈਨ ਬਣੇ। ਉਨ੍ਹਾਂ ਨੇ 1972 ਵਿੱਚ ਧਨੌਲਾ ਹਲਕੇ ਤੋਂ ਆਜ਼ਾਦ ਉਮੀਦਵਾਰ ਵਜੋਂ ਵਿਧਾਇਕ ਦੀ ਚੋਣ ਜਿੱਤੀ। ਬਾਅਦ ਵਿੱਚ ਉਹ ਸ਼੍ਰੋਮਣੀ ਅਕਾਲੀ ਦਲ ਵਿੱਚ ਸ਼ਾਮਲ ਹੋਏ। 1977 ਵਿੱਚ ਸੁਨਾਮ ਹਲਕੇ ਤੋਂ ਵਿਧਾਇਕ ਚੁਣੇ ਗਏ ਅਤੇ ਪੰਜਾਬ ਸਰਕਾਰ ਵਿੱਚ ਟਰਾਂਸਪੋਰਟ, ਖੇਡਾਂ, ਸੈਰ-ਸਪਾਟਾ, ਸੱਭਿਆਚਾਰ ਅਤੇ ਨਾਗਰਿਕ ਹਵਾਈ ਯਾਤਰਾ ਮੰਤਰੀ ਵਜੋਂ ਸੇਵਾ ਨਿਭਾਈ। ਸੁਖਦੇਵ ਸਿੰਘ ਢੀਂਡਸਾ ਨੇ 1998 ਤੋਂ 2004 ਅਤੇ 2010 ਤੋਂ 2022 ਤੱਕ ਰਾਜ ਸਭਾ ਦੇ ਮੈਂਬਰ ਵਜੋਂ ਸੇਵਾ ਨਿਭਾਈ। 2000 ਤੋਂ 2004 ਤੱਕ ਉਨ੍ਹਾਂ ਨੇ ਅਟਲ ਬਿਹਾਰੀ ਵਾਜਪਈ ਦੀ ਤੀਜੀ ਸਰਕਾਰ ਵਿੱਚ ਖੇਡ ਮੰਤਰੀ ਵਜੋਂ ਕੰਮ ਕੀਤਾ। 2019 ਵਿੱਚ ਉਨ੍ਹਾਂ ਨੂੰ ਪਦਮ ਭੂਸ਼ਣ ਨਾਲ ਸੁਖਦੇਵ ਸਿੰਘ ਢੀਂਡਸਾ ਨੂੰ ਸਨਮਾਨਿਤ ਕੀਤਾ ਗਿਆ ਪਰ 2020 ਵਿੱਚ ਕਿਸਾਨ ਅੰਦੋਲਨ ਦੌਰਾਨ ਉਨ੍ਹਾਂ ਨੇ ਇਹ ਸਨਮਾਨ ਵਾਪਸ ਕਰ ਦਿੱਤਾ ਸੀ।

ਉਨ੍ਹਾਂ ਨੇ ਸ਼੍ਰੋਮਣੀ ਅਕਾਲੀ ਦਲ (ਟਕਸਾਲੀ) ਦੀ ਸਥਾਪਨਾ ਕੀਤੀ ਜੋ ਬਾਅਦ ਵਿੱਚ ਸ਼੍ਰੋਮਣੀ ਅਕਾਲੀ ਦਲ (ਸੰਯੁਕਤ) ਵਿੱਚ ਮਿਲ ਗਈ। 2024 ਵਿੱਚ ਉਨ੍ਹਾਂ ਨੇ ਆਪਣੀ ਪਾਰਟੀ ਨੂੰ ਮੁੜ ਸ਼੍ਰੋਮਣੀ ਅਕਾਲੀ ਦਲ ਵਿੱਚ ਮਿਲਾ ਦਿੱਤਾ ਸੀ। ••



ਸ਼੍ਰੀ ਸੰਦੀਪ ਰਿਸ਼ੀ, ਡਿਪਟੀ ਕਮਿਸ਼ਨਰ ਸੰਗਰੂਰ, ਮੁੱਖ ਮੰਤਰੀ ਸ੍ਰ ਭਗਵੰਤ ਸਿੰਘ ਮਾਨ ਦੀ ਤਰ.ਫੋਂ ਸੁਖਦੇਵ ਸਿੰਘ ਢੀਂਡਸਾ ਦੀ ਮ੍ਰਿਤਕ ਦੇਹ ਉੱਤੇ ਫੁੱਲ ਮਾਲਾਵਾਂ ਭੇਟ ਕਰਦੇ ਹੋਏ। ਫੋਟੋ :- ਰਣਜੀਤ ਸਿੰਘ ਪੇਧਨੀ

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ। ਵਾਹਿਗੁਰੂ ਜੀ ਕੀ ਫਤਿਹ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)



# ਸ਼ਹੀਦੀ ਜੋੜ ਮੇਲਾ ਧੰਨ ਸ਼੍ਰੀ ਗੁਰੂ ਅਰਜਨ ਦੇਵ ਸਾਹਿਬ ਜੀ



☛ ਸ਼ਹੀਦਾਂ ਦੇ ਸਿਰਤਾਜ ਧੰਨ ਧੰਨ ਸ਼ਹੀਦ ਸ਼੍ਰੀ ਗੁਰੂ ਅਰਜਨ ਦੇਵ ਸਾਹਿਬ ਜੀ ☛ ਸਲਾਨਾ ਬਰਸੀ ਬਾਬਾ ਖੜਕ ਸਿੰਘ ਬੀੜ ਬਾਬਾ ਬੁੱਢਾ ਸਾਹਿਬ ਜੀ ਅੰਮ੍ਰਿਤਸਰ ਨੂੰ ਸਮਰਪਿਤ ਗੁਰਮਤਿ ਸਮਾਗਮ ਕਰਵਾਏ ਜਾ ਰਹੇ ਹਨ

**ਦਿਨ ਸ਼ੁੱਕਰਵਾਰ 30 ਮਈ ਸ਼ਾਮ 5 ਤੋ 8 ਵਜੇ ਤੱਕ ਦੀਵਾਨ ਸਜਣਗੇ।**

• ਸ਼ਨਿੱਚਰਵਾਰ 31 ਮਈ ਸ਼ਾਮ 5 ਤੋਂ 8 ਵਜ਼ੇ ਤੱਕ ਦੀਵਾਨ ਸਜਣਗੇ • ਐਤਵਾਰ 1 ਜੂਨ 2025 ਨੂੰ 6:30 ਵਜੇ ਸਵੇਰ ਚੌਪੈਹਿਰੇ ਦੇ ਪਾਠਾਂ ਦੀ ਆਰੰਭਤਾ ਹੋਵੇਗੀ ਸਮੇਤ ਸੁਖਮਨੀ ਸਾਹਿਬ ਦੇ 10:30 ਵਜੇ ਭੋਗ ਪੈਣਗੇ ਉਪੰਰਤ 12:30 ਵਜੇ ਤੱਕ ਦੀਵਾਨ ਸੱਜਣਗੇ।

ਕੀਰਤਨ ਅਤੇ ਕਥਾ ਵਾਚਕ ਬਾਬਾ ਦਈਆ ਸਿੰਘ ਬਟਾਲੇ ਵਾਲੇ ਕਥਾ ਰਾਹੀਂ ਗੁਰਬਾਣੀ ਕਥਾ ਗੁਰ ਇਤਿਹਾਸ ਸਿੱਖ ਇਤਿਹਾਸ ਨਾਲ ਸਿੱਖ ਸੰਗਤਾਂ ਨੂੰ ਜੋੜਨਾ ਕਰਨਗੇ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**

**ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ**

ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-

ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778

ਭਾਈ ਬਲਰਾਮ ਸਿੰਘ +393885751594

ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

ਸ਼ੇਅਰ ਜ਼ਰੂਰ ਕਰੋ ਜੀ।

☛ਸਿੱਖ ਸੰਗਤਾਂ ਦੇ ਚਰਨਾਂ 'ਚ ਬੇਨਤੀ ਹੈ ਕਿ ਹੁੰਮ-ਹੁੰਮਾ ਕੇ ਪੁੱਜਣ ਦੀ ਕ੍ਰਿਪਾਲਤਾ ਕਰਨੀ ਜੀ।

**Gurdwara Sahib Shaeed Baba Deep Singh ji Damdami Taksaal**

Via Giacomo Matteotti 3Cap 26020Casalmorano Cremona (IT)

E-mail : gur.damdamitaksaalitaly@gmail.com

Call+393475711755 / 3208124778

### ਗੁਰਦੁਆਰਾ ਗੋਬਿੰਦਬਾਗ ਪਿੰਡ ਦਾਬਾਂਵਾਲ ਵਿਖੇ ਸੰਤ ਬਾਬਾ ਜਤਿੰਦਰ ਸਿੰਘ ਜੀ ਗੋਬਿੰਦ ਬਾਗ ਵਾਲਿਆਂ ਦੀ ਰਹਿਨੁਮਾਈ ਹੇਠ

# ਸੰਗਤਾਂ ਦੇ ਸਹਿਯੋਗ ਨਾਲ ਮਹਾਨ ਗੁਰਮਤਿ ਸਮਾਗਮ ਹੋਇਆ

## ਬਹੁਤ ਵੱਡੀ ਗਿਣਤੀ ਵਿੱਚ ਸੰਗਤ ਪਹੁੰਚ ਗਏ ਨਤਮਸਤਕ ਹੋਈਆਂ


















**(ਮਨਪ੍ਰੀਤ ਸਿੰਘ ਵਾੜਾ ਸ਼ੇਰ ਸਿੰਘ)** ਸੰਤ ਬਾਬਾ ਬੂਟਾ ਸਿੰਘ ਜੀ ਦੇ 78 ਵਾਂ ਗੁਰਮਤਿ ਸਮਾਗਮ ਅਤੇ ਬ੍ਰਹਮ ਗਿਆਨੀ ਸੰਤ ਬਾਬਾ ਕਰਤਾਰ ਸਿੰਘ ਜੀ ਦੀ 16ਵੀਂ ਬਰਸੀ ਸਮਾਗਮ ਗੁਰਦੁਆਰਾ ਗੋਬਿੰਦ ਬਾਗ ਦਾਂਬਾਵਾਲ ਬਟਾਲਾ ਵਿਖੇ ਇੰਟਰਨੈਸ਼ਨਲ ਪੰਥਕ ਦਲ ਦੇ ਐਕਟਿੰਗ ਪੰਜਾਬ ਪ੍ਰਧਾਨ ਸੰਤ ਬਾਬਾ ਜਤਿੰਦਰ ਸਿੰਘ ਜੀ ਗੋਬਿੰਦ ਬਾਗ ਵਾਲਿਆਂ ਦੀ ਰਹਿਨੁਮਾਈ ਹੇਠ ਸੰਗਤਾਂ ਦੇ ਸਹਿਯੋਗ ਨਾਲ ਮਹਾਨ ਗੁਰਮਤਿ ਸਮਾਗਮ ਕਰਵਾਇਆ ਗਿਆ। ਸ਼੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਪਵਾ ਕੇ ਉਪਰੰਤ ਖੁੱਲੇ ਪੰਡਾਲ ਵਿੱਚ ਦੀਵਾਨ ਸਜਾਏ ਗਏ ਸੰਤ ਬਾਬਾ ਪ੍ਰਤਾਪ ਸਿੰਘ ਜੀ ਗੋਬਿੰਦ ਬਾਗ ਵਾਲਿਆਂ ਵੱਲੋਂ ਸ਼ਬਦ ਧਾਰਨਾ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ। ਇਸ ਤੋਂ ਉਪਰੰਤ ਅਤੀ ਸਤਿਕਾਰਯੋਗ ਸਿੰਘ ਸਾਹਿਬ ਭਾਈ ਜਸਵੀਰ ਸਿੰਘ ਜੀ ਰੋਡੇ ਸਾਬਕਾ ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ ਜੀ ਵਿਸ਼ੇਸ਼ ਤੌਰ ਤੇ ਪਹੁੰਚ ਗਏ ਹਾਜਰੀ ਭਰੀ ਅਤੇ ਸੰਗਤਾਂ ਨੂੰ ਸੰਬੋਧਨ ਕਰਦਿਆਂ ਦੱਸਿਆ ਕਿ 2 ਜੂਨ ਨੂੰ ਸੰਤ ਬਾਬਾ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂ ਵਾਲਿਆਂ ਦਾ ਜਨਮ ਦਿਹਾੜਾ ਪਿੰਡ ਰੋਡੇ ਜਿਲ੍ਹਾ ਮੋਗਾ ਜਨਮ ਅਸਥਾਨ ਗੁਰਦੁਆਰਾ ਸੰਤ ਖਾਲਸਾ ਵਿਖੇ ਬਹੁਤ ਹੀ ਸ਼ਰਧਾ ਭਾਵਨਾ ਨਾਲ ਮਨਾਇਆ ਜਾ ਰਿਹਾ ਹੈ ਸੰਗਤਾਂ ਨੂੰ ਵੱਧ ਤੋਂ ਵੱਧ ਪਹੁੰਚਣ ਦੀ ਅਪੀਲ ਕੀਤੀ। ਇਸੇ ਤਰ੍ਹਾਂ ਗੁਰਮਤਿ ਸਮਾਗਮ ਵਿੱਚ ਬੇਅੰਤ ਸੰਗਤਾਂ ਨੇ ਹਾਜ਼ਰੀ ਭਰੀ ਪੰਥਕ ਸ਼ਖਸ਼ੀਅਤਾਂ, ਰਾਜਨੀਤਿਕ ਅਤੇ ਸੰਤ ਮਹਾਂਪੁਰਖ ਵਿਸ਼ੇਸ਼ ਤੌਰ ਤੇ ਪਹੁੰਚ ਕੇ ਹਾਜ਼ਰ ਹੋਏ। ਆਈਆਂ ਸੰਗਤਾਂ ਵਾਸਤੇ ਗੁਰੂ ਦਾ ਲੰਗਰ ਅਤੁੱਟ ਵਰਤਿਆ। ਇੰਟਰਨੈਸ਼ਨਲ ਪੰਥਕ ਦਲ ਦੇ ਐਕਟਿੰਗ ਪੰਜਾਬ ਪ੍ਰਧਾਨ ਸੰਤ ਬਾਬਾ ਜਤਿੰਦਰ ਸਿੰਘ ਜੀ ਗੋਬਿੰਦ ਬਾਗ ਵਾਲਿਆਂ ਵੱਲੋਂ ਆਏ ਸਮੂਹ ਪਤਵੰਤਿਆਂ ਅਤੇ ਸੱਜਣਾ ਦਾ ਸਿਰਪਾਓ ਦੇ ਕੇ ਸਨਮਾਨ ਕੀਤਾ ਗਿਆ ਅਤੇ ਜੀ ਆਇਆ ਕਿਹਾ। ਸਮੂਹ ਸੰਤ ਮਹਾਂਪੁਰਖਾਂ ਵੱਲੋਂ ਇਲਾਕੇ ਵਿੱਚ ਬਹੁਤ ਵਧੀਆ ਸੇਵਾਵਾਂ ਨਿਭਾਉਣ ਬਦਲੇ ਸੰਤ ਬਾਬਾ ਜਤਿੰਦਰ ਸਿੰਘ ਜੀ ਗੋਬਿੰਦ ਬਾਗ ਵਾਲਿਆਂ ਦਾ ਸਨਮਾਨ ਕੀਤਾ। ਇੰਟਰਨੈਸ਼ਨਲ ਪੰਥਕ ਦਲ ਵੱਲੋਂ ਵਿਸ਼ੇਸ਼ ਤੌਰ ਤੇ ਪਹੁੰਚ ਕੇ ਹਾਜ਼ਰੀ ਭਰੀ ਗਈ ਜਿਸ ਵਿੱਚ ਸੰਤ ਬਾਬਾ ਚਰਨਜੀਤ ਸਿੰਘ ਜੀ ਜੱਸੋਵਾਲ ਮੈਂਬਰ ਸ਼੍ਰੋਮਣੀ ਕਮੇਟੀ ਅਤੇ ਮੁੱਖ ਬੁਲਾਰੇ, ਸੰਤ ਬਾਬਾ ਸਵਰਨਜੀਤ ਸਿੰਘ ਜੀ ਮੁਖੀ ਤਰਨਾ ਦਲ ਪੈਨਲ ਮੈਂਬਰ, ਬਾਬਾ ਸਤਨਾਮ ਸਿੰਘ ਜੀ ਵੱਲੀਆਂ ਪੰਜਾਬ ਪ੍ਰਧਾਨ ਧਾਰਮਿਕ ਵਿੰਗ ,ਭਾਈ ਦਲੀਪ ਸਿੰਘ ਜੀ ਚੱਕਰ ਆਲ ਇੰਡੀਆ ਕਨਵੀਨਰ ,ਬਾਬਾ ਸੱਜਣ ਸਿੰਘ ਜੀ ਵਾੜਾ ਸ਼ੇਰ ਸਿੰਘ ਚੀਫ ਐਡਵਾਈਜਰ ਪੰਜਾਬ, ਭਾਈ ਸਤਨਾਮ ਸਿੰਘ ਜੀ ਸੈਦੋਲੇਹਲ ਜ਼ਿਲ੍ਹਾ ਪ੍ਰਧਾਨ ਕਿਸਾਨ ਬਚਾਓ ਮੋਰਚਾ ਸ਼੍ਰੀ ਅੰਮ੍ਰਿਤਸਰ, ਭਾਈ ਗੁਰਭੇਜ ਸਿੰਘ ਜੀ ਭੈਣੀ ਮੱਸਾ ਸਿੰਘ ਜ਼ਿਲ੍ਹਾ ਪ੍ਰਧਾਨ ਤਰਨ ਤਾਰਨ, ਭਾਈ ਰਜਿੰਦਰ ਸਿੰਘ ਜੀ ਰਾਜਾ ਜਿਲਾ ਪ੍ਰਧਾਨ ਗੁਰਦਾਸਪੁਰ, ਭਾਈ ਕੁਲਦੀਪ ਸਿੰਘ ਜੀ ਡੱਲਾ ਜ਼ਿਲ੍ਹਾ ਪ੍ਰਧਾਨ ਜਗਰਾਉਂ, ਭਾਈ ਹਰਕ੍ਰਿਸ਼ਨ ਸਿੰਘ ਜੀ ਕੋਠੇ ਜੀਵਾ ਜ਼ਿਲ੍ਹਾ ਪ੍ਰਧਾਨ ਜਗਰਾਉਂ,ਭਾਈ ਬਲਬੀਰ ਸਿੰਘ ਜੀ ਲੱਧਾ ਮੁੰਡਾ ਜਿਲ੍ਹਾ ਪ੍ਰਧਾਨ ਗੁਰਦਾਸਪੁਰ ਕਿਸਾਨ ਬਚਾਓ ਮੋਰਚਾ, ਬਾਬਾ ਬਲਵਿੰਦਰ ਸਿੰਘ ਜੀ ਢਿੰਗ ਨੰਗਲ, ਭਾਈ ਰਤਨ ਸਿੰਘ ਜੀ ਸ਼ਿਹਜ਼ਾਦਾ ਬਲਾਕ ਪ੍ਰਧਾਨ, ਭਾਈ ਮਨਪ੍ਰੀਤ ਸਿੰਘ ਜੀ ਸੋਹੀ ਇਕਾਈ ਪ੍ਰਧਾਨ, ਅਤੇ ਸਮੂਹ ਵਰਕਰ ਸਾਹਿਬਾਨਾਂ ਵੱਲੋਂ ਪਹੁੰਚ ਗਏ ਹਾਜ਼ਰੀ ਭਰੀ ਗਈ।ਇਸ ਮੌਕੇ ਸੰਤ ਬਾਬਾ ਬੁੱਧ ਸਿੰਘ ਜੀ ਨਿੱਕੇ ਘੁੰਮਣਾ ਵਾਲੇ, ਸੰਤ ਬਾਬਾ ਬਖਸ਼ੀਸ਼ ਸਿੰਘ ਜੀ ਚੱਕ ਮਰਹਾਣੇ ਵਾਲੇ, ਸੰਤ ਬਾਬਾ ਸੁਖਵਿੰਦਰ ਸਿੰਘ ਜੀ ਕਾਦਰਾਬਾਦ ਵਾਲੇ, ਬਾਬਾ ਗੁਰਦੇਵ ਸਿੰਘ ਜੀ ਡੇਰਾ ਭਗਤਾਂ ਵਾਲਾ, ਸ੍ਰ ਗੁਰਦੀਪ ਸਿੰਘ ਜੀ ਐਮ ਐਲਏ ਅਤੇ ਹੋਰ ਬੇਅੰਤ ਸੰਗਤਾਂ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

### ਪੰਜਾਬ ਸਰਕਾਰ ਨੌਜਵਾਨਾਂ ਨੂੰ ਖੇਡਾਂ ਪ੍ਰਤੀ

# ਪ੍ਰਫੁੱਲਤ ਕਰਨ ਲਈ ਵਚਨਬੱਧ : ਤਲਬੀਰ ਗਿੱਲ





**ਚੌਕ ਮਹਿਤਾ, 30 ਮਈ ( ਬਾਬਾ ਸੁਖਵੰਤ ਸਿੰਘ ਚੰਨਣਕੇ)** -ਇਥੋਂ ਨੇੜੇ ਪੈਂਦੇ ਪਿੰਡ ਕਲੇਰ ਬਾਲਾ ਭਾਈ ਵਿਖੇ ਸ਼ਹੀਦ ਨਾਇਕ ਕੁਲਦੀਪ ਸਿੰਘ ਸ਼ੈਨਾ ਮੈਡਲ ਦੀ ਯਾਦ ਵਿੱਚ ਸਲਾਨਾ ਫੁੱਟਬਾਲ ਟੂਰਨਾਂਮੈਂਟ ਸਮੁਚੇ ਪਿੰਡ ਅਤੇ ਖੇਡ ਪ੍ਰੇਮੀ ਨੌਜਵਾਨਾਂ ਵੱਲੋਂ ਬੜੇ ਉਪਸ਼ਾਹ ਨਾਲ ਕਰਵਾਇਆ ਜਾ ਰਿਹਾ ਹੈ ਜਿਸ ਵਿੱਚ ਵੱਖ-ਵੱਖ ਪਿੰਡਾਂ ਤੋਂ ਆਈਆਂ ਟੀਮਾਂ ਨੇ ਭਾਗ ਲਿਆ। ਇਸ ਟੂਰਨਾਂਮੈਂਟ ਵਿੱਚ ਮੁੱਖ ਮਹਿਮਾਨ ਵਜੋਂ ਵਿਸ਼ੇਸ਼ ਤੌਰ 'ਤੇ ਪਹੁੰਚੇ 'ਆਪ' ਪਾਰਟੀ ਦੇ ਸੀਨੀਅਰ 'ਤੇ ਸਿਰਕੱਢ ਆਗੂ ਤਲਬੀਰ ਸਿੰਘ ਗਿੱਲ ਵੱਲੋਂ ਆਈਆਂ ਟੀਮਾਂ ਨਾਲ ਜਾਣ-ਪਹਿਚਾਣ ਕਰਕੇ ਮੈਚ ਸੁਰੂ ਕਰਾਉਣ ਉਪਰੋਤ ਗੱਲਬਾਤ ਕਰਦਿਆਂ ਗਿੱਲ ਨੇ ਕਿਹਾ ਕਿ ਸ਼ਹੀਦ ਨਾਇਕ ਕੁਲਦੀਪ ਸਿੰਘ ਸੈਨਾ ਮੈਡਲ ਨੂੰ ਹਮੇਸ਼ਾ ਯਾਦ ਰੱਖਇਆ ਜਾਵੇਗਾ ਅਤੇ ਉਨ੍ਹਾਂ ਦੀ ਯਾਦ ਵਿੱਚ ਇਹੋ ਜਿਹੀਆਂ ਖੇਡਾਂ ਕਰਵਾਉਣ ਨਾਲ ਨੌਜਵਾਨ ਪੀੜੀ ਨਸ਼ਿਆਂ ਵਰਗੀਆਂ ਭੈੜੀਆਂ ਕੁਰੀਤੀਆਂ ਤੋਂ ਲਾਭੇ ਹੋ ਆਪਣੇ ਜੀਵਨ ਦੇ ਲਕਸ਼ ਨੂੰ ਹਾਸਲ ਕਰਨਾ ਚਾਹੀਦਾ ਹੈ । ਗਿੱਲ ਨੇ ਕਿਹਾ ਕਿ ਨਸ਼ਿਆਂ ਦੀ ਦਲਦਲ ਵਿੱਚ ਫ਼ਸ਼ੀ ਨੌਜਵਾਨੀ ਨੂੰ ਨਸ਼ਿਆਂ ਦੀ ਗ੍ਰਿਫ਼ਤ ਵਿਚੋਂ ਬਾਹਰ ਕੱਡਣ ਲਈ ਅਤੇ ਨਸ਼ਿਆਂ ਦੇ ਖਾਤਮੇ ਲਈ ਪੰਜਾਬ ਸਰਕਾਰ ਵੱਲੋਂ 'ਯੁੱਧ ਨਸ਼ਿਆਂ ਵਿਰੁੱਧ' ਵਿੱਢੀ ਮੁਹਿੰਮ ਦੇ ਚੱਲਦਿਆਂ ਨਸ਼ੇ ਦੇ ਕੋਹੜ ਨੂੰ ਖਤਮ ਕੀਤਾ ਜਾ ਰਿਹਾ ਹੈ, ਅਤੇ ਇਹ ਯੁੱਧ ਉਦੋਂ ਤੀਕ ਚੱਲਦਾ ਰਹੇਗਾ ਜਦ ਤੱਕ ਨਸ਼ਿਆਂ ਅਤੇ ਨਸ਼ਾ ਸਮਗਲਰਾਂ ਦਾ ਪੂਰੀ ਤਰ੍ਹਾਂ ਖਾਤਮਾਂ ਨਹੀ ਹੋ ਜਾਂਦਾ ।ਅਖੀਰ ਉਨ੍ਹਾਂ ਕਲੱਬ ਅਤੇ ਵੱਖ-ਵੱਖ ਆਈਆਂ ਟੀਮਾਂ ਦੇ ਨੌਜਵਾਨ ਖਿਡਾਰੀਆਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਤੁਸੀ ਖੇਡਾਂ ਪ੍ਰਤੀ ਆਪਣੀ ਰੁਚੀ ਨੂੰ ਹੋਰ ਵਧਾ ਕੇ ਤਕੜੇ ਹੋ ਕੇ ਮਿਹਨਤ ਕਰਕੇ ਆਪਣਾ, ਮਾਪਿਆ ਅਤੇ ਪੰਜਾਬ ਦਾ ਨਾਮ ਰੋਸ਼ਨ ਕਰੋ ।ਇਸ ਮੌਕੇ ਬਲਵਿੰਦਰ ਸਿੰਘ ਸਰਪੰਚ, ਸੁਖਵੰਤ ਸਿੰਘ ਫੌਜੀ, ਨਛੱਤਰ ਸਿੰਘ ਫੌਜੀ, ਕਵਲਜੀਤ ਸਿੰਘ, ਮਸ਼ਿਵੰਦਰ ਸਿੰਘ ਮੈਂਬਰ, ਗਗਨਦੀਪ ਸਿੰਘ ਫੌਜੀ, ਝਿਰਮਲ ਸਿੰਘ , ਤਰਲੋਕ ਸਿੰਘ ਅਠਵਾਲ, ਸਤਨਾਮ ਸਿੰਘ, ਬੂਟਾ ਸਿੰਘ, ਮੁਖਤਾਰ ਸਿੰਘ ਐਤਪਾਲ ਸਿੰਘ, ਕਿਰਪਾਲ ਸਿੰਘ, ਪ੍ਰਭਦਿਆਲ ਸਿੰਘ ਫੌਜੀ, ਬਲਜਿੰਦਰ ਸਿੰਘ, ਸਰਪੰਚ ਸੁਰਜੀਤ ਸਿੰਘ ਭੋਏਵਾਲ ਆਦਿ ਹਾਜ਼ਰ ਸਨ।

### ਸੇਂਟ ਸੋਲਜਰ ਇਲੀਟ ਕਾਨਵੈਂਟ ਸਕੂਲ ਜੰਡਿਆਲਾ ਗੁਰੂ ਦੇ 9 ਵਿਦਿਆਰਥੀਆਂ ਵੱਲੋਂ

# 90% ਨੰਬਰ ਹਾਸਲ ਕਰਨ ਤੇ ਕੈਬਨਿਟ ਮੰਤਰੀ ਸ੍ਰ ਹਰਭਜਨ ਸਿੰਘ ਈ.ਟੀ.ਓ ਨੇ ਕੀਤਾ ਸਨਮਾਨਿਤ



ਜੰਡਿਆਲਾ ਗੁਰੂ 30 ਮਈ ( ਕੁਲਵੰਤ ਸਿੰਘ ਵਿਰਦੀ ) ਬੀਤੇ ਦਿਨੀ ਪੰਜਾਬ ਸਰਕਾਰ ਵੱਲੋਂ ਵਿਧਾਨ ਸਭਾ ਹਲਕਾ ਜੰਡਿਆਲਾ ਗੁਰੂ ਨਾਲ ਸਬੰਧਤ ਸਕੂਲਾਂ ਦੇ 90% ਤੋਂ ਵੱਧ ਨੰਬਰ ਲੈਣ ਵਾਲੇ ਵਿਦਿਆਰਥੀਆਂ ਨੂੰ ਪੰਜਾਬ ਬਿਜਲੀ ਤੇ ਲੋਕ ਨਿਰਮਾਣ ਵਿਭਾਗ ਦੇ ਕੈਬਨਟ ਮੰਤਰੀ ਸਰਦਾਰ ਹਰਭਜਨ ਸਿੰਘ ਈਟੀਓ ਵੱਲੋਂ ਵਿਸ਼ੇਸ਼ ਤੌਰ ਤੇ ਸਨਮਾਨਿਤ ਕੀਤਾ ਗਿਆ ।ਇਸੇ ਤਹਿਤ ਜੈ ਰਿਜੋਰਟਸ ਵਿੱਚ ਇੱਕ ਸ਼ਾਨਦਾਰ ਸਮਾਗਮ ਰੱਖਿਆ ਗਿਆ ।ਜਿਸ ਵਿੱਚ ਸੈਂਟ ਸੋਲਜਰ ਇਲੀਟ ਕਾਨਵੈਂਟ ਸਕੂਲ ਜੰਡਿਆਲਾ ਗੁਰੂ ਦੇ 9 ਵਿਦਿਆਰਥੀਆਂ ਨੇ ਹਿੱਸਾ ਲਿਆ ।ਇਹਨਾਂ ਵਿੱਚ ਦਸਵੀਂ ਜਮਾਤ ਦੇ ਤਾਜਬੀਰ ਸਿੰਘ, ਮਨਵੀਰ ਸਿੰਘ, ਮਹਿਕਪ੍ਰੀਤ ਕੌਰ, ਹਰਸ਼ਦੀਪ ਕੌਰ ਅਤੇ ਇਨਾਇਤ ਪ੍ਰੀਤ ਕੌਰ ਅਤੇ ਇਸੇ ਤਰ੍ਹਾਂ ਬਾਰਵੀਂ ਜਮਾਤ ਵਿੱਚੋਂ ਅਕਾਂਸਾ ਮਹਾਜਨ ,ਹਰਮੀਨ ਕੌਰ , ਰਿਪਨਦੀਪ ਕੌਰ ਅਤੇ ਰਾਜਪਾਲ ਸਿੰਘ ਨੇ 90% ਤੋਂ ਵੱਧ ਅੰਕ ਹਾਸਲ ਕਰਕੇ ਆਪਣਾ ਆਪਣੇ ਸਕੂਲ ਦਾ ਤੇ ਆਪਣੇ ਮਾਪਿਆਂ ਦਾ ਨਾਮ ਰੋਸ਼ਨ ਕੀਤਾ। ਇਸ ਮੌਕੇ ਤੇ ਸਰਦਾਰ ਹਰਭਜਨ ਸਿੰਘ ਈਟੀਓ ਕੈਬਨਟ ਮੰਤਰੀ ਅਤੇ ਉਨਾਂ ਦੇ ਜੀਵਨ ਸਾਥੀ ਸ੍ਰੀਮਤੀ ਸੁਹਿੰਦਰ ਕੌਰ ਜੀ ਨੇ ਬੱਚਿਆਂ ਨੂੰ ਉਹਨਾਂ ਦੀ ਮਿਹਨਤ ਅਤੇ ਚੰਗੇ ਅੰਕਾਂ ਨਾਲ ਪਾਸ ਹੋਣ ਤੇ ਵਧਾਈ ਦਿੱਤੀ ਸ਼ਾਬਾਸ਼ੀ ਦਿੱਤੀ ਅਤੇ ਮੋਮੈਂਟੋ ਦੇ ਕੇ ਵਿਸ਼ੇਸ਼ ਸਨਮਾਨਿਤ ਕੀਤਾ। ਇਸ ਸਮਾਗਮ ਵਿੱਚ ਡਿਪਟੀ ਕਮਿਸ਼ਨਰ ਸਾਖਸ਼ੀ ਸਾਹਨੀ ਜੀ ਵੀ ਪਹੁੰਚੇ ਉਹਨਾਂ ਨੇ ਬੱਚਿਆਂ ਨੂੰ ਇਸੇ ਤਰ੍ਹਾਂ ਹੋਰ ਜਿਆਦਾ ਮਿਹਨਤ ਕਰਨ ਲਈ ਪ੍ਰੇਰਿਆ ।ਇਸ ਤੋਂ ਇਲਾਵਾ ਇਸ ਸਮਾਗਮ ਵਿੱਚ ਸਤਿੰਦਰ ਸਿੰਘ ਡੀਆਈਜੀ ਬਾਰਡਰ ਰੇਂਜ, ਗੁਰਪ੍ਰੀਤ ਸਿੰਘ ਭੁੱਲਰ ਜੀ ਪੁਲਿਸ ਕਮਿਸ਼ਨਰ ਅੰਮ੍ਰਿਤਸਰ ਵੱਲੋਂ ਵਿਦਿਆਰਥੀਆਂ ਨੂੰ ਜ਼ਿੰਦਗੀ ਦੀ ਮੰਜ਼ਿਲ ਦੀ ਪ੍ਰਾਪਤੀ ਤੱਕ ਮਿਹਨਤ ਜਾਰੀ ਰੱਖਣ ਦੀ ਪ੍ਰੇਰਨਾ ਦਿੱਤੀ। ਇਸ ਮੌਕੇ ਸਕੂਲ ਦੇ ਅਧਿਆਪਕ ਅਤੇ ਬੱਚਿਆਂ ਦੇ ਮਾਪੇ ਵੀ ਸਮਾਗਮ ਵਿੱਚ ਹਾਜ਼ਰ ਸਨ।ਇਹ ਸਮਾਗਮ ਸਾਰੇ ਬੱਚਿਆਂ ਲਈ ਉਤਸਾਹ ਵਧਾਊ ਸਮਾਗਮ ਵਜੋਂ ਹੋ ਨਿਬੜਿਆ।

# ਤਖਤ ਸ੍ਰੀ ਦਮਦਮਾ ਸਾਹਿਬ ਵਿਖੇ ਸ਼ਰਧਾ ਨਾਲ ਮਨਾਇਆ ਗਿਆ ਗੁਰੂ ਅਰਜਨ ਦੇਵ ਜੀ ਦਾ ਸ਼ਹੀਦੀ ਦਿਹਾੜਾ





ਤਲਵੰਡੀ ਸਾਬੋ, 30 ਮਈ (ਗੁਰਜੰਟ ਸਿੰਘ ਨਥੇਹਾ)- ਸ਼ਹੀਦਾਂ ਦੇ ਸਿਰਤਾਜ, ਪੰਜਵੇਂ ਪਾਤਸ਼ਾਹ ਸਾਹਿਬ ਸ੍ਰੀ ਗੁਰੂ ਅਰਜਨ ਦੇਵ ਜੀ ਦਾ ਸ਼ਹੀਦੀ ਦਿਹਾੜਾ ਸਮੁੱਚੇ ਸਿੱਖ ਜਗਤ ਵਾਂਗ ਸਿੱਖ ਕੌਮ ਦੇ ਚੌਥੇ ਤਖਤ, ਤਖਤ ਸ੍ਰੀ ਦਮਦਮਾ ਸਾਹਿਬ ਵਿਖੇ ਸ਼ਰਧਾ ਪੂਰਬਕ ਮਨ੍ਹਾਇਆ ਗਿਆ। ਤਖਤ ਸਾਹਿਬ ਤੇ ਕਰਵਾਏ ਧਾਰਮਿਕ ਸਮਾਗਮਾਂ 'ਚ ਵੱਡੀ ਗਿਣਤੀ ਸੰਗਤਾਂ ਨੇ ਹਾਜ਼ਿਰੀ ਭਰੀ। ਅੱਜ ਸਭ ਤੋਂ ਪਹਿਲਾਂ ਤਖਤ ਸਾਹਿਬ ਦੇ ਗੁ: ਬਾਬਾ ਬੀਰ ਸਿੰਘ ਬਾਬਾ ਧੀਰ ਸਿੰਘ ਵਿਖੇ ਬੀਤੇ ਤਿੰਨ ਦਿਨਾਂ ਤੋਂ ਪ੍ਰਕਾਸ਼ ਸ੍ਰੀ ਆਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ। ਤਖਤ ਸਾਹਿਬ ਦੇ ਹਜ਼ੂਰੀ ਰਾਗੀ ਜਥੇ ਵੱਲੋਂ ਸ਼ਬਦ ਕੀਰਤਨ ਦਾ ਗਾਇਨ ਕੀਤਾ ਗਿਆ ਜਦੋਂਕਿ ਅਰਦਾਸ ਤਖਤ ਸਾਹਿਬ ਦੇ ਹੈੱਡ ਗ੍ਰੰਥੀ ਗਿਆਨੀ ਗੁਰਜੰਟ ਸਿੰਘ ਨੇ ਕੀਤੀ। ਤਖਤ ਸਾਹਿਬ ਦੇ ਕਥਾਵਾਚਕ ਭਾਈ ਆਲਮ ਸਿੰਘ ਨੇ ਕਥਾ ਵੀਚਾਰਾਂ ਰਾਹੀਂ ਸੰਗਤਾਂ ਨੂੰ ਪੰਜਵੇਂ ਪਾਤਸ਼ਾਹ ਦੇ ਜੀਵਨ ਕਾਲ ਅਤੇ ਸ਼ਹੀਦੀ ਦੇ ਸਮੁੱਚੇ ਵਿਰਤਾਂਤ ਤੋਂ ਜਾਣੂੰ ਕਰਵਾਇਆ ਗਿਆ ।ਇਸ ਮੌਕੇ ਸੰਗਤਾਂ ਨੂੰ ਸੰਬੋਧਨ ਹੁੰਦਿਆਂ ਹੈੱਡ ਗ੍ਰੰਥੀ ਗਿਆਨੀ ਗੁਰਜੰਟ ਸਿੰਘ ਨੇ ਅਪੀਲ ਕੀਤੀ ਕਿ ਗੁਰੂ ਸਾਹਿਬਾਨ ਵੱਲੋਂ ਦਰਸਾਏ ਮਾਰਗ ਤੇ ਚੱਲਦਿਆਂ ਖੰਡੇ ਬਾਟੇ ਦੀ ਪਾਹੁਲ ਛਕ ਕੇ ਗੁਰੂ ਵਾਲੇ ਬਣੀਏ। ਸਮਾਗਮ ਵਿੱਚ ਇਲਾਕੇ ਦੀ ਪ੍ਰਸਿੱਧ ਧਾਰਮਿਕ ਸੰਸਥਾ ਸ਼ਹੀਦ ਭਾਈ ਮਨੀ ਸਿੰਘ ਸੇਵਾ ਸੁਸਾਇਟੀ ਦੇ ਨੁਮਾਇੰਦਿਆਂ ਤੋਂ ਇਲਾਵਾ ਵੱਡੀ ਗਿਣਤੀ ਨਗਰ ਦੀਆਂ ਸੰਗਤਾਂ ਨੇ ਹਾਜ਼ਿਰੀ ਭਰੀ। ਤਖਤ ਸਾਹਿਬ ਦੇ ਪ੍ਰਬੰਧਕਾਂ ਵੱਲੋਂ ਇਸ ਮੌਕੇ ਸੰਗਤਾਂ ਲਈ ਠੰਢੇ ਮਿੱਠੇ ਜਲ ਦੀ ਛਬੀਲ ਵੀ ਲਗਾਈ ਗਈ।

## ਗੁਰਦੁਆਰਾ ਸ੍ਰੀ ਹਰਿ ਜੀ ਸਹਾਇ ਵਿਖੇ ਮਨਾਇਆ ਪੰਚਮ ਪਾਤਸ਼ਾਹ ਦਾ ਸ਼ਹੀਦੀ ਪੁਰਬ

**ਹੁਸ਼ਿਆਰਪੁਰ**, 30 ਮਈ, **(ਆਵਾਜ਼ਿ ਕੌਮ ਬਿਊਰੋ)**-ਪੰਚਮ ਪਾਤਸ਼ਾਹ ਸ਼ਹੀਦਾਂ ਦੇ ਸਰਤਾਜ ਧੰਨ ਧੰਨ ਸਾਹਿਬ ਸ੍ਰੀ ਗੁਰੂ ਅਰਜਨ ਦੇਵ ਜੀ ਮਹਾਰਾਜ ਦਾ ਸ਼ਹੀਦੀ ਪੁਰਬ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਟਿੱਬਾ ਸਾਹਿਬ ਸੇਵਾ ਸਿਮਰਨ ਸਭਾ, ਮੀਰੀ ਪੀਰੀ ਸੇਵਾ ਸਿਮਰਨ ਕਲੱਬ,ਸ੍ਰੀ ਸੁਖਮਨੀ ਸਾਹਿਬ ਸੇਵਾ ਸੋਸਾਇਟੀ ਅਤੇ ਨਗਰ ਦੀਆਂ ਸਮੂਹ ਸੰਗਤਾਂ ਦੇ ਸਹਿਯੋਗ ਨਾਲ ਗੁਰਦੁਆਰਾ ਸ਼੍ਰੀ ਹਰਿ ਜੀ ਸਹਾਇ ਮਹਲਾ ਟਿੱਬਾ ਸਾਹਿਬ ਹੁਸ਼ਿਆਰਪੁਰ ਵਿਖੇ ਮਨਾਇਆ ਗਿਆ, ਇਸ ਮੌਕੇ ਸ਼੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਪਾਉਣ ਉਪਰੰਤ ਸਜਾਏ ਗਏ ਵਿਸ਼ੇਸ਼ ਕੀਰਤਨ ਦੀਵਾਨ ਵਿੱਚ ਭਾਈ ਪ੍ਰੀਤਮ ਸਿੰਘ ਚਕੋਵਾਲ ਸ਼ੇਖਾਂ, ਭਾਈ ਸਤਿੰਦਰ ਸਿੰਘ ਆਲਮ ਹਜ਼ੂਰੀ ਰਾਗੀ ਅਤੇ ਗੁਰਦੁਆਰਾ ਸ੍ਰੀ ਹਰਿ ਜੀ ਸਹਾਇ ਦੇ ਬੱਚਿਆਂ ਦੇ ਜਥਿਆਂ ਵੱਲੋਂ ਇਲਾਹੀ ਬਾਣੀ ਦਾ ਰਸ ਭਿੰਨਾ ਕੀਰਤਨ ਕੀਤਾ। ਇਸ ਮੌਕੇ ਗਿਆਨੀ ਜਸਵਿੰਦਰ ਸਿੰਘ ਪਰਮਾਰ ਨੇ ਸ਼੍ਰੀ ਗੁਰੂ ਅਰਜਨ ਦੇਵ ਜੀ ਦੀ ਸ਼ਹਾਦਤ ਬਾਰੇ ਸੰਗਤਾਂ ਨੂੰ ਜਾਣਕਾਰੀ ਦਿੰਦਿਆਂ ਗੁਰ ਇਤਿਹਾਸ ਦੀ ਸਾਂਝ ਪਾਈ, ਇਸ ਤੋਂ ਇਲਾਵਾ ਕਾਕਾ ਸਤਵਿੰਦਰ ਸਿੰਘ, ਕਾਕਾ ਪਰਮਿੰਦਰ ਸਿੰਘ, ਹਰਭਜਨ ਸਿੰਘ, ਰਣਵੀਰ ਸਿੰਘ ਰਾਣਾ ਅਤੇ ਬੀਬੀ ਹਰਦੀਪ ਕੌਰ ਰਾਣੀ ਵੱਲੋਂ ਗੁਰੂ ਸਾਹਿਬ ਦੀ ਸ਼ਹਾਦਤ ਨਾਲ ਸੰਬੰਧਿਤ ਕਵਿਤਾ ਗਾਇਨ ਕੀਤਾ, ਇਸ ਮੌਕੇ ਸ਼੍ਰੀ ਗੁਰੂ ਅਰਜਨ ਦੇਵ ਜੀ ਦੀ ਸ਼ਹੀਦੀ ਨੂੰ ਸਮਰਪਿਤ 45 ਦਿਨਾਂ ਵਾਹਿਗੁਰੂ ਨਾਮ ਸਿਮਰਨ ਦੀ ਲੜੀ ਵਿੱਚ ਭਾਗ ਲੈਣ ਵਾਲੀਆਂ ਸੰਗਤਾਂ ਦਾ ਸਨਮਾਨ ਵੀ ਕੀਤਾ ਗਿਆ ਅਤੇ ਇਹਨਾਂ ਸੰਗਤਾਂ ਦੀ ਗੁਰਧਾਮਾਂ ਦੀ ਯਾਤਰਾ ਕਰਵਾਉਣ ਬਾਰੇ ਵਿਸਥਾਰ ਸਹਿਤ ਜਾਣਕਾਰੀ ਦਿੱਤੀ ਗਈ, ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਪ੍ਰਧਾਨ ਦਰਸ਼ਨ ਸਿੰਘ ਪਲਾਹਾ, ਜਸਵਿੰਦਰ ਸਿੰਘ ਪਰਮਾਰ ਨੇ ਆਈਆਂ ਸੰਗਤਾਂ ਦਾ ਧੰਨਵਾਦ ਕੀਤਾ ਅਤੇ ਮੰਚ ਸੰਚਾਲਨ ਦੀ ਸੇਵਾ ਗੁਰਬਿੰਦਰ ਸਿੰਘ ਪਲਾਹਾ ਵੱਲੋਂ ਨਿਭਾਈ ਗਈ, ਇਸ ਮੌਕੇ ਸਰਬਜੀਤ ਸਿੰਘ ਬਡਵਾਲ ਚੇਅਰਮੈਨ ਮੀਰੀ ਪੀਰੀ ਸੇਵਾ ਸਿਮਰਨ ਕਲੱਬ, ਪ੍ਰਿੰਸੀਪਲ ਬਲਵੀਰ ਸਿੰਘ ਸੈਣੀ ਜਨਰਲ ਸਕੱਤਰ, ਹਰਬੰਸ ਸਿੰਘ ਸੈਬ, ਗੁਰਦੀਪ ਸਿੰਘ ਸੈਬ, ਗੁਰਦੇਵ ਸਿੰਘ ਮੰਡੀ ਬੋਰਡ, ਸਤਪਾਲ ਸਿੰਘ ਭੋਗਲ, ਹਰਬਖਸ਼ਪਾਲ ਸਿੰਘ, ਕੁਲਵਿੰਦਰ ਕੌਰ ਪਰਮਾਰ, ਲਵਲੀਨ ਕੌਰ ਪਰਮਾਰ, ਸੰਤੋਸ਼ ਕੌਰ ਪਰਮਾਰ, ਹਰਦੀਪ ਕੌਰ ਨਿਜਰ, ਅਮਰੀਕ ਸਿੰਘ ਰੀਹਲ ਆਦਿ ਸਮੇਤ ਵੱਡੀ ਗਿਣਤੀ ਵਿੱਚ ਸੰਗਤਾ ਹਾਜ਼ਰ ਸਨ। ਸਮਾਗਮ ਦੌਰਾਨ ਗੁਰੂ ਕਾ ਲੰਗਰ ਅਤੇ ਠੰਡੇ ਮਿੱਠੇ ਜਲ ਦੀ ਛਬੀਲ ਵਰਤਾਈ ਗਈ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਦਮਦਮੀ ਟਕਸਾਲ ਵਿਖੇ

# 41ਵੇਂ ਸ਼ਹੀਦੀ ਜੋੜਮੇਲੇ ਦੇ ਪ੍ਰਬੰਧਾਂ ਨੂੰ ਦਿੱਤਾ ਵਿਸ਼ਾਲ ਰੂਪ

## ਇਲਾਕੇ ਦੇ ਜਿੰਮੇਵਾਰ ਸਿੰਘਾਂ ਨੇ ਉਤਸ਼ਾਹ ਨਾਲ ਲਈਆਂ ਵੱਡੀਆਂ ਜਿੰਮੇਵਾਰੀਆਂ




















**ਚੌਕ ਮਹਿਤਾ, 30 ਮਈ ( ਬਾਬਾ ਸੁਖਵੰਤ ਸਿੰਘ ਚੰਨਣਕੇ)**-ਜੂਨ ’84 ਤੀਸਰੇ ਘੱਲੂਘਾਰੇ ਦੇ ਸਮੂਹ ਸ਼ਹੀਦਾਂ ਦੀ ਯਾਦ ’ਚ 1 ਤੋਂ 5 ਜੂਨ ਤਕ ਮਨਾਏ ਜਾ ਰਹੇ ਸ਼ਹੀਦੀ ਹਫਤੇ ਅਤੇ 6 ਜੂਨ ਨੂੰ ਮਨਾਏ ਜਾਣ ਵਾਲੇ 41ਵੇਂ ਮੁੱਖ ਸ਼ਹੀਦੀ ਜੋੜ ਮੇਲੇ ਦੀਆਂ ਤਿਆਰੀਆਂ ਨੂੰ ਅੰਤਿਮ ਰੂਪ ਦੇਣ ਲਈ ਅੱਜ ਦਮਦਮੀ ਟਕਸਾਲ ਦੇ ਮੁਖੀ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਦੀ ਅਗਵਾਈ ਵਿੱਚ ਇਲਾਕੇ ਦੀਆਂ ਧਾਰਮਿਕ ਜਥੇਬੰਦੀਆਂ, ਗੁਰਦੁਆਰਾ ਕਮੇਟੀਆਂ ਦੇ ਨੁਮਾਇੰਦਿਆਂ, ਪਿੰਡਾਂ ਦੀਆਂ ਪੰਚਾਇਤਾਂ ਅਤੇ ਹੋਰ ਮੁਹਤਬਰ ਵਿਅਕਤੀਆਂ ਦੀ ਇਕ ਜ਼ਰੂਰੀ ਇਕੱਤਰਤਾ ਅੱਜ ਇਥੇ ਟਕਸਾਲ ਦੇ ਹੈੱਡ ਕੁਆਰਟਰ ਗੁ. ਗੁਰਦਰਸ਼ਨ ਪ੍ਰਕਾਸ਼ ਮਹਿਤਾ ਵਿਖੇ ਹੋਈ। ਮੀਟਿੰਗ ਦੌਰਾਨ ਸ਼ਹੀਦੀ ਜੋੜ ਮੇਲੇ ਤਿਆਰੀਆਂ ਨੂੰ ਲੈ ਕੇ ਵੀਚਾਰ ਵਿਟਾਂਦਰਾ ਗਿਆ, ਪ੍ਰਬੰਧਕਾਂ ਦੇ ਵੱਲੋਂ ਇਸ ਸਾਲ ਪਿਛਲੇ ਸਾਲਾਂ ਦੇ ਮੁਕਾਬਲੇ ਵੱਧ ਸੰਗਤਾਂ ਦੇ ਪਹੁੰਚਣ ਦਾ ਅਨੁਮਾਨ ਲਗਾਇਆ ਗਿਆ। ਜਿਸ ਨੂੰ ਮੁੱਖ ਰੱਖਦਿਆਂ ਇਸ ਵਾਰ ਵੱਖ ਵੱਖ ਪ੍ਰਕਾਰ ਦੇ ਲੰਗਰਾਂ, ਠੰਡੇ ਮਿੱਠੇ ਜਲ ਦੀਆਂ ਛਬੀਲਾਂ, ਮੋਟਰਸਾਇਕਲਾਂ ਤੇ ਗੱਡੀਆਂ ਦੀਆਂ ਪਾਰਕਿੰਗਾਂ ਦੇ ਨਾਲ ਨਾਲ ਜੋੜਿਆਂ ਦੀ ਸੇਵਾ ਅਤੇ ਕਈ ਹੋਰ ਸਵਾਗਤੀ ਪ੍ਰਬੰਧਾਂ ਨੂੰ ਵਿਸ਼ਾਲ ਰੂਪ ਦੇਣ ਦੀ ਯੋਜਨਾ ਉਲੀਕੀ ਗਈ। ਇਥੇ ਮੌਜੂਦ ਆਗੂਆਂ ਨੇ ਸੰਗਤ ਦੀ ਸੇਵਾ ਲਈ ਆਪ ਮੁਹਾਰੇ ਇਨਾਂ ਵੱਡੀਆਂ ਸੇਵਾਵਾਂ ਦੀਆਂ ਜਿੰਮੇਵਾਰੀਆਂ ਲਈਆਂ ਅਤੇ ਅੱਜ ਤੋਂ ਹੀ ਇਨਾਂ ਸੇਵਾਵਾਂ ਵਿਚ ਜੁੱਟ ਜਾਣ ਲਈ ਕਮਰਕਸੇ ਕਰ ਲਏ। ਇਸ ਸਮੇਂ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਨੇ ਇਲਾਕੇ ਦੀਆਂ ਸਮੂਹ ਸੰਗਤਾਂ ਨੂੰ ਹੁੰਮ ਹੁੰਮਾਂ ਕੇ ਇਨਾਂ ਸਮਾਗਮਾਂ ਵਿਚ ਸਮੇਂ ਸਿਰ ਪਹੁੰਚਣ ਅਤੇ ਇਨ੍ਹਾਂ ਸ਼ਹੀਦੀ ਸਮਾਗਮਾਂ ਨੂੰ ਸਫਲਤਾ ਪੂਰਵਕ ਨੇਪਰੇ ਚੜਨ ਵਿਚ ਸਹਿਯੋਗ ਦੇਣ ਦੀ ਅਪੀਲ ਕੀਤੀ।

ਇਸ ਮੌਕੇ ਸੰਤ ਬਾਬਾ ਅਮਨਦੀਪ ਸਿੰਘ ਟਕਸਾਲ ਭਾਈ ਮਨੀ ਸਿੰਘ ਸਤੋਵਾਲੀ ਗਲੀ ਅੰਮ੍ਰਿਤਸਰ, ਸੰਤ ਬਾਬਾ ਗੁਰਦੀਦਾਰ ਸਿੰਘ ਭੂਰੀ ਵਾਲੇ, ਸੰਤ ਬਾਬਾ ਮਲਕੀਅਤ ਸਿੰਘ ਜੱਬੋਵਾਲ, ਸੰਤ ਬਾਬਾ ਗੁਰਭੇਜ ਸਿੰਘ ਖੁਜਾਲੇਵਾਲੇ, ਸੰਤ ਬਾਬਾ ਸੱਜਣ ਸਿੰਘ ਗੁਰੂ ਕੀ ਬੇਰ ਸਾਹਿਬ ਵੱਲੋਂ ਭਾਈ ਰਣਜੀਤ ਸਿੰਘ ਰਾਣਾ ਬਾਬੋਵਾਲ, ਸਮਾਜ ਸੇਵੀ ਬਾਬਾ ਸੁਖਵੰਤ ਸਿੰਘ ਚੰਨਣਕੇ, ਹਰਦੀਪ ਸਿੰਘ ਗਿੱਲ ਹਲਕਾ ਜੰਡਿਆਲਾ ਗੁਰੂ, ਜਥੇਦਾਰ ਰਾਜਬੀਰ ਸਿੰਘ ਉਦੋਨੰਗਲ, ਜਤਿੰਦਰ ਸਿੰਘ ਲੱਧਾਮੁੰਡਾ, ਕਸਮੀਰ ਸਿੰਘ ਕਾਲਾ, ਹਰਜਿੰਦਰ ਸਿੰਘ ਜੱਜ, ਇਕਬਾਲ ਸਿੰਘ ਸ਼ਾਹ, ਇਕਬਾਲ ਸਿੰਘ ਮਾਨ, ਡੀ ਐਸ ਪੀ ਕੁਲਵੰਤ ਸਿੰਘ, ਸਰਪੰਚ ਅਜੇ ਗਾਂਧੀ, ਵਿਜੇ ਤਨੇਜਾ, ਵਿਜੇ ਡੇਅਰੀ ਮੈਨੂੰ ਤਨੇਜਾ, ਪ੍ਰਧਾਨ ਅਮਰ ਰਾਵਤ, ਪ੍ਰਿੰਸਿਪਲ ਤੇਜਬੀਰ ਸਿੰਘ ਸੋਹਲ, ਪ੍ਰਿੰਸਿਪਲ ਹਰਸ਼ਦੀਪ ਸਿੰਘ ਰੰਧਾਵਾ, ਅਵਤਾਰ ਸਿੰਘ ਬੁੱਟਰ(ਦੋਵੇਂ ਮੈਂਬਰ ਚੀਫ ਖਾਲਸਾ ਦੀਵਾਨ), ਪ੍ਰਧਾਨ ਅਮਰਬੀਰ ਸਿੰਘ ਢੋਟ, ਬਾਬਾ ਅਜੀਤ ਸਿੰਘ ਤਰਨਾਦਲ ਮਹਿਤਾ, ਜਥੇਦਾਰ ਸੁਖਦੇਵ ਸਿੰਘ ਮੁੱਖ ਬੁਲਾਰਾ ਦਮਦਮੀ ਟਕਸਾਲ, ਜਥੇਦਾਰ ਬਾਬਾ ਬੋਹੜ ਸਿੰਘ, ਬਲਕਾਰ ਸਿੰਘ ਬਾਠ ਪੀ.ਬੀ.ਐਸ.ਵਾਲੇ, ਬਲਜਿੰਦਰ ਸਿੰਘ ਰਾਜੂ ਮਾਸਟਰ ਪੁਸਤਕ ਭੰਡਾਰ,ਪ੍ਰਧਾਨ ਸੁਖਵਿੰਦਰ ਸਿੰਘ ਮਹਿਤਾ, ਮਲਕੀਤ ਸਿੰਘ ਮੱਧਰਾ, ਗੁਰਲਾਲ ਸਿੰਘ ਲਾਲੀ ਖੱਬੇ ਰਾਜਪੂਤਾਂ, ਤਜਿੰਦਰ ਸਿੰਘ ਬੁੱਟਰ, ਅੰਤਰਪ੍ਰੀਤ ਸਿੰਘ ਲੱਧਾਮੁੰਡਾ, ਰਮਨਪ੍ਰੀਤ ਸਿੰਘ ਲੱਧਾਮੁੰਡਾ, ਜੁਗਰਾਜ ਸਿੰਘ ਖੱਬੇ ਰਾਜਪੂਤਾਂ, ਅਜੀਤ ਸਿੰਘ ਬੱਬੀ, ਸਤਨਾਮ ਸਿੰਘ ਸੱਤਾ ਵਿਰਦੀ, ਦਲਜੀਤ ਸਿੰਘ ਗਾਨੀ, ਕੇਵਲ ਕ੍ਰਿਸ਼ਨ, ਪਿੰਕੀ ਜੈਨ, ਰਮਨ ਤਨੇਜਾ, ਜਥੇਦਾਰ ਗੁਰਜਿੰਦਰ ਸਿੰਘ ਭੋਮਾ, ਪ੍ਰਧਾਨ ਜਥੇ ਸਾਹਿਬ ਸਿੰਘ ਸਦਾਰੰਗ, ਇੰਦਰਜੀਤ ਸਿੰਘ ਸਦਾਰੰਗ ਤੋਂ ਇਲਾਵਾ ਵੱਡੀ ਗਿਣਤੀ ਵਿਚ ਸੰਗਤਾਂ ਹਾਜ਼ਰ ਸਨ।

ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ ’ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243